@Qpatrika | @qaumipatrika punjabi | instagram.com/qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Punjabi National Daily

Qaumi Patrika NO.1

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Saturday, 3 October 2026

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਸ਼ਨੀਵਾਰ 3 ਅਕਤੂਬਰ 2026, 19 ਅੱਸੂ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 330, qpatrika@gmail.com ਫੋਨ : 9971359517 www.qaumipatrika.org


## 'ਸਰਜੀਕਲ ਸਟਰਾਈਕ' ਅੱਤਵਾਦ ਖ਼?ਲਾਫ਼ ਭਾਰਤ ਦੀ ਨਵੀਂ ਨੀਤੀ ਦਾ ਉਦਾਹਰਣ ਸੀ : ਪ੍ਰਧਾਨ ਮੰਤਰੀ ਮੋਦੀ

ਕੌਮੀ ਪਤ੍ਰਿਕਾ
ਸਿੰਮੀ ਕੌਰ ਬੱਬਰ

ਨਵੀਂ ਦਿੱਲੀ 2 ਅਕਤੂਬਰ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ 2016 'ਚ ਕੀਤੀ ਗਈ 'ਸਰਜੀਕਲ ਸਟਰਾਈਕ' ਅੱਤਵਾਦੀ ਹਮਲਿਆਂ ਦਾ ਦਰਦ ਝੱਲ ਰਹੇ ਭਾਰਤ ਦਾ ਫੈਸਲਾਕੁੰਨ ਜਵਾਬ ਸੀ ਅਤੇ ਇਸ ਨੇ ਅੱਤਵਾਦ ਨਾਲ ਨਜਿੱਠਣ ਦੀ ਦੇਸ਼ ਦੀ ਨੀਤੀ ਦੀ ਦੁਨੀਆ ਨੂੰ ਇਕ ਦਲੇਰਾਨਾ ਉਦਾਹਰਣ ਪੇਸ਼ ਕੀਤੀ। ਪੀਐੱਮ ਮੋਦੀ ਨੇ ਆਪਣੇ ਮਾਸਿਕ ਰੇਡੀਓ ਪ੍ਰੋਗਰਾਮ 'ਮਨ ਕੀ ਬਾਤ' 'ਚ ਕਿਹਾ ਕਿ ਭਾਰਤ ਅੱਤਵਾਦ ਪ੍ਰਤੀ ਜ਼ੀਰੋ ਟਾਲਰੈਂਸ ਦੀ ਨੀਤੀ ਦੀ ਪਾਲਣਾ ਕਰਦਾ ਹੈ ਅਤੇ ਦੇਸ਼ ਨੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਅੱਤਵਾਦ ਨੂੰ ਸਖ਼ਤ ਅਤੇ ਫੈਸਲਾਕੁੰਨ ਜਵਾਬ ਦਿੱਤਾ ਜਾਵੇਗਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤੀ ਫੌਜ ਨੇ ਜੰਮੂ ਕਸ਼ਮੀਰ ਦੇ ਉੜੀ 'ਚ ਫ਼ੌਜ ਦੇ ਇਕ ਕੰਪ 'ਤੇ ਅੱਤਵਾਦੀ ਹਮਲੇ ਤੋਂ ਬਾਅਦ 28-



2 ਅਕਤੂਬਰ 2016 ਨੂੰ ਕੰਟਰੋਲ ਰੇਖਾ (*3) ਦੇ ਪਾਰ ਅੱਤਵਾਦੀ ਟਿਕਾਣਿਆਂ 'ਤੇ ਸਰਜੀਕਲ ਸਟ?ਰਾਈਕ ਕੀਤੀ ਸੀ। ਉਨ੍ਹਾਂ ਕਿਹਾ ਕਿ ਭਾਰਤ ਦੇ ਬਹਾਦਰ ਸੈਨਿਕਾਂ ਨੇ ਜਿਸ ਤਰ੍ਹਾਂ ਕੰਟਰੋਲ ਰੇਖਾ ਪਾਰ ਕਰ ਕੇ ਅੱਤਵਾਦ ਵਿਰੁੱਧ ਕਾਰਵਾਈ ਕੀਤੀ, ਉਸ ਨਾਲ ਪੂਰੀ ਦੁਨੀਆ ਹੈਰਾਨ ਰਹਿ ਗਈ ਸੀ। ਪੀਐੱਮ ਮੋਦੀ ਨੇ ਕਿਹਾ,ਭਾਰਤ ਨੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਅੱਤਵਾਦ ਦਾ ਸਖ਼ਤ ਅਤੇ ਫੈਸਲਾਕੁੰਨ ਜਵਾਬ ਦਿੱਤਾ ਜਾਵੇਗਾ। ਸਰਜੀਕਲ ਸਟ?ਰਾਈਕ ਨੇ ਦੁਨੀਆ ਦੇ ਸਾਹਮਣੇ ਅੱਤਵਾਦ ਨਾਲ ਲੜਨ ਦੀ ਭਾਰਤ ਦੀ ਨੀਤੀ ਦੀ ਇਕ ਨਵੀਂ ਦਲੇਰਾਨਾ ਉਦਾਹਰਣ ਪੇਸ਼ ਕੀਤੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਲੰਬੇ ਸਮੇਂ ਤੋਂ ਅੱਤਵਾਦੀ ਹਮਲਿਆਂ ਦਾ ਦਰਦ ਝੱਲ ਰਿਹਾ ਹੈ ਅਤੇ ਸਰਜੀਕਲ ਸਟ?ਰਾਈਕ ਇਕ ਫੈਸਲਾਕੁੰਨ ਜਵਾਬ ਸੀ। ਉਨ੍ਹਾਂ ਕਿਹਾ, ਭਾਰਤ ਅੱਤਵਾਦ ਪ੍ਰਤੀ ਜ਼ੀਰੋ ਟਾਲਰੈਂਸ ਦੀ ਨੀਤੀ 'ਤੇ ਚੱਲ ਰਿਹਾ ਹੈ। ਪੀਐੱਮ ਮੋਦੀ ਨੇ ਜਨਗਣਨਾ ਪ੍ਰਕਿਰਿਆ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਜਨਗਣਨਾ ਇਕ ਰਾਸ਼ਟਰੀ ਜ਼ਿੰਮੇਵਾਰੀ ਹੈ ਅਤੇ ਇਸ 'ਚ ਹਰ ਨਾਗਰਿਕ ਦੀ ਭੂਮਿਕਾ ਹੈ। ਉਨ੍ਹਾਂ ਨੇ ਲੋਕਾਂ ਨੂੰ ਜਨਗਣਨਾ ਦੌਰਾਨ ਆਨਲਾਈਨ ਜਨਗਣਨਾ ਸਹੂਲਤ ਦਾ ਲਾਭ ਉਠਾਉਣ ਦੀ ਵੀ ਅਪੀਲ ਕੀਤੀ। ਪ੍ਰਧਾਨ ਮੰਤਰੀ ਨੇ ਨਸ਼ਿਆਂ ਵਿਰੁੱਧ ਲੜਾਈ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਦੇਸ਼ ਦੇ ਨੌਜਵਾਨ ਨਸ਼ੇ ਖ਼?ਲਾਫ਼ ਇਕਜੁਟ ਹੋ ਰਹੇ ਹਨ। ਉਨ੍ਹਾਂ ਕਿਹਾ, 'ਨਸ਼ਾ ਮੁਕਤ ਯੁਵਾ ਮੁਹਿੰਮ' ਰਾਹੀਂ, ਨੌਜਵਾਨ ਰਚਨਾਤਮਕ ਮੁਹਿੰਮਾਂ ਅਤੇ ਗਤੀਵਿਧੀਆਂ ਰਾਹੀਂ ਜਾਗਰੂਕਤਾ ਫੈਲਾ ਰਹੇ ਹਨ। ਪੀਐੱਮ ਮੋਦੀ ਨੇ ਕਿਹਾ ਕਿ 'ਨਸ਼ਾ ਮੁਕਤ ਯੁਵਾ ਮੁਹਿੰਮ' ਦੌਰਾਨ ਦੇਸ਼ ਭਰ ਦੇ ਲੱਖਾਂ ਨੌਜਵਾਨਾਂ ਨੇ ਨਸ਼ਿਆਂ ਦੀ ਦੁਰਵਰਤੋਂ ਅਤੇ ਨਸ਼ੀਲੇ ਪਦਾਰਥਾਂ ਵਿਰੁੱਧ ਇਕ ਮਹੱਤਵਪੂਰਨ ਸੰਕਲਪ ਲਿਆ ਹੈ। ਉਨ੍ਹਾਂ ਕਿਹਾ,ਨੌਜਵਾਨਾਂ ਨੇ ਖੁਦ ਨੂੰ ਨਸ਼ਿਆਂ ਤੋਂ ਦੂਰ ਰੱਖਣ ਦਾ ਸੰਕਲਪ ਲਿਆ ਹੈ ਅਤੇ ਇਸ ਸੰਦੇਸ਼ ਨੂੰ ਦੂਜਿਆਂ ਤੱਕ ਪਹੁੰਚਾਉਣ ਦੀ ਜ਼ਿੰਮੇਵਾਰੀ ਵੀ ਲਈ ਹੈ।

## ਕਾਕਰੋਚ ਜਨਤਾ ਪਾਰਟੀ ਚੋਣਾਂ ਦਾ ਬਾਈਕਾਟ ਚਾਹੁੰਦੀ ਹੈ; ਵਿਰੋਧੀ ਧਿਰ ਮੁਸ਼ਕਲ 'ਚ

ਕੌਮੀ ਪਤ੍ਰਿਕਾ

ਨਵੀਂ ਦਿੱਲੀ, 2 ਅਕਤੂਬਰ। ਸਾਰੀਆਂ ਨਜ਼ਰਾਂ ਹੁਣ 'ਕਾਕਰੋਚ ਜਨਤਾ ਪਾਰਟੀ' (ਸੀ. ਜੇ. ਪੀ.) 'ਤੇ ਹਨ। ਪਾਰਟੀ ਨੇ ਐਲਾਨ ਕੀਤਾ ਹੈ ਕਿ ਜੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਤੁਰੰਤ ਅਸਤੀਫਾ ਨਹੀਂ ਦਿੰਦੇ ਤਾਂ ਉਹ 2 ਅਕਤੂਬਰ ਨੂੰ ਮੁੰਬਈ ਤੋਂ ਦੇਸ਼ ਪੱਧਰੀ ਵਿਰੋਧ ਪ੍ਰਦਰਸ਼ਨ ਸ਼ੁਰੂ ਕਰੇਗੀ। ਇਹ ਹਾਲਾਤ ਉਦੋਂ ਬਣੇ ਹਨ ਜਦੋਂ ਪਾਰਟੀ ਨੇ ਚੋਣ ਪ੍ਰਕਿਰਿਆ ਨੂੰ ਲੈ ਕੇ ਆਪਣੇ ਦੋਸ਼ਾਂ ਕਾਰਨ 'ਜੰਤਰ ਮੰਤਰ 2.0' ਵਰਗਾ ਵਿਰੋਧ ਪ੍ਰਦਰਸ਼ਨ ਸ਼ੁਰੂ ਕਰਨ ਦੀ ਧਮਕੀ ਦਿੱਤੀ ਹੈ। ਸਭ ਤੋਂ ਦਿਲਚਸਪ ਸਿਆਸੀ ਸਵਾਲ ਇਹ ਹੈ ਕਿ ਅਭਿਜੀਤ ਦੀਪਕੇ ਵੱਲੋਂ ਵਿਰੋਧੀ ਪਾਰਟੀਆਂ ਸਾਹਮਣੇ ਇਕ ਬਦਲ ਰੱਖਿਆ ਗਿਆ ਹੈ ਕਿ ਜੇ ਉਹ ਸੱਚਮੁੱਚ ਮੰਨਦੀਆਂ ਹਨ ਕਿ ਚੋਣਾਂ 'ਚ ਧਾਂਦਲੀ ਹੋ ਰਹੀ ਹੈ ਤਾਂ ਉਹ ਉਸ 'ਚ ਹਿੱਸਾ ਕਿਉਂ ਲੈ ਰਹੀਆਂ ਹਨ? ਉਨ੍ਹਾਂ ਦੀ ਦਲੀਲ ਹੈ ਕਿ ਜਿਸ ਪ੍ਰਣਾਲੀ ਨੂੰ ਉਹ ਨੁਕਸ ਵਾਲੀ ਮੰਨਦੀਆਂ ਹਨ, ਉਸ ਅਧੀਨ ਹੀ ਚੋਣਾਂ ਲੜਨ ਨਾਲ ਕੀ ਉਹ ਚੋਣ ਪ੍ਰਕਿਰਿਆ ਜਾਇਜ਼ ਹੋ ਸਕਦੀ ਹੈ ਜਿਸ 'ਤੇ ਪਾਰਟੀਆਂ ਖੁਦ ਸਵਾਲ ਉਠਾ ਰਹੀਆਂ ਹਨ? ਇਸ ਕਾਰਨ ਮੁੱਖ ਧਾਰਾ ਵਾਲੀਆਂ ਵਿਰੋਧੀ ਪਾਰਟੀਆਂ ਇਕ ਮੁਸ਼ਕਲ ਸਥਿਤੀ 'ਚ ਆ ਗਈਆਂ ਹਨ। ਕਾਂਗਰਸ ਤੇ ਖੱਬੇਪੱਖੀ ਪਾਰਟੀਆਂ ਪਹਿਲਾਂ ਹੀ ਚੋਣ ਕਮਿਸ਼ਨ ਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ ਸੜਕਾਂ 'ਤੇ ਹਨ, ਜਦੋਂ ਕਿ ਨਾਲ ਹੀ ਚੋਣ ਪ੍ਰਕਿਰਿਆ 'ਚ ਵੀ ਹਿੱਸਾ ਲੈ ਰਹੀਆਂ ਹਨ। ਇਕ ਦਿਨ ਪਹਿਲਾਂ ਦਿੱਲੀ 'ਚ ਇਕ ਪ੍ਰਦਰਸ਼ਨ ਦੌਰਾਨ ਖੱਬੇਪੱਖੀ ਪਾਰਟੀਆਂ ਦੇ ਪ੍ਰਦਰਸ਼ਨਕਾਰੀਆਂ ਨੂੰ ਵੀ ਹਿਰਾਸਤ ਵਿਚ ਲਿਆ ਗਿਆ ਸੀ। ਇਸ ਲਈ ਸੀ. ਜੇ. ਪੀ. ਦੀ ਮੁਹਿੰਮ ਇਕ ਵੱਖਰੀ ਚੁਣੌਤੀ ਪੇਸ਼ ਕਰਦੀ ਹੈ। ਇਹ ਨੌਜਵਾਨਾਂ ਦੀ ਅਗਵਾਈ ਵਾਲੇ ਵਿਰੋਧ ਪ੍ਰਦਰਸ਼ਨ ਨੂੰ ਉਦੋਂ ਇਕ ਵੱਡੀ ਸਿਆਸੀ ਸ਼ਕਤੀ 'ਚ ਬਦਲਣ ਦੀ ਕੋਸ਼ਿਸ਼ ਕਰ ਰਹੀ ਹੈ ਜਦੋਂ ਨਾਲ ਹੀ ਸਥਾਪਿਤ ਸਿਆਸੀ ਪ੍ਰਣਾਲੀ ਦੀ ਬਾਹਰ ਤੋਂ ਵਿਰੋਧੀ ਧਿਰ ਦੀ ਰਣਨੀਤੀ 'ਤੇ ਸਵਾਲ ਵੀ ਉਠਾ ਰਹੀ ਹੈ। ਇਹ ਵੇਖਣਾ ਬਾਕੀ ਹੈ ਕਿ ਕਾਂਗਰਸ ਤੇ ਹੋਰ ਵਿਰੋਧੀ ਪਾਰਟੀਆਂ ਇਸ ਮੁੱਦੇ 'ਤੇ ਸੀ. ਜੇ. ਪੀ. ਨਾਲ




ਕਿਵੇਂ ਜੁੜਨਗੀਆਂ। ਸੀ. ਜੇ. ਪੀ. ਭਾਵੇਂ ਇਕ ਵਿਲੱਖਣ ਸਿਆਸੀ ਤਜਰਬਾ ਹੋਵੇ ਪਰ ਇਕ ਜਿਸ ਚੀਜ਼ ਨੂੰ ਨਜ਼ਰਅੰਦਾਜ਼ ਕਰਨਾ ਔਖਾ ਹੁੰਦਾ ਜਾ ਰਿਹਾ ਹੈ, ਉਹ ਇਹ ਕਿ 'ਕਾਕਰੋਚ' ਉਨ੍ਹਾਂ ਥਾਵਾਂ 'ਤੇ ਵੀ ਪਹੁੰਚ ਰਿਹਾ ਹੈ ਜਿੱਥੇ ਪਹੁੰਚਣ ਦੀ ਕਿਸੇ ਨੂੰ ਉਮੀਦ ਨਹੀਂ ਸੀ। ਆਉਣ ਵਾਲੇ ਹਫ਼ਤੇ ਇਹ ਦੱਸਣਗੇ ਕਿ ਕੀ ਸੀ. ਜੇ. ਪੀ. ਆਪਣੇ ਮੁੰਬਈ ਦੇ ਵਿਰੋਧ ਪ੍ਰਦਰਸ਼ਨਾਂ ਨੂੰ ਆਪਣੇ ਮੌਜੂਦਾ ਆਧਾਰ ਤੋਂ ਅੱਗੇ ਵਧਾ ਸਕਦੀ ਹੈ ਤੇ ਆਪਣੀ ਮੁਹਿੰਮ ਨੂੰ ਲੰਬੇ ਸਮੇਂ ਤੱਕ ਚੱਲਣ ਵਾਲੇ ਦੇਸ਼ ਪੱਧਰੀ ਅੰਦੋਲਨ 'ਚ ਬਦਲ ਸਕਦੀ ਹੈ ਜਾਂ ਨਹੀਂ?

## 'ਪੋਕਸੋ' ਮਾਮਲਿਆਂ 'ਚ ਪੀੜਤ ਜਾਂ ਪਰਿਵਾਰ ਸਮਝੌਤਾ ਨਹੀਂ ਕਰ ਸਕਦੇ : ਦਿੱਲੀ ਹਾਈ ਕੋਰਟ

ਨਵੀਂ ਦਿੱਲੀ 2 ਅਕਤੂਬਰ। ਦਿੱਲੀ ਹਾਈ ਕੋਰਟ ਨੇ ਇਕ ਅਹਿਮ ਫ਼ੈਸਲੇ 'ਚ ਕਿਹਾ ਹੈ ਕਿ ਬੱਚਿਆਂ ਦੇ ਖ਼ਲਾਫ਼ ਜਿਨਸੀ ਸ਼ੋਸ਼ਣ ਨਾਲ ਜੁੜੇ ਮਾਮਲਿਆਂ ਨੂੰ ਪੀੜਤ ਜਾਂ ਉਸ ਦੇ ਪਰਿਵਾਰ ਵੱਲੋਂ ਆਪਸੀ ਸਮਝੌਤੇ ਰਾਹੀਂ




ਨਹੀਂ ਨਿਪਟਾਇਆ ਜਾ ਸਕਦਾ, ਕਿਉਂਕਿ ਅਜਿਹੇ ਮਾਮਲਿਆਂ 'ਚ ਗੰਭੀਰ ਅਪਰਾਧ ਸ਼ਾਮਲ ਹੁੰਦੇ ਹਨ, ਜਿਨ੍ਹਾਂ ਦਾ ਸਮਾਜ 'ਤੇ ਬੁਰਾ ਅਸਰ ਪੈਂਦਾ ਹੈ। ਜਸਟਿਸ ਸਚਿਨ ਦੱਤਾ ਨੇ ਜਿਨਸੀ ਸ਼ੋਸ਼ਣ ਤੋਂ ਬੱਚਿਆਂ ਦਾ ਸੁਰੱਖਿਆ (ਪੋਕਸੋ) ਐਕਟ ਦੇ ਤਹਿਤ ਮੁਕੱਦਮੇ ਦਾ ਸਾਹਮਣਾ ਕਰ ਰਹੇ ਇਕ ਮੁਲਜ਼ਮ ਦੀ ਪਟੀਸ਼ਨ 'ਤੇ ਸੁਣਵਾਈ ਕਰਦਿਆਂ ਇਹ ਫ਼ੈਸਲਾ ਦਿੱਤਾ। ਮੁਲਜ਼ਮ ਨੇ ਨਾਬਾਲਗ ਪੀੜਤਾ ਦੇ ਪਰਿਵਾਰ ਦੀ ਵਿਚੋਲਗੀ ਨਾਲ ਹੋਏ ਸਮਝੌਤੇ ਤੋਂ ਬਾਅਦ ਮਾਮਲੇ ਨੂੰ ਖਾਰਿਜ ਕਰਨ ਦੀ ਅਪੀਲ ਕੀਤੀ ਸੀ। ਅਦਾਲਤ ਨੂੰ ਦੱਸਿਆ ਗਿਆ ਕਿ ਮੁਕੱਦਮਾ ਅਜੇ ਇਸਤਗਾਸਾ ਪੱਖ ਦੇ ਸਬੂਤ ਦਰਜ ਕੀਤੇ ਜਾਣ ਦੇ ਪੜਾਅ 'ਚ ਹੈ। ਜਸਟਿਸ ਦੱਤਾ ਨੇ ਮੁਲਜ਼ਮ ਦੀ ਅਪੀਲ ਖਾਰਿਜ ਕਰਦਿਆਂ ਕਿਹਾ ਕਿ ਸਮਝੌਤੇ ਦੇ ਆਧਾਰ 'ਤੇ ਇਸ ਪੜਾਅ 'ਚ ਕਾਰਵਾਈ ਨੂੰ ਖਾਰਿਜ ਕਰਨਾ ਕਾਨੂੰਨ ਦੇ ਮਕਸਦ ਅਤੇ ਨਿਆਂ ਦੇ ਮੰਤਵਾਂ, ਦੋਹਾਂ ਨੂੰ ਹੀ ਅਸਫ਼ਲ ਕਰ ਦੇਵੇਗਾ।

## ਅਮਿਤ ਸ਼ਾਹ ਨੇ ਦੇਸ਼ ਦੀ ਪਹਿਲੀ ਐੱਲਐੱਨਜੀ ਟਰੇਨ ਨੂੰ ਦਿਖਾਈ ਹਰੀ ਝੰਡੀ

ਕੌਮੀ ਪਤ੍ਰਿਕਾ
ਨਵਦੀਪ ਸਿੰਘ ਸਾਹਨੀ

ਅਹਿਮਦਾਬਾਦ 2 ਅਕਤੂਬਰ। ਕੇਂਦਰੀ ਮੰਤਰੀ ਅਮਿਤ ਸ਼ਾਹ ਨੇ ਦਾਅਵਾ ਕੀਤਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਰੇਲਵੇ 'ਚ ਵੱਡੇ ਬਦਲਾਅ ਕੀਤੇ ਹਨ। ਉਨ੍ਹਾਂ ਨੇ ਜਨਤਾ ਨੂੰ ਬੇਤੁਕੀ ਗੱਲਾਂ ਕਰਨ ਵਾਲੀ ਕਾਂਗਰਸ ਨੂੰ ਤੱਥਾਂ ਅਤੇ ਅੰਕੜਿਆਂ ਦੇ ਆਧਾਰ 'ਤੇ ਬਹਿਸ ਲਈ ਚੁਣੌਤੀ ਦੇਣ ਦੀ ਅਪੀਲ ਕੀਤੀ। ਗੁਜਰਾਤ ਦੇ ਸਾਬਰਮਤੀ ਸਟੇਸ਼ਨ ਤੋਂ ਦੇਸ਼ ਦੀ ਪਹਿਲੀ ਐੱਲਐੱਨਜੀ ਟਰੇਨ ਨੂੰ ਹਰੀ ਝੰਡੀ ਦਿਖਾਉਣ ਤੋਂ ਬਾਅਦ ਇਕ ਸਭਾ ਨੂੰ ਸੰਬੋਧਨ ਕਰਦੇ ਹੋਏ, ਸ਼ਾਹ ਨੇ ਦੋਸ਼ ਲਗਾਇਆ ਕਿ ਕਾਂਗਰਸ ਦੇ ਕਾਰਜਕਾਲ ਦੌਰਾਨ ਘਪਲਿਆਂ ਤੋਂ ਇਲਾਵਾ ਕੁਝ ਨਹੀਂ ਹੋਇਆ, ਜਦੋਂ ਕਿ 12 ਸਾਲਾਂ 'ਚ ਕੋਈ ਵੀ ਪ੍ਰਧਾਨ ਮੰਤਰੀ ਮੋਦੀ 'ਤੇ ਥੋੜ੍ਹਾ ਜਿਹਾ ਵੀ ਭ੍ਰਿਸ਼ਟਾਚਾਰ ਦਾ ਦੋਸ਼ ਨਹੀਂ ਲਗਾ ਸਕਿਆ ਹੈ। ਸ਼ਾਹ ਨੇ ਕਿਹਾ,2014 ਤੋਂ ਪਹਿਲਾਂ ਇਸ ਦੇਸ਼ 'ਤੇ ਇਕ ਪਰਿਵਾਰ ਦਾ ਰਾਜ ਸੀ। ਮੈਂ



ਸਿਰਫ ਰੇਲਵੇ ਬਾਰੇ ਗੱਲ ਕਰਨਾ ਚਾਹੁੰਦਾ ਹਾਂ। ਮਾਲ ਢੋਆ-ਢੁਆਈ ਕੋਰੀਡੋਰ, ਤੇਜ਼ ਰੇਲ ਅਤੇ ਪ੍ਰੀਮੀਅਮ ਸਟੇਸ਼ਨ ਵਰਗੇ ਸਾਰੇ ਪ੍ਰਾਜੈਕਟ ਮੋਦੀ ਜੀ ਦੁਆਰਾ ਸ਼ੁਰੂ ਕੀਤੇ ਗਏ ਹਨ। ਹਾਈਡ?ਰੋਜਨ ਨਾਲ ਚੱਲਣ ਵਾਲੀ ਟਰੇਨ ਦਾ ਉਦਘਾਟਨ ਕਰਕੇ ਉਨ੍ਹਾਂ ਨੇ ਭਾਰਤ ਨੂੰ ਦੁਨੀਆ ਦੇ ਉਨ੍ਹਾਂ ਚੋਣਵੇਂ ਚਾਰ ਦੇਸ਼ਾਂ 'ਚ ਸ਼ਾਮਲ ਕਰ ਦਿੱਤਾ ਹੈ ਜਿੱਥੇ ਅਜਿਹੀਆਂ ਟਰੇਨਾਂ ਚੱਲਦੀਆਂ ਹਨ। ਕੇਂਦਰੀ ਗ੍ਰਹਿ ਮੰਤਰੀ ਨੇ ਕਿਹਾ,ਕਾਂਗਰਸ ਬੇਤੁਕੀ ਗੱਲਾਂ ਕਰਦੀ ਹੈ। ਦੇਸ਼ ਦੇ ਲੋਕਾਂ ਨੂੰ ਉਨ੍ਹਾਂ ਨੂੰ ਅੰਕੜਿਆਂ ਨਾਲ ਚਰਚਾ ਕਰਨ ਲਈ ਕਹਿਣਾ ਚਾਹੀਦਾ ਹੈ। ਤੁਸੀਂ (ਕਾਂਗਰਸ) ਨੇ 12 ਲੱਖ ਕਰੋੜ ਰੁਪਏ ਦੇ ਧੋਖਾਧੜੀ, ਘਪਲਿਆਂ ਅਤੇ ਭ੍ਰਿਸ਼ਟਾਚਾਰ ਤੋਂ ਇਲਾਵਾ ਕੁਝ ਨਹੀਂ ਕੀਤਾ ਹੈ। ਪਰ 12 ਸਾਲਾਂ 'ਚ, ਕੋਈ ਵੀ ਮੋਦੀ 'ਤੇ ਥੋੜ੍ਹਾ ਜਿਹਾ ਵੀ ਭ੍ਰਿਸ਼ਟਾਚਾਰ ਦਾ ਦੋਸ਼ ਨਹੀਂ ਲਗਾ ਸਕਿਆ। ਸਮਾਗਮ ਦੌਰਾਨ, ਸ਼ਾਹ ਨੇ ਸਾਬਰਮਤੀ ਸਟੇਸ਼ਨ ਤੋਂ ਇਕ ਇਲੈਕਟ੍ਰਿਕ ਲੋਕੋਮੋਟਿਵ ਨੂੰ ਵੀ ਹਰੀ ਝੰਡੀ ਦਿਖਾਈ। ਇਸ ਤੋਂ ਇਲਾਵਾ, ਉਨ੍ਹਾਂ ਨੇ 1,500 ਕਰੋੜ ਰੁਪਏ ਤੋਂ ਵੱਧ ਦੇ ਵੱਡੇ ਰੇਲਵੇ ਪ੍ਰਾਜੈਕਟਾਂ ਨੂੰ ਰਾਸ਼ਟਰ ਨੂੰ ਸਮਰਪਿਤ ਕੀਤਾ

## ਗੁਹਾਟੀ 'ਚ 22 ਸਾਲਾ ਵਿਦਿਆਰਥਣ ਦੀ ਸ਼ੱਕੀ ਮੌਤ; ਪ੍ਰੇਮੀ ਆਸਿਫ਼ ਅਲੀ ਗ੍ਰਿਫ਼ਤਾਰ

ਗੁਹਾਟੀ 2 ਅਕਤੂਬਰ। ਗੁਹਾਟੀ ਯੂਨੀਵਰਸਿਟੀ ਦੀ 22 ਸਾਲਾ ਸਮਾਜ ਸ਼ਾਸਤਰ ਦੀ ਵਿਦਿਆਥਣ ਨਿਮਿਸ਼ਾ ਠਾਕੁਰੀਆ ਦੀ ਸ਼ਹਿਰ ਦੇ ਬਾਹਰੀ ਇਲਾਕੇ ਗਰਾਲ ਸਥਿਤ ਇਕ ਹੋਮਸਟੇ ਵਿਚ ਸ਼ੱਕੀ ਹਾਲਾਤ ਵਿਚ ਮੌਤ ਹੋ ਗਈ। ਘਟਨਾ ਤੋਂ ਬਾਅਦ ਪੁਲਸ ਨੇ ਉਸ ਦੇ ਨਾਲ ਠਹਿਰੇ 26 ਸਾਲਾ ਪ੍ਰੇਮੀ ਆਸਿਫ਼ ਅਲੀ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਪੁਲਸ ਨੂੰ ਇਹ ਮਾਮਲਾ ਮੁਢਲੀ ਜਾਂਚ 'ਚ ਕਤਲ ਦਾ ਲੱਗ ਰਿਹਾ ਹੈ, ਹਾਲਾਂਕਿ ਮੁਲਜ਼ਮ ਦਾ ਦਾਅਵਾ ਹੈ ਕਿ ਵਿਦਿਆਰਥਣ ਨੇ ਖੁਦਕੁਸ਼ੀ ਕੀਤੀ ਹੈ। ਗੁਹਾਟੀ ਪੱਛਮੀ ਦੇ ਡਿਪਟੀ ਕਮਿਸ਼ਨਰ ਆਫ਼ ਪੁਲਸ ਬੋਲਿਨ ਦਿਓਰੀ ਦੇ ਅਨੁਸਾਰ, ਘਟਨਾ ਦੀ ਸੂਚਨਾ ਧਾਰਾਪੁਰ ਸਥਿਤ ਇਕ ਸਥਾਨਕ ਸਿਹਤ ਕੇਂਦਰ ਤੋਂ ਮਿਲੀ, ਜਿੱਥੇ ਵਿਦਿਆਰਥਣ ਨੂੰ ਬੇਹੋਸ਼ੀ ਦੀ ਹਾਲਤ ਵਿਚ ਲਿਆਂਦਾ ਗਿਆ ਸੀ। ਇਸ ਤੋਂ ਬਾਅਦ ਉਸਨੂੰ ਗੁਵਾਹਾਟੀ ਮੈਡੀਕਲ ਕਾਲਜ ਅਤੇ ਹਸਪਤਾਲ ਭੇਜਿਆ ਗਿਆ, ਜਿੱਥੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਐਲਾਨ ਦਿੱਤਾ।

## ਬਿਹਾਰ 'ਚ ਇਕ ਹੋਰ ਸ਼ਰਮਨਾਕ ਘਟਨਾ ! ਦਿਨ-ਦਿਹਾੜੇ ਕੁੜੀ ਨਾਲ ਹੋਈ ਬਦਸਲੂਕੀ, 4 ਗ੍ਰਿਫ਼ਤਾਰ

ਨੈਸ਼ਨਲ ਡੈਸਕ 2 ਅਕਤੂਬਰ। ਬਿਹਾਰ ਦੇ ਜਮੂਈ 'ਚ ਹੋਈ ਸ਼ਰਮਨਾਕ ਘਟਨਾ ਤੋਂ ਬਾਅਦ ਹੁਣ ਸਮਸਤੀਪੁਰ ਜ਼ਿਲ੍ਹੇ ਤੋਂ ਇਕ ਅਜਿਹੀ ਹੀ ਖ਼ਬਰ ਸਾਹਮਣੇ ਆਈ ਹੈ। ਇੱਥੇ ਇੱਕ ਨਾਬਾਲਗ ਕੁੜੀ ਨਾਲ ਦਿਨ-ਦਿਹਾੜੇ ਗੰਦੀ ਹਰਕਤ ਕੀਤੀ ਗਈ ਹੈ, ਜਿਸ ਦੀ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ। ਵੀਡੀਓ ਦੇ ਵਾਇਰਲ ਹੋਣ ਤੋਂ ਬਾਅਦ ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ 6 ਘੰਟਿਆਂ ਦੇ ਅੰਦਰ-ਅੰਦਰ 4 ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਸਮਸਤੀਪੁਰ ਦੇ ਐੱਸ.ਪੀ. ਅਰਵਿੰਦ ਪ੍ਰਤਾਪ ਸਿੰਘ ਨੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਸੋਸ਼ਲ ਮੀਡੀਆ ਰਾਹੀਂ ਬੁੱਧਵਾਰ ਰਾਤ ਲਗਭਗ 10:30 ਵਜੇ ਇਹ ਵੀਡੀਓ ਪੁਲਸ ਦੇ ਧਿਆਨ 'ਚ ਆਈ ਸੀ। ਵੀਡੀਓ ਦੀ ਜਾਂਚ ਤੋਂ ਬਾਅਦ ਘਟਨਾ ਦੀ ਜਗ?ਹਾ ਕਰਪੂਰੀ ਗ੍ਰਾਮ ਥਾਣੇ ਹੇਠ ਆਉਂਦੇ ਜਗਤ ਸਿੰਘਪੁਰ ਪਿੰਡ ਨੇੜੇ ਬੰਨ੍ਹ ਵਾਲੀ ਸੜਕ ਦੀ ਪਛਾਣ ਕੀਤੀ ਗਈ। ਸ਼ੁਰੂਆਤੀ ਜਾਂਚ ਅਨੁਸਾਰ ਇਹ ਘਟਨਾ ਲਗਭਗ ਇੱਕ ਹਫ਼ਤਾ ਪਹਿਲਾਂ ਵਾਪਰੀ ਸੀ ਅਤੇ ਬੁੱਧਵਾਰ ਰਾਤ 9 ਵਜੇ ਤੋਂ ਬਾਅਦ ਵੀਡੀਓ ਵਾਇਰਲ ਹੋਣੀ ਸ਼ੁਰੂ ਹੋਈ ਸੀ। ਇਸ ਮਾਮਲੇ 'ਚ ਪੁਲਸ ਨੇ ਮੁਸਤੈਦੀ ਦਿਖਾਉਂਦੇ ਹੋਏ ਛਾਪੇਮਾਰੀ ਕਰ ਕੇ ਚਾਰੇ ਮੁਲਜ਼ਮਾਂ ਨੂੰ ਹਿਰਾਸਤ 'ਚ ਲਿਆ ਹੈ, ਜਿਨ੍ਹਾਂ ਦੀ ਪਛਾਣ ਵਿਕਾਸ ਕੁਮਾਰ, ਰਾਹੁਲ ਕੁਮਾਰ, ਰਾਮ ਬਾਬੂ ਸਾਹਨੀ ਤੇ ਅਵਧੇਸ਼ ਪਾਸਵਾਨ ਵਜੋਂ ਹੋਈ ਹੈ। ਕਰਪੂਰੀ ਗ੍ਰਾਮ ਥਾਣੇ 'ਚ ਪੁਲਸ ਅਧਿਕਾਰੀ ਦੇ ਬਿਆਨਾਂ ਦੇ ਆਧਾਰ 'ਤੇ ਭਾਰਤੀ ਨਿਆਂ ਸੰਹਿਤਾ, ਪੋਕਸੋ ਐਕਟ ਅਤੇ ਆਈ.ਟੀ. ਐਕਟ ਦੀਆਂ ਗੰਭੀਰ ਧਾਰਾਵਾਂ ਹੇਠ ਕੇਸ ਦਰਜ ਕਰ ਲਿਆ ਗਿਆ ਹੈ, ਜਦਕਿ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

## ਕਾਟੋ-ਕਲੇਸ਼ 'ਤੇ ਚਰਨਜੀਤ ਚੰਨੀ ਦਾ ਵੱਡਾ ਬਿਆਨ ! ਪੰਜਾਬ ਕਾਂਗਰਸ 'ਚ ਹੁਣ ਕੁਰਸੀ ਦੀ ਨਹੀਂ ਸਗੋਂ

ਕੌਮੀ ਪਤ੍ਰਿਕਾ

ਜਲੰਧਰ 2 ਅਕਤੂਬਰ। ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਅਤੇ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਵੱਲੋਂ ਪਾਰਟੀ ਦੀ ਅੰਦਰੂਨੀ ਸਥਿਤੀ ਨੂੰ ਲੈ ਕੇ ਇਕ ਵੱਡਾ ਬਿਆਨ ਸਾਹਮਣੇ ਆਇਆ ਹੈ। ਚੰਨੀ ਨੇ ਦਾਅਵਾ ਕੀਤਾ ਹੈ ਕਿ ਪੰਜਾਬ ਕਾਂਗਰਸ ਦੇ ਅੰਦਰ ਹੁਣ ਕੋਈ ਅੰਦਰੂਨੀ ਲੜਾਈ ਜਾਂ ਖਿੱਚੋਤਾਣ ਨਹੀਂ ਹੈ। ਨਿੱਜੀ ਚੈਨਲ ਨੂੰ ਬਿਆਨ ਦਿੰਦੇ ਉਨ੍ਹਾਂ ਦੱਸਿਆ ਕਿ ਪਾਰਟੀ ਦੇ ਨਵੇਂ ਇੰਚਾਰਜ ਸਚਿਨ ਪਾਇਲਟ ਦੀ ਨਿਯੁਕਤੀ ਤੋਂ ਬਾਅਦ ਆਗੂਆਂ ਵਿਚਾਲੇ ਚੱਲ ਰਹੇ ਸਾਰੇ ਵਿਅਕਤੀਗਤ ਮਤਭੇਦ ਖ਼ਤਮ ਹੋ ਚੁੱਕੇ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਹੁਣ ਪਾਰਟੀ 'ਚ ਮੁੱਖ ਮੰਤਰੀ, ਮੰਤਰੀ ਜਾਂ ਪ੍ਰਧਾਨ ਬਣਨ ਲਈ ਕੋਈ ਦੌੜ ਜਾਂ ਲੜਾਈ ਨਹੀਂ ਚੱਲ ਰਹੀ। ਚਰਨਜੀਤ ਸਿੰਘ ਚੰਨੀ ਨੇ ਅੱਗੇ ਕਿਹਾ ਕਿ ਇਹ ਲੜਾਈ ਹੁਣ ਅਹੁਦਿਆਂ ਜਾਂ ਕੁਰਸੀ ਦੀ ਨਹੀਂ ਹੈ, ਸਗੋਂ ਪੰਜਾਬ ਦੀ ਲੜਾਈ ਹੈ। ਉਨ੍ਹਾਂ ਅਨੁਸਾਰ ਕਾਂਗਰਸ ਦਾ ਮੁੱਖ ਏਜੰਡਾ ਸਿਰਫ਼ ਪੰਜਾਬੀਅਤ ਅਤੇ ਪੰਜਾਬ ਨੂੰ ਬਚਾਉਣਾ ਹੈ। ਇਥੇ



ਇਹ ਵੀ ਦੱਸ ਦੇਈਏ ਕਿ ਅੱਜ ਚੰਡੀਗੜ੍ਹ ਵਿਚ ਪੰਜਾਬ ਕਾਂਗਰਸ ਵੱਲੋਂ ਚੰਡੀਗੜ੍ਹ ਦੇ ਸੈਕਟਰ-17 'ਚ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਖ਼?ਲਾਫ਼ ਵੱਡਾ ਵਿਰੋਧ ਪ੍ਰਦਰਸ਼ਨ ਕੀਤਾ ਗਿਆ, ਜਿਸ ਦੀ ਅਗਵਾਈ ਰਾਜਾ ਵੜਿੰਗ ਵੱਲੋਂ ਕੀਤੀ ਗਈ ਸੀ। ਇਸ ਪ੍ਰਦਰਸ਼ਨ ਵਿਚ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਗੈਰ-ਹਾਜ਼ਰ ਰਹੇ। ਇਹ ਮਾਰਚ ਆਰ. ਬੀ. ਆਈ. ਦਫ਼ਤਰ ਤੋਂ ਸ਼ੁਰੂ ਹੋ ਕੇ ਕਮਿਸ਼ਨ ਦਫ਼ਤਰ ਤੱਕ ਪਹੁੰਚਿਆ। ਪ੍ਰਦਰਸ਼ਨ ਦੌਰਾਨ ਰਾਜਾ ਵੜਿੰਗ, ਸੁਖਜਿੰਦਰ ਸਿੰਘ ਰੰਧਾਵਾ, ਪਰਗਟ ਸਿੰਘ ਅਤੇ ਰਾਜ ਕੁਮਾਰ ਵੇਰਕਾ ਸਮੇਤ ਕਈ ਆਗੂ ਸ਼ਾਮਲ ਰਹੇ।

## 'ਸੰਤਾਂ ਦਾ ਅਪਮਾਨ ਕਰਨ ਵਾਲਿਆਂ ਨੂੰ ਭੇਜਾਂਗੇ ਜੇਲ', ਮੁੱਖ ਮੰਤਰੀ ਸ਼ੁਭੇਂਦੂ ਨੇ ਕਰ 'ਤਾ ਵੱਡਾ ਐਲਾਨ

ਕੌਮੀ ਪਤ੍ਰਿਕਾ

ਲਕਾਤਾ, 2 ਅਕਤੂਬਰ। ਪੱਛਮੀ ਬੰਗਾਲ ਦੇ ਮੁੱਖ ਮੰਤਰੀ ਸ਼ੁਭੇਂਦੂ ਅਧਿਕਾਰੀ ਨੇ ਕਿਹਾ ਕਿ ਸੂਬੇ 'ਚ ਹਾਲਾਤ ਹੁਣ ਬਦਲ ਗਏ ਹਨ ਅਤੇ ਉਨ੍ਹਾਂ ਦੀ ਸਰਕਾਰ 'ਗਊਮਾਤਾ' ਦੀ ਰੱਖਿਆ ਕਰੇਗੀ ਅਤੇ ਸਾਧੂ-ਸੰਤਾਂ ਦਾ ਅਪਮਾਨ ਕਰਨ ਵਾਲਿਆਂ ਨੂੰ ਜੇਲ ਭੇਜੇਗੀ। ਸ਼ੁਭੇਂਦੂ ਨੇ ਇੱਥੇ ਨੇਤਾਜੀ ਇੰਡੋਰ ਸਟੇਡੀਅਮ 'ਚ ਬਾਂਗੁਰ ਜਾਗਰਣ ਮੰਚ ਵੱਲੋਂ ਆਯੋਜਿਤ ਭਗਵਦ ਗੀਤਾ ਪਾਠ ਪ੍ਰੋਗਰਾਮ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਕਿਸੇ ਧਰਮ ਦਾ ਪਾਲਣ ਕਰਨ ਜਾਂ ਉਸ ਨੂੰ ਹੱਲਾਸ਼ੇਰੀ ਦੇਣ ਤੋਂ ਡਰਨ ਦੀ ਕੋਈ ਲੋੜ ਨਹੀਂ ਹੈ। ਉਨ੍ਹਾਂ ਕਿਹਾ, "ਬਿਨਾਂ ਕਿਸੇ ਝਿਜਕ ਦੇ ਭਗਵਦ ਗੀਤਾ ਦਾ ਪਾਠ ਕਰੋ ਅਤੇ ਇਸ ਨੂੰ ਵੰਡੋ, ਹਨੂਮਾਨ ਚਾਲੀਸਾ ਵੰਡੋ। ਹਰੇ ਕ੍ਰਿਸ਼ਨ ਮੰਤਰ ਦਾ ਜਾਪ ਕਰੋ, ਸ਼ੰਖ ਵਜਾਓ; ਡਰਨ ਦੀ ਕੋਈ ਲੋੜ ਨਹੀਂ ਹੈ। ਮੌਸਮ ਬਦਲ ਗਿਆ ਹੈ।" ਮੁੱਖ ਮੰਤਰੀ ਸ਼ੁਭੇਂਦੂ ਨੇ ਕਿਹਾ, "ਟਿੱਕਾ, ਸ਼ਿਖਾ, ਧੋਤੀ ਅਤੇ ਤੁਲਸੀ ਵਾਲੀ ਸਰਕਾਰ ਆ ਗਈ ਹੈ। 'ਗਊਮਾਤਾ' ਦੀ ਰੱਖਿਆ ਕਰਨ ਵਾਲੀ ਸਰਕਾਰ ਆ ਗਈ ਹੈ।" ਇਸ ਪ੍ਰੋਗਰਾਮ 'ਚ 11,000 ਲੋਕਾਂ ਨੇ ਇਕ ਠਿਆਂ ਭਗਵਦ ਗੀਤਾ ਦਾ ਪਾਠ ਕੀਤਾ। ਸ਼ੁਭੇਂਦੂ ਨੇ ਸਭਾ 'ਚ ਮੌਜੂਦ ਲੋਕਾਂ ਨੂੰ ਵੰਡ



ਪਾਉਣ ਵਾਲੀਆਂ ਤਾਕਤਾਂ ਖਿਲਾਫ ਚੌਕਸ ਰਹਿਣ ਦੀ ਵੀ ਅਪੀਲ ਕੀਤੀ। ਮੁੱਖ ਮੰਤਰੀ ਨੇ ਕਿਹਾ, "ਸਾਨੂੰ ਉਨ੍ਹਾਂ 'ਟੁਕੜੇ-ਟੁਕੜੇ ਗੈਂਗ' ਖਿਲਾਫ ਇਕਜੁੱਟ ਅਤੇ ਚੌਕਸ ਰਹਿਣਾ ਪਵੇਗਾ, ਜੋ 'ਕਸ਼ਮੀਰ ਮੰਗੇ ਆਜ਼ਾਦੀ' ਦੇ ਨਾਅਰੇ ਲਾਉਂਦੇ ਹਨ।"

## ਕਿਸਾਨ ਸਾਡੀ ਆਨ, ਬਾਨ, ਸ਼ਾਨ, ਮਾਨ ਅਤੇ ਸਨਮਾਨ ਹਨ, ਝੋਨੇ ਦੀ ਫ਼ਸਲ ਲਿਆਉਣ ਵਾਲੇ ਕਿਸਾਨਾਂ ਨੂੰ ਮੰਡੀ ਵਿੱਚ ਕੋਈ ਦਿੱਕਤ ਨਹੀਂ ਆਉਣ ਦਿਆਂਗੇ : ਊਰਜਾ ਮੰਤਰੀ ਅਨਿਲ ਵਿਜ

ਕੌਮੀ ਪਤ੍ਰਿਕਾ
ਤੇਜਿੰਦਰ ਕੌਰ ਬੱਬਰ

ਚੰਡੀਗੜ੍ਹ, 2 ਅਕਤੂਬਰ। ਹਰਿਆਣਾ ਦੇ ਊਰਜਾ, ਟ?ਰਾਂਸਪੋਰਟ ਅਤੇ ਕਿਰਤ ਮੰਤਰੀ ਸ਼੍ਰੀ ਅਨਿਲ ਵਿਜ ਨੇ ਕਿਹਾ ਕਿ ਕਿਸਾਨ ਸਾਡੀ ਆਨ, ਬਾਨ, ਸ਼ਾਨ, ਮਾਨ ਅਤੇ ਸਨਮਾਨ ਹਨ ਅਤੇ ਅਸੀਂ ਉਨ੍ਹਾਂ ਨੂੰ ਕੋਈ ਦਿੱਕਤ ਨਹੀਂ ਆਉਣ ਦਿਆਂਗੇ। ਮੰਡੀ ਵਿੱਚ ਝੋਨੇ ਦੀ ਫ਼ਸਲ ਲੈ ਕੇ ਆਏ ਕਿਸਾਨਾਂ ਨੂੰ ਕੋਈ ਮੁਸ਼ਕਿਲ ਨਾ ਆਵੇ, ਪ੍ਰਸ਼ਾਸਨ ਇਹ ਯਕੀਨੀ ਬਣਾਏ। ਉਨ੍ਹਾਂ ਨੇ ਅੰਬਾਲਾ ਛਾਉਣੀ ਦੀ ਮੰਡੀ ਵਿੱਚ ਪਈ ਝੋਨੇ ਦੀ ਨਮੀ ਦੀ ਜਾਂਚ ਕੀਤੀ ਅਤੇ 17 ਫ਼ੀਸਦੀ ਤੋਂ ਘੱਟ ਨਮੀ ਵਾਲੇ ਝੋਨੇ ਦੀ ਖ਼ਰੀਦ ਕਰਕੇ ਉਸ ਦੀ ਤੁਰੰਤ ਚੁਕਾਈ (ਉਠਾਨ) ਕਰਨ ਦੇ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਜਿੰਨਾ ਵੀ ਝੋਨਾ ਆਵੇਗਾ, ਅਸੀਂ ਤੁਰੰਤ ਕਾਰਵਾਈ ਕਰਕੇ ਚੁਕਾਈ ਕਰਵਾਵਾਂਗੇ ਤਾਂ ਜੋ ਮੰਡੀ ਵਿੱਚ ਜਗ?ਹਾ ਵੀ ਖਾਲੀ ਹੁੰਦੀ ਰਹੇ ਅਤੇ ਨਵੇਂ ਆਉਣ ਵਾਲੇ ਕਿਸਾਨਾਂ ਨੂੰ ਆਪਣਾ ਅਨਾਜ ਰੱਖਣ ਲਈ ਜਗ?ਹਾ ਮਿਲ ਸਕੇ। ਸ਼੍ਰੀ ਵਿਜ ਅੱਜ ਅੰਬਾਲਾ ਛਾਉਣੀ ਵਿੱਚ ਜੀ.ਟੀ. ਰੋਡ 'ਤੇ ਨਵੀਂ ਅਨਾਜ ਮੰਡੀ ਵਿੱਚ ਝੋਨੇ ਦੀ ਖ਼ਰੀਦ ਦੇ ਕੰਮ ਅਤੇ ਕਿਸਾਨਾਂ ਲਈ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲੈਣ ਤੋਂ ਬਾਅਦ ਆਯੋਜਿਤ ਪ੍ਰੋਗਰਾਮ ਵਿੱਚ ਕਿਸਾਨਾਂ, ਆੜ੍ਹਤੀਆਂ ਅਤੇ ਹਾਜ਼ਰ ਲੋਕਾਂ ਨੂੰ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਡੀ.ਸੀ. ਅੰਬਾਲਾ ਸਚਿਨ ਗੁਪਤਾ, ਐੱਸ.ਡੀ.ਐੱਮ. ਕਨਿਕਾ ਗੋਇਲ, ਮਾਰਕੀਟ ਕਮੇਟੀ ਚੇਅਰਮੈਨ ਬਲਵਿੰਦਰ ਸਿੰਘ, ਵਾਈਸ ਚੇਅਰਮੈਨ ਸੁਰੇਂਦਰ ਬਿੰਦਰਾ, ਨਗਰ ਪ੍ਰੀਸ਼ਦ ਪ੍ਰਧਾਨ ਸਵਰਨ ਕੌਰ ਅਤੇ ਹੋਰ ਵੀ ਮੌਜੂਦ ਸਨ। ਊਰਜਾ ਮੰਤਰੀ ਅਨਿਲ ਵਿਜ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਅੰਬਾਲਾ ਛਾਉਣੀ ਦੀ ਅਨਾਜ ਮੰਡੀ ਦਾ ਦੌਰਾ ਕੀਤਾ ਅਤੇ ਝੋਨੇ ਦੀ ਫ਼ਸਲ ਦੀ ਖ਼ਰੀਦ ਦੇ ਸਾਰੇ ਪੁਖ਼ਤਾ ਇੰਤਜ਼ਾਮਾਂ ਦੀ ਜਾਣਕਾਰੀ ਲਈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੰਤਰੀ ਅਨਿਲ ਵਿਜ ਨੇ ਕਿਹਾ ਕਿ ਝੋਨੇ ਦੀ ਫ਼ਸਲ ਦੀ ਖ਼ਰੀਦ ਬੀਤੇ ਦਿਨ ਹੀ ਸ਼ੁਰੂ ਹੋ ਚੁੱਕੀ ਹੈ। ਮੰਡੀ ਵਿੱਚ ਫ਼ਸਲ ਸੁਕਾਈ ਜਾ ਰਹੀ ਹੈ ਅਤੇ 17 ਫ਼ੀਸਦੀ ਤੋਂ ਘੱਟ ਨਮੀ ਵਾਲੀ ਫ਼ਸਲ ਨੂੰ ਅਸੀਂ ਖ਼ਰੀਦ ਰਹੇ ਹਾਂ, ਉਨ੍ਹਾਂ ਨੇ ਖ਼ੁਦ ਝੋਨੇ ਦੀਆਂ ਕੁਝ ਢੇਰੀਆਂ 'ਤੇ ਜਾ ਕੇ ਨਮੀ ਦੀ ਜਾਂਚ ਕੀਤੀ। ਊਰਜਾ ਮੰਤਰੀ ਅਨਿਲ ਵਿਜ ਨੇ ਕਿਹਾ ਕਿ ਅੰਬਾਲਾ ਛਾਉਣੀ ਦੀ ਅਨਾਜ ਮੰਡੀ ਉਨ੍ਹਾਂ ਨੇ ਨਵੀਂ ਬਣਾ ਕੇ ਦਿੱਤੀ ਹੈ, ਇਸ ਵਿੱਚ ਕਿਸਾਨਾਂ ਦੀ ਹਰ ਸਹੂਲਤ ਦਾ ਧਿਆਨ ਰੱਖਿਆ ਗਿਆ ਹੈ ਅਤੇ ਇਸੇ ਲਈ ਇੱਥੇ ਕਿਸਾਨਾਂ ਲਈ ਇੱਕ ਦਫ਼ਤਰ, ਉਨ੍ਹਾਂ ਦੇ ਸੌਣ ਲਈ ਇੱਕ ਵਧੀਆ ਰੈਸਟ ਹਾਊਸ, ਉਨ੍ਹਾਂ ਦੇ ਖਾਣ-ਪੀਣ ਲਈ ਕੈਂਟੀਨ ਵੀ ਖੋਲ੍ਹੀ ਗਈ ਹੈ। ਕੈਂਟੀਨ ਪਹਿਲਾਂ ਦੁਪਹਿਰ ਤੱਕ ਚੱਲਦੀ ਸੀ ਪਰ ਹੁਣ ਰਾਤ ਨੂੰ ਵੀ ਖਾਣਾ ਦੇਣ ਦੀ ਸਹੂਲਤ ਹੈ ਤਾਂ ਜੋ ਜੋ ਕਿਸਾਨ ਆਪਣੀ ਫ਼ਸਲ ਲੈ ਕੇ ਮੰਡੀ ਵਿੱਚ ਆਉਣ, ਉਨ੍ਹਾਂ ਨੂੰ ਰਾਤ ਦਾ ਖਾਣਾ ਵੀ ਮਿਲ ਸਕੇ। ਉਨ੍ਹਾਂ ਕਿਹਾ ਕਿ ਮੇਰੇ ਨਾਲ ਡੀ.ਸੀ. ਅੰਬਾਲਾ ਵੀ ਹਨ, ਜਿਨ੍ਹਾਂ ਨੂੰ ਕਿਹਾ ਗਿਆ ਹੈ ਕਿ ਮੰਡੀ ਵਿੱਚ ਆਉਣ ਵਾਲੀ ਫ਼ਸਲ ਦੀ ਤੁਰੰਤ ਚੁਕਾਈ ਹੋਵੇ ਤਾਂ ਜੋ ਅੱਗੇ ਆਉਣ ਵਾਲੀ ਫ਼ਸਲ ਨੂੰ ਰੱਖਣ ਲਈ ਜਗ?ਹਾ ਮਿਲ ਸਕੇ। ਉੱਥੇ ਹੀ, ਮੰਡੀ ਪਰਿਸਰ ਵਿੱਚ ਆਯੋਜਿਤ ਪ੍ਰੋਗਰਾਮ ਵਿੱਚ ਕਿਸਾਨਾਂ, ਆੜ੍ਹਤੀਆਂ ਅਤੇ ਹੋਰਨਾਂ ਨੂੰ ਸੰਬੋਧਨ ਕਰਦਿਆਂ ਊਰਜਾ ਮੰਤਰੀ ਅਨਿਲ ਵਿਜ ਨੇ ਕਿਹਾ ਕਿ ਮੇਰਾ ਜਨਮ ਇਸੇ ਸ਼ਹਿਰ ਵਿੱਚ ਹੋਇਆ ਹੈ। ਸ਼ਹਿਰ ਨੂੰ ਮੈਂ ਸਾਹ ਲੈਂਦਿਆਂ ਦੇਖਿਆ ਹੈ, ਇਹ ਸ਼ਹਿਰ 1835-36 ਵਿੱਚ ਅੰਗਰੇਜ਼ਾਂ ਨੇ ਵਸਾਇਆ ਸੀ ਅਤੇ ਇੱਥੇ ਸਾਰੇ ਤਰ੍ਹਾਂ ਦੇ ਕਾਰੋਬਾਰ ਲਈ ਜਗ?ਹਾ ਬਣਾਈ ਗਈ ਸੀ ਪਰ ਮੰਡੀ ਲਈ ਕੋਈ ਜਗ?ਹਾ ਨਹੀਂ ਸੀ। ਮਾਤਰ ਅੰਬਾਲਾ ਛਾਉਣੀ ਦਾ ਇੱਕ ਛੋਟਾ ਜਿਹਾ ਚੌਕ ਸੀ, ਜਿੱਥੇ ਨਾ ਤਾਂ ਟਰਾਲੀ ਜਾਂਦੀ



ਸੀ, ਨਾ ਫ਼ਸਲਾਂ ਨੂੰ ਸੁਕਾਉਣ ਲਈ ਕੋਈ ਜਗ?ਹਾ ਸੀ ਅਤੇ ਨਾ ਹੀ ਫ਼ਸਲਾਂ ਨੂੰ ਖ਼ਰੀਦਣ-ਵੇਚਣ ਲਈ ਕੋਈ ਢੁਕਵਾਂ ਤਰੀਕਾ ਸੀ। ਕੋਈ ਵੀ.ਆਈ.ਪੀ. ਅੰਬਾਲਾ ਆਉਂਦਾ ਸੀ ਤਾਂ ਲੋਕਾਂ ਦੀ ਸਭ ਤੋਂ ਪਹਿਲੀ ਮੰਗ ਅਨਾਜ ਮੰਡੀ ਬਣਾਉਣ ਦੀ ਹੁੰਦੀ ਸੀ। ਪਰ ਸਾਨੂੰ ਸਿਰਫ਼ ਭਰੋਸੇ ਹੀ ਮਿਲਦੇ ਰਹੇ। ਤਿੰਨ ਮੁੱਖ ਮੰਤਰੀਆਂ ਨੇ ਮੰਡੀ ਬਣਾਉਣ ਦੇ ਪੱਥਰ ਲਗਾਏ ਪਰ ਮੰਡੀ ਅੱਜ ਤੱਕ ਨਹੀਂ ਬਣੀ। ਅੰਬਾਲਾ ਛਾਉਣੀ ਨੂੰ ਸਿਰਫ਼ ਪੱਥਰ ਹੀ ਨਸੀਬ ਹੋਏ, ਕੰਮ ਨਸੀਬ ਨਹੀਂ ਹੋਇਆ। ਕੰਮ ਹੋਣੇ ਤਦ ਸ਼ੁਰੂ ਹੋਏ ਜਦੋਂ ਸਾਡੀ ਸਰਕਾਰ ਆਈ। ਉਨ੍ਹਾਂ ਕਿਹਾ ਕਿ 2014 ਵਿੱਚ ਜਦੋਂ ਸਾਡੀ ਸਰਕਾਰ ਆਈ ਤਾਂ ਸਭ ਤੋਂ ਪਹਿਲਾ ਕੰਮ ਜੋ ਮੈਂ ਕੀਤਾ, ਉਹ ਅੰਬਾਲਾ ਛਾਉਣੀ ਵਿੱਚ ਅਨਾਜ ਮੰਡੀ ਬਣਾ ਕੇ ਦਿੱਤੀ। ਉਨ੍ਹਾਂ ਦੱਸਿਆ ਕਿ ਅਨਾਜ ਮੰਡੀ ਇੱਥੇ ਬਣਨ ਨਾਲ ਵਿਰੋਧੀ ਧਿਰ ਦੇ ਇੱਕ ਵਿਅਕਤੀ, ਜੋ ਕਿ ਇੱਕ ਆੜ੍ਹਤੀ ਸੀ, ਨੇ ਵੀ ਇਸ ਦੀ ਸ਼ਲਾਘਾ ਕਰਦਿਆਂ ਮੈਨੂੰ ਕਿਹਾ ਸੀ ਕਿ ਅਨਾਜ ਮੰਡੀ ਇੱਥੇ ਸ਼ਿਫਟ ਹੋਣ ਨਾਲ ਨਵੀਂ ਅਨਾਜ ਮੰਡੀ ਵਿੱਚ ਹੁਣ ਇੱਕ ਦਿਨ ਵਿੱਚ ਇੰਨਾ ਅਨਾਜ ਆ ਰਿਹਾ ਹੈ ਜਿੰਨਾ ਪੁਰਾਣੀ ਅਨਾਜ ਮੰਡੀ ਵਿੱਚ ਮਹਿਜ਼ ਇੱਕ ਮਹੀਨੇ ਵਿੱਚ ਆਉਂਦਾ ਸੀ। ਅਨਾਜ ਮੰਡੀ ਇੱਥੇ ਆਉਣ ਨਾਲ ਸਾਡੀ ਜ਼ਿੰਦਗੀ ਬਣ ਗਈ। ਊਰਜਾ ਮੰਤਰੀ ਅਨਿਲ ਵਿਜ ਨੇ ਇਸ ਮੌਕੇ ਇਹ ਵੀ ਕਿਹਾ ਕਿ ਇੱਥੇ ਨਜ਼ਦੀਕ ਹਾਈਵੇਅ 'ਤੇ ਆਜ਼ਾਦੀ ਦੀ ਪਹਿਲੀ ਲੜਾਈ ਦਾ ਭਵਾਨੀ ਸ਼ਹੀਦੀ ਸਮਾਰਕ ਬਣਾਉਣ ਦਾ ਕੰਮ ਕੀਤਾ ਗਿਆ ਹੈ। ਇਹ ਸਮਾਰਕ ਬਣ ਕੇ ਤਿਆਰ ਹੋ ਚੁੱਕਾ ਹੈ, ਜਲਦ ਹੀ ਇਸ ਦਾ ਉਦਘਾਟਨ ਕਰਵਾਇਆ ਜਾਵੇਗਾ।

# ਸੋਨੂ ਸੂਦ ਆਉਣਗੇ, ਮਦਦ ਕਰਨਗੇ ਕਹਿ ਕੇ ਸੈਂਕੜਿਆਂ ਨੂੰ ਫਸਾਇਆ; ਰਾਧਾਸਵਾਮੀ ਸੰਗਠਨ 'ਤੇ ਕਰੋੜਾਂ ਦੀ ਠੱਗੀ ਦਾ ਦੋਸ਼

**ਕੌਮੀ ਪਤ੍ਰਿਕਾ**

ਰਾਂਚੀ 2 ਅਕਤੂਬਰ। ਰਾਧਾਸਵਾਮੀ ਸੰਗਠਨ ਦੀਆਂ ਵੱਖ-ਵੱਖ ਸਕੀਮਾਂ ਦੇ ਨਾਂ 'ਤੇ ਅਨੇਕਾਂ ਲਾਭਪਾਤਰੀਆਂ ਨਾਲ ਕਰੋੜਾਂ ਰੁਪਏ ਦੀ ਧੋਖਾਧੜੀ, ਵਿਸ਼ਵਾਸਘਾਤ ਅਤੇ ਰਕਮ ਦੀ ਦੁਰਵਰਤੋਂ ਦਾ ਦੋਸ਼ ਲਗਾਇਆ ਗਿਆ ਹੈ। ਨਾਮਕੁਮ ਨਿਵਾਸੀ ਡਾ. ਸੰਤੋਸ਼ ਕੁਮਾਰ ਨੇ ਜਗੰਨਾਥਪੁਰ ਥਾਣੇ 'ਚ ਲਿਖਤੀ ਸ਼ਿਕਾਇਤ ਦੇ ਕੇ ਸੰਗਠਨ ਨਾਲ ਜੁੜੇ 12 ਅਹੁਦੇਦਾਰਾਂ ਖ਼?ਲਾਫ਼ ਐੱਫ.ਆਈ.ਆਰ. ਦਰਜ ਕਰਵਾਈ ਹੈ। ਸ਼ਿਕਾਇਤ ਦੇ ਨਾਲ ਲਾਭਪਾਤਰੀਆਂ ਦੀ ਨਾਮਵਾਰ ਜਮ?ਹਾਂ ਰਕਮ, ਸਕੀਮ ਸੰਬੰਧੀ ਪੁਸਤਿਕਾ, ਫਰਮ ਅਤੇ ਹੋਰ ਦਸਤਾਵੇਜ਼ ਤੇ ਸਬੂਤ ਵੀ ਨੱਥੀ ਕੀਤੇ ਜਾਣ ਦੀ ਗੱਲ ਕਹੀ ਗਈ ਹੈ। ਸ਼ਿਕਾਇਤਕਰਤਾ ਅਨੁਸਾਰ ਰਾਧਾਸਵਾਮੀ ਸੰਗਠਨ ਦਾ ਰਾਜ ਦਫ਼ਤਰ ਹਟੀਆ ਦੇ ਕਠਹਰ ਕੋਚਾ ਸਥਿਤ ਦੇਵੀ ਸਦਨ ਤੋਂ ਚਲਾਇਆ ਜਾਂਦਾ ਸੀ। ਸੰਗਠਨ ਦੇ ਅਹੁਦੇਦਾਰਾਂ ਵੱਲੋਂ ਲੋਕਾਂ ਨੂੰ 40 ਤੋਂ 90 ਫੀਸਦੀ ਛੋਟ ਵਾਲੀ 5$9 ਸਕੀਮ, ਕੰਨਿਆਦਾਨ ਸਕੀਮ, ਕਰੋੜਪਤੀ ਸਕੀਮ, ਸਕੀਮ ਅਤੇ ਵਜ਼ੀਫ਼ਾ (ਸਕਾਲਰਸ਼ਿਪ) ਸਕੀਮ ਸਮੇਤ ਕਈ ਯੋਜਨਾਵਾਂ ਦੀ ਜਾਣਕਾਰੀ ਦਿੱਤੀ ਜਾਂਦੀ ਸੀ। ਲੋਕਾਂ ਦਾ ਵਿਸ਼ਵਾਸ ਜਿੱਤਣ ਲਈ ਬਾਲੀਵੁੱਡ ਅਦਾਕਾਰ ਸੋਨੂ ਸੂਦ ਦੀ ਮੌਜੂਦਗੀ ਅਤੇ ਉਨ੍ਹਾਂ ਦੇ ਵੀਡੀਓ ਵੀ ਦਿਖਾਏ ਜਾਂਦੇ ਸਨ। ਸੰਗਠਨ ਨਾਲ ਵੱਡੇ ਲੋਕਾਂ ਦੇ ਜੁੜੇ ਹੋਣ ਦਾ ਹਵਾਲਾ ਦੇ ਕੇ ਲਾਭਪਾਤਰੀਆਂ ਨੂੰ ਭਰੋਸਾ ਦਿਵਾਇਆ ਜਾਂਦਾ ਸੀ ਕਿ ਉਨ੍ਹਾਂ ਦਾ ਪੈਸਾ ਸੁਰੱਖਿਅਤ ਰਹੇਗਾ। ਸ਼ਿਕਾਇਤ 'ਚ ਦੋਸ਼ ਲਾਇਆ ਗਿਆ ਹੈ ਕਿ ਲਾਭਪਾਤਰੀਆਂ ਨੂੰ




ਨਿਧੀ ਲਿਮਟਿਡ ਬੈਂਕ ਦੇ ਨਾਂ 'ਤੇ ਪਾਸਬੁੱਕ ਵੀ ਦਿੱਤੀ ਗਈ। ਵਾਹਨ ਸਕੀਮ ਵਿੱਚ ਬੈਂਕ ਤੋਂ ਲਏ ਗਏ ਵਾਹਨਾਂ ਦੀ ਨਿਰਧਾਰਿਤ ਸੰਗਠਨ ਵੱਲੋਂ ਜਮ?ਹਾਂ ਕਰਵਾਉਣ ਦਾ ਭਰੋਸਾ ਦਿੱਤਾ ਗਿਆ। ਇਸ ਭਰੋਸੇ ਦੇ ਆਧਾਰ 'ਤੇ ਲੋਕਾਂ ਤੋਂ ਨਕਦ, ਆਨਲਾਈਨ ਅਤੇ ਬੈਂਕ ਟ?ਰਾਂਸਜੈਕਸ਼ਨ ਦੇ ਮਾਧਿਅਮ ਨਾਲ ਫੂਡਜ਼ ਕਾਸਮੈਟਿਕ ਪ੍ਰਾਈਵੇਟ ਲਿਮਟਿਡ ਦੇ ਵੱਖ-ਵੱਖ ਬੈਂਕ ਖਾਤਿਆਂ 'ਚ ਕਰੋੜਾਂ ਰੁਪਏ ਜਮ?ਹਾਂ ਕਰਵਾਏ ਗਏ। ਸ਼ਿਕਾਇਤਕਰਤਾ ਦਾ ਦੋਸ਼ ਹੈ ਕਿ ਵਾਹਨ ਦੀ 5$9 ਦਾ ਭੁਗਤਾਨ ਬੰਦ ਹੋਣ ਤੋਂ ਬਾਅਦ ਸੰਗਠਨ ਦੇ ਜ਼ਿਲ੍ਹਾ ਜੋਨਲ ਇੰਚਾਰਜ ਸਹਿ ਦਫ਼ਤਰ ਇੰਚਾਰਜ ਬੀਨੂ ਸਾਹੂ ਨਾਲ ਸੰਪਰਕ ਕੀਤਾ ਗਿਆ। ਉਨ੍ਹਾਂ ਨੇ ਲਗਾਤਾਰ ਇਹ ਭਰੋਸਾ ਦਿੱਤਾ ਕਿ ਸੰਗਠਨ ਨੂੰ ਕੇਂਦਰ ਅਤੇ ਵੱਖ-ਵੱਖ ਰਾਜ ਸਰਕਾਰਾਂ ਦੀਆਂ ਸਕੀਮਾਂ ਤੋਂ ਰਕਮ ਮਿਲਦੀ ਹੈ ਅਤੇ ਰਕਮ ਮਿਲਣ ਤੋਂ ਬਾਅਦ ਸਾਰਿਆਂ ਦਾ ਭੁਗਤਾਨ ਕਰ ਦਿੱਤਾ ਜਾਵੇਗਾ। ਸ਼ਿਕਾਇਤ ਅਨੁਸਾਰ ਇਸੇ ਤਰ੍ਹਾਂ ਦਾ ਭਰੋਸਾ ਸੰਗਠਨ ਦੇ ਹੋਰ ਅਹੁਦੇਦਾਰਾਂ ਵੱਲੋਂ ਵੀ ਦਿੱਤਾ ਗਿਆ। ਐੱਫ.ਆਈ.ਆਰ. ਵਿੱਚ ਦੋਸ਼ ਹੈ ਕਿ ਕਰੀਬ ਦੋ ਮਹੀਨੇ ਪਹਿਲਾਂ ਸੰਗਠਨ ਦਾ ਰਾਜ ਦਫ਼ਤਰ ਬੰਦ ਕਰ ਦਿੱਤਾ ਗਿਆ। ਇਸ ਤੋਂ ਬਾਅਦ ਬੀਨੂ ਸਾਹੂ ਦਫ਼ਤਰ ਵਿੱਚ ਮੌਜੂਦ ਨਹੀਂ ਹੋਇਆ ਅਤੇ ਫੋਨ 'ਤੇ ਵੀ ਸੰਪਰਕ ਤੋਂ ਬਚਣ ਲੱਗਾ। ਪੀੜਤਾਂ ਨੇ ਜਦੋਂ ਸੰਗਠਨ ਦੇ ਦੀਪਕ ਕੁਮਾਰ ਸ਼ਰਮਾ ਅਤੇ ਹੋਰ ਅਹੁਦੇਦਾਰਾਂ ਨਾਲ ਰਕਮ ਅਤੇ 5$9 ਦੇ ਸੰਬੰਧ ਵਿੱਚ ਗੱਲ ਕੀਤੀ ਤਾਂ ਕਥਿਤ ਤੌਰ 'ਤੇ ਉਨ੍ਹਾਂ ਨਾਲ ਗਾਲੀ-ਗਲੋਚ ਅਤੇ ਧਮਕੀਆਂ ਦਿੱਤੀਆਂ ਗਈਆਂ। ਸ਼ਿਕਾਇਤ ਵਿੱਚ ਬੀਨੂ ਸਾਹੂ, ਸ਼ਕੁੰਤਲਾ ਕੁਮਾਰੀ, ਦੀਪਕ ਕੁਮਾਰ ਸ਼ਰਮਾ, ਰਸ਼ਮੀ ਕੁਮਾਰੀ, ਦੀਪਕ ਸ਼ਰਮਾ, ਅਰੁਣ ਕੁਮਾਰ ਪ੍ਰਜਾਪਤੀ, ਸਤੀਸ਼ ਕੁਮਾਰ ਸ਼ਰਮਾ, ਕਾਜਲ ਸ਼੍ਰੀਵਾਸਤਵ, ਮੁਕੇਸ਼ ਸਿਨਹਾ, ਅਨੀਸ਼ਾ ਸਿਨਹਾ, ਜੂਲੀ ਸਿਨਹਾ ਅਤੇ ਗੌਰਵ ਸ਼੍ਰੀਵਾਸਤਵ ਸਮੇਤ 12 ਲੋਕਾਂ 'ਤੇ ਧੋਖਾਧੜੀ, ਰਕਮ ਹੜਪਣ ਅਤੇ ਰਕਮ ਵਾਪਸ ਮੰਗਣ 'ਤੇ ਧਮਕੀ ਤੇ ਗਾਲੀ-ਗਲੋਚ ਕਰਨ ਦਾ ਦੋਸ਼ ਲਗਾਇਆ ਗਿਆ ਹੈ। ਪੁਲਿਸ ਤੋਂ ਮਾਮਲੇ ਦੀ ਜਾਂਚ ਕਰਕੇ ਕਾਰਵਾਈ ਦੀ ਮੰਗ ਕੀਤੀ ਗਈ ਹੈ। ਕਰੂਰ ਵੈਸ਼ਯ ਬੈਂਕ ਦੀ ਰਾਂਚੀ ਸ਼ਾਖਾ ਦੇ ਨਾਂ 'ਤੇ ਫਰਜ਼ੀ ਬੈਂਕ ਗਾਰੰਟੀ ਤਿਆਰ ਕਰਕੇ ਸਰਕਾਰੀ ਵਿਭਾਗ ਵਿੱਚ ਪੇਸ਼ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਬੈਂਕ ਦੇ ਸ਼ਾਖਾ ਮੁਖੀ ਸੁਨੀਲ ਤਿਵਾਰੀ ਦੀ ਸ਼ਿਕਾਇਤ 'ਤੇ ਐੱਫ.ਆਈ.ਆਰ. ਦਰਜ ਕੀਤੀ ਗਈ ਹੈ। ਮਾਮਲੇ ਵਿੱਚ ਇੱਕ ਐਜੂਕੇਸ਼ਨ ਕੰਪਨੀ ਅਤੇ ਹੋਰ ਅਧਿਕਾਰਤ ਵਿਅਕਤੀਆਂ ਖ਼?ਲਾਫ਼ ਫਰਜ਼ੀ ਦਸਤਾਵੇਜ਼ ਤਿਆਰ ਕਰਨ, ਧੋਖਾਧੜੀ ਅਤੇ ਅਪਰਾਧਿਕ ਸਾਜ਼ਿਸ਼ ਦੇ ਦੋਸ਼ ਲਗਾਏ ਗਏ ਹਨ। ਕਾਰਵਾਈ ਤਹਿਤ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਬੈਂਕ ਦੀ ਸ਼ਿਕਾਇਤ ਅਨੁਸਾਰ ਬੈਂਕ ਨੂੰ ਇੱਕ ਪੱਤਰ ਮਿਲਿਆ ਸੀ। ਇਸ ਵਿੱਚ ਜਾਰੀ ਦੱਸੀ ਗਈ ਬੈਂਕ ਗਾਰੰਟੀ ਦੀ ਮਾਨਤਾ ਅਤੇ ਪ੍ਰਮਾਣਿਕਤਾ ਦੀ ਪੁਸ਼ਟੀ ਕਰਨ ਲਈ ਕਿਹਾ ਗਿਆ ਸੀ। ਸ਼ਿਕਾਇਤ ਵਿੱਚ ਬੈਂਕ ਗਾਰੰਟੀ ਦੀ ਰਕਮ ਕਰੋੜਾਂ ਰੁਪਏ ਦੱਸੀ ਗਈ ਹੈ। ਬੈਂਕ ਕੋਲ ਇਸ ਦੀ ਕਾਪੀ ਵੀ ਭੇਜੀ ਗਈ ਸੀ। ਬੈਂਕ ਨੇ ਆਪਣੇ ਰਿਕਾਰਡ ਦੀ ਜਾਂਚ ਕੀਤੀ ਤਾਂ ਪਤਾ ਲੱਗਾ ਕਿ ਅਜਿਹੀ ਕੋਈ ਬੈਂਕ ਗਾਰੰਟੀ ਉਸ ਵੱਲੋਂ ਜਾਰੀ ਹੀ ਨਹੀਂ ਕੀਤੀ ਗਈ ਸੀ। ਗਾਰੰਟੀ ਵਿੱਚ ਬੈਂਕ ਅਧਿਕਾਰੀ ਦੇ ਦਸਤਖਤ, ਨਾਂ ਅਤੇ ਹੋਰ ਵੇਰਵੇ ਵੀ ਫਰਜ਼ੀ ਪਾਏ ਗਏ। ਬੈਂਕ ਦਾ ਦੋਸ਼ ਹੈ ਕਿ ਹਿੰਦਪੀੜੀ ਥਾਣੇ ਵਿੱਚ ਦੋਸ਼ੀਆਂ ਖ਼?ਲਾਫ਼ ਸ਼ਿਕਾਇਤ ਦੇ ਕੇ ਜਾਂਚ ਅਤੇ ਕਾਰਵਾਈ ਦੀ ਬੇਨਤੀ ਕੀਤੀ ਗਈ ਸੀ। ਇਸ ਤੋਂ ਬਾਅਦ ਬੈਂਕ ਵੱਲੋਂ ਕਈ ਵਾਰ ਥਾਣੇ ਦਾ ਦੌਰਾ ਕਰਕੇ ਮਾਮਲੇ ਨੂੰ ਚੁੱਕਿਆ ਗਿਆ, ਪਰ ਕਾਰਵਾਈ ਨਹੀਂ ਹੋਈ।

# ਜਲਾਲਾਬਾਦ ਧਮਾਕਾ ਮਾਮਲੇ 'ਚ ਵੱਡਾ ਖ਼ੁਲਾਸਾ: ਗ੍ਰੇਨੇਡ ਹਮਲਾ ਹੋਣ ਦੀ ਪੁਸ਼ਟੀ

**ਕੌਮੀ ਪਤ੍ਰਿਕਾ**

ਫਾਜ਼ਿਲਕਾ 2 ਅਕਤੂਬਰ। ਫਾਜ਼ਿਲਕਾ ਪੁਲਿਸ ਨੇ ਥਾਣਾ ਸਿਟੀ ਜਲਾਲਾਬਾਦ ਵਿਖੇ ਹੋਏ ਗ੍ਰੇਨੇਡ ਹਮਲੇ ਦੇ ਮਾਮਲੇ ਨੂੰ ਟਰੇਸ ਕਰਨ 'ਚ ਵੱਡੀ ਸਫਲਤਾ ਹਾਸਲ ਕਰਦਿਆਂ ਘਟਨਾ 'ਚ ਕਥਿਤ ਤੌਰ 'ਤੇ ਸ਼ਾਮਲ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਜਾਣਕਾਰੀ ਦਿੰਦੇ ਡੀ. ਆਈ. ਜੀ. ਸਨੇਹਦੀਪ ਸ਼ਰਮਾ ਅਤੇ ਐੱਸ. ਐੱਸ. ਪੀ. ਗਗਨ ਅਜੀਤ ਸਿੰਘ ਨੇ ਦੱਸਿਆ ਕਿ 13 ਸਤੰਬਰ ਨੂੰ ਥਾਣਾ ਸਿਟੀ ਜਲਾਲਾਬਾਦ ਦੇ ਮੇਨ ਗੇਟ ਤੋਂ ਸਾਂਝ ਕੇਂਦਰ ਵੱਲ ਜਾਂਦੇ ਕੱਚੇ ਰਸਤੇ 'ਤੇ ਮਾਲ ਮੁਕੱਦਮਾ ਨਾਲ ਸਬੰਧਤ ਕੁਝ ਪੁਰਾਣੇ ਵਾਹਨ ਖੜ੍ਹੇ ਸਨ। ਇਨ੍ਹਾਂ ਵਿੱਚੋਂ ਕੁਝ ਵਾਹਨਾਂ ਦੇ ਸ਼ੀਸ਼ੇ ਟੁੱਟੇ ਹੋਏ ਅਤੇ ਕੱਚ ਖਿੱਲਰਿਆ ਮਿਲਿਆ। ਇਸ ਤੋਂ ਇਲਾਵਾ ਕੁਝ ਵਾਹਨਾਂ 'ਚ ਕਿਸੇ ਨੁਕੀਲੀ ਚੀਜ਼ ਨਾਲ ਕੀਤੇ ਗਏ ਛੇਦ ਵੀ ਪਾਏ ਗਏ, ਜਿਸ ਕਾਰਨ ਪੁਲਿਸ ਵੱਲੋਂ ਇਸ ਖੇਤਰ ਵਿੱਚ ਧਮਾਕਾ ਹੋਣ ਦਾ ਸ਼ੱਕ ਪ੍ਰਗਟਾਇਆ ਗਿਆ। ਇਸ ਸਬੰਧੀ ਥਾਣਾ ਸਿਟੀ ਜਲਾਲਾਬਾਦ ਵਿਖੇ ਐਕਸਪਲੋਸਿਵ ਸਬਸਟੈਂਸਿਜ਼ ਐਕਟ ਦੀਆਂ ਧਾਰਾਵਾਂ ਅਧੀਨ ਅਣਪਛਾਤੇ ਵਿਅਕਤੀਆਂ ਖ਼?ਲਾਫ਼ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕੀਤੀ ਗਈ। ਜਾਂਚ ਦੌਰਾਨ ਕਪਤਾਨ ਪੁਲਿਸ ਇਨਵੈਸਟੀਗੇਸ਼ਨ ਸਤਿੰਦਰ ਕੁਮਾਰ ਅਤੇ ਡੀ.ਐੱਸ.ਪੀ. ਸਥਾਨਕ ਲਵਦੀਪ ਸਿੰਘ (ਵਾਧੂ ਚਾਰਜ ਡੀਐੱਸਪੀ ਸਬ-ਡਵੀਜ਼ਨ ਜਲਾਲਾਬਾਦ) ਦੀ ਨਿਗਰਾਨੀ ਹੇਠ



ਇੰਸਪੈਕਟਰ ਸੁਨੀਲ ਕੁਮਾਰ, ਇੰਚਾਰਜ ਸੀ.ਆਈ.ਏ. ਅਤੇ ਇੰਸਪੈਕਟਰ ਮੋਹਿਤ ਧਵਨ ਥਾਣਾ ਦੀ ਅਗਵਾਈ ਹੇਠ ਵੱਖ-ਵੱਖ ਪੁਲਿਸ ਟੀਮਾਂ ਦਾ ਗਠਨ ਕੀਤਾ ਗਿਆ। ਟੈਕਨੀਕਲ ਸਪੋਰਟ ਯੂਨਿਟ ਦੀ ਮਦਦ ਨਾਲ ਪੁਲਿਸ ਨੇ ਮਾਮਲੇ 'ਚ ਕਥਿਤ ਤੌਰ 'ਤੇ ਸ਼ਾਮਲ ਦੋ ਵਿਅਕਤੀਆਂ ਨੂੰ ਟਰੇਸ ਕਰਕੇ ਗ੍ਰਿਫ਼ਤਾਰ ਕਰ ਲਿਆ। ਗ੍ਰਿਫ਼ਤਾਰ ਕੀਤੇ ਮੁਲਜ਼ਮਾਂ ਦੀ ਪਛਾਣ ਗੁਰਪ੍ਰੀਤ ਸਿੰਘ ਪੁੱਤਰ ਗੁਰਬਖ਼ਸ਼ ਸਿੰਘ ਵਾਸੀ ਹਜ਼ਾਰਾ ਰਾਮ ਸਿੰਘ ਵਾਲਾ, ਥਾਣਾ ਸਦਰ ਜਲਾਲਾਬਾਦ ਅਤੇ ਮਨਪ੍ਰੀਤ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਘੁਬਾਇਆ, ਥਾਣਾ ਸਦਰ ਜਲਾਲਾਬਾਦ ਵਜੋਂ ਹੋਈ ਹੈ। ਪੁਲਿਸ ਵੱਲੋਂ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ ਅਤੇ ਘਟਨਾ ਨਾਲ ਸਬੰਧਤ ਹੋਰ ਤੱਥਾਂ ਦੀ ਵੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ। ਫਾਜ਼ਿਲਕਾ ਪੁਲਿਸ ਨੇ ਕਿਹਾ ਕਿ ਅਪਰਾਧਿਕ ਗਤੀਵਿਧੀਆਂ 'ਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਵਿਅਕਤੀ ਨੂੰ ਨਸ਼ੀਲਾ ਪਦਾਰਥ ਪਿਆ ਕੇ ਅਸ਼ਲੀਲ ਵੀਡੀਓ ਬਣਾਈ, 10 ਲੱਖ ਮੰਗਣ ਵਾਲੇ ਗਿਰੋਹ 'ਤੇ ਕੇਸ ਦਰਜ

**ਕੌਮੀ ਪਤ੍ਰਿਕਾ**

ਫਿਰੋਜ਼ਪੁਰ 2 ਅਕਤੂਬਰ। ਫਿਰੋਜ਼ਪੁਰ ਵਿਖੇ ਨਸ਼ੀਲਾ ਪਦਾਰਥ ਪਿਆ ਕੇ ਇਕ ਵਿਅਕਤੀ ਨੂੰ ਬੇਹੋਸ਼ ਕਰਨ, ਉਸ ਦੀਆਂ ਅਸ਼ਲੀਲ ਵੀਡੀਓ ਬਣਾ ਕੇ ਬਲੈਕਮੇਲ ਕਰਨ ਅਤੇ 10 ਲੱਖ ਰੁਪਏ ਮੰਗਣ ਦੇ ਦੋਸ਼ਾਂ 'ਚ ਥਾਣਾ ਕੁੱਲਗੜ੍ਹੀ ਦੀ ਪੁਲਿਸ ਵੱਲੋਂ ਇਕ ਔਰਤ ਸਮੇਤ ਉਸ ਦੇ 5 ਸਾਥੀਆਂ ਖਿਲਾਫ 308 (2), 127(2), 351(2), 61(2) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਪੁਲਿਸ ਨੂੰ ਦਿੱਤੇ ਬਿਆਨਾਂ ਵਿਚ ਸ਼ਿਕਾਇਤਕਰਤਾ ਗੁਰਮੁੱਖ ਸਿੰਘ ਪੁੱਤਰ ਦਰਸ਼ਨ ਸਿੰਘ ਨੇ ਦੱਸਿਆ ਕਿ ਕਰੀਬ ਡੇਢ ਮਹੀਨਾ ਪਹਿਲਾਂ ਉਸ ਦੇ ਵ?ਹਟਸਐਪ ਨੰਬਰ 'ਤੇ ਪਰਮਿੰਦਰ ਕੌਰ ਨਾਮ ਦੀ ਔਰਤ ਦੀ ਵ?ਹਟਸਐਪ ਕਾਲ ਆਈ। ਉਸ ਔਰਤ ਨੇ ਕਿਹਾ ਕਿ ਉਹ ਪਰਮਿੰਦਰ ਉਰਫ਼ ਰਿੰਪੀ ਸੰਧੂ ਬੋਲ ਰਹੀ ਹੈ ਅਤੇ ਗਲਤੀ ਨਾਲ ਨੰਬਰ ਲੱਗ ਗਿਆ ਹੈ। ਗੁਰਮੁੱਖ ਸਿੰਘ ਨੇ ਦੱਸਿਆ ਕਿ ਇਸ ਤੋਂ ਬਾਅਦ ਉਹ ਵਾਰ-ਵਾਰ ਫੋਨ ਕਰਨ ਲੱਗ ਪਈ, ਜਿਸ ਨਾਲ ਉਨ੍ਹਾਂ ਦੀ ਆਪਸ ਵਿਚ ਗੱਲਬਾਤ ਹੋਣ ਲੱਗ ਪਈ। ਸ਼ਿਕਾਇਤਕਰਤਾ ਨੇ ਦੱਸਿਆ ਕਿ ਮਿਤੀ 12 ਸਤੰਬਰ 2026 ਨੂੰ ਕਰੀਬ 12 ਵਜੇ ਉਸ ਨੂੰ ਪਰਮਿੰਦਰ ਕੌਰ ਦੀ ਵ?ਹਟਸਐਪ ਕਾਲ ਆਈ ਅਤੇ ਉਸ ਨੇ ਪੁੱਛਿਆ ਕਿ ਤੁਸੀਂ ਕਿੱਥੇ ਹੋ। ਜਦੋਂ ਉਸ ਨੇ ਦੱਸਿਆ ਕਿ ਉਹ ਤਲਵੰਡੀ ਹੈ ਤਾਂ ਉਸ ਔਰਤ ਨੇ ਉਸ ਨੂੰ ਫ਼ਿਰੋਜ਼ਪੁਰ-ਜ਼ੀਰਾ ਰੋਡ ਸਤੀਏ ਵਾਲਾ ਬਾਈਪਾਸ ਆਉਣ ਲਈ ਕਿਹਾ। ਗੁਰਮੁੱਖ ਸਿੰਘ ਨੇ ਦੱਸਿਆ ਕਿ ਜਦੋਂ ਉਹ ਉੱਥੇ ਪਹੁੰਚਿਆ ਤਾਂ ਉਸ ਨੂੰ ਗੱਲਾਂਬਾਤਾਂ ਵਿਚ ਲਾ ਕੇ ਪਰਮਿੰਦਰ ਉਰਫ਼ ਰਿੰਪੀ ਸੰਧੂ ਨੇ ਕੋਈ ਮਿੱਠੀ ਚੀਜ਼ ਖਾਣ/ਪੀਣ ਲਈ ਦਿੱਤੀ, ਜਿਸ ਨੂੰ ਖਾ ਕੇ ਉਹ ਬੇਹੋਸ਼ ਹੋ ਗਿਆ। ਇਸ ਦੌਰਾਨ ਮੁਲਜ਼ਮਾਂ ਨੇ ਉਸ ਨੂੰ ਕਿਸੇ ਅਣਪਛਾਤੀ




ਜਗ?ਹਾ 'ਤੇ ਲੈ ਜਾ ਕੇ ਉਸ ਦੀਆਂ ਅਸ਼ਲੀਲ ਵੀਡੀਓ ਬਣਾ ਲਈਆਂ। ਗੁਰਮੁੱਖ ਸਿੰਘ ਨੇ ਦੱਸਿਆ ਕਿ ਬੇਹੋਸ਼ੀ ਦੀ ਹਾਲਤ ਵਿਚ ਵੀਡੀਓ ਬਣਾਉਣ ਤੋਂ ਬਾਅਦ ਪਰਮਿੰਦਰ ਉਰਫ਼ ਰਿੰਪੀ ਸੰਧੂ ਨੇ ਆਪਣੀ ਸੋਚੀ-ਸਮਝੀ ਸਾਜ਼ਿਸ਼ ਤਹਿਤ ਉੱਥੇ ਆਪਣੇ ਸਾਥੀਆਂ ਦਵਿੰਦਰ ਸਿੰਘ ਪੁੱਤਰ ਮੇਜਰ ਸਿੰਘ ਵਾਸੀ ਪਿੰਡ ਰਹੀਮੇ ਕੇ, ਗਗਨ, ਮਨਦੀਪ ਅਤੇ 2-3 ਹੋਰ ਅਣਪਛਾਤੇ ਵਿਅਕਤੀਆਂ ਨੂੰ ਬੁਲਾ ਲਿਆ। ਇਨ੍ਹਾਂ ਸਾਰਿਆਂ ਨੇ ਮਿਲ ਕੇ ਉਸ ਨੂੰ ਡਰਾਇਆ-ਧਮਕਾਇਆ ਅਤੇ ਵੀਡੀਓ ਵਾਇਰਲ ਕਰਨ ਦੀ ਧਮਕੀ ਦਿੰਦੇ ਹੋਏ 10 ਲੱਖ ਰੁਪਏ ਦੀ ਮੰਗ ਕਰਨੀ ਸ਼ੁਰੂ ਕਰ ਦਿੱਤੀ। ਸ਼ਿਕਾਇਤਕਰਤਾ ਗੁਰਮੁੱਖ ਸਿੰਘ ਨੇ ਦੱਸਿਆ ਕਿ ਉਸ ਨੇ ਆਪਣੀ ਬਦਨਾਮੀ ਦੇ ਡਰੋਂ ਪੈਸੇ ਦੇਣ ਲਈ ਹਾਂ ਕਰ ਦਿੱਤੀ। ਉਸ ਨੇ ਮੌਕੇ 'ਤੇ ਹੀ 50,000 ਰੁਪਏ ਦਵਿੰਦਰ ਸਿੰਘ ਦੇ ਨੰਬਰ 'ਤੇ ਟਰਾਂਸਫ਼ਰ ਕਰ ਦਿੱਤੇ ਅਤੇ 2 ਲੱਖ ਰੁਪਏ ਆਪਣੇ ਰਿਸ਼ਤੇਦਾਰ ਗੁਰਜੰਟ ਸਿੰਘ ਨੂੰ ਫੋਨ ਕਰਕੇ ਮੰਗਵਾ ਕੇ ਮੁਲਜ਼ਮਾਂ ਨੂੰ ਦੇ ਦਿੱਤੇ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਮਲਕੀਤ ਕੁਮਾਰ ਨੇ ਦੱਸਿਆ ਕਿ ਪੁਲਿਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਅਨ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

# ਸਰਕਾਰੀ ਬੱਸਾਂ 'ਚ ਸਫ਼ਰ ਕਰਨ ਵਾਲਿਆਂ ਨੂੰ ਵੱਡੀ ਰਾਹਤ, ਹੜਤਾਲ ਮੁਲਤਵੀ; ਟਰਾਂਸਪੋਰਟ ਸਕੱਤਰ ਨਾਲ ਗੱਲਬਾਤ ਤੋਂ ਬਾਅਦ ਬਣੀ ਸਹਿਮਤੀ

ਚੰਡੀਗੜ੍ਹ 2 ਅਕਤੂਬਰ। ਪੰਜਾਬ ਰੋਡਵੇਜ਼, ਪਨਬੱਸ ਤੇ ਪੀਆਰਟੀਸੀ ਮੁਲਾਜ਼ਮਾਂ ਵੱਲੋਂ 2 ਅਕਤੂਬਰ ਨੂੰ ਪ੍ਰਸਤਾਵਿਤ ਅਣਮਿੱਥੇ ਸਮੇਂ ਦੀ ਹੜਤਾਲ ਫਿਲਹਾਲ ਮੁਲਤਵੀ ਕਰ ਦਿੱਤੀ ਗਈ ਹੈ। ਸੋਮਵਾਰ ਨੂੰ ਮੁਲਾਜ਼ਮ ਜਥੇਬੰਦੀਆਂ ਦੇ ਨੁਮਾਇੰਦਿਆਂ ਦੀ ਟਰਾਂਸਪੋਰਟ ਸਕੱਤਰ ਅਨੁਰਾਗ ਵਰਮਾ ਨਾਲ ਮੁੱਖ ਸਕੱਤਰੇਤ 'ਚ ਹੋਈ ਮੀਟਿੰਗ ਤੋਂ ਬਾਅਦ ਇਹ ਫ਼ੈਸਲਾ ਲਿਆ ਗਿਆ। ਮੀਟਿੰਗ 'ਚ ਮੁਲਾਜ਼ਮਾਂ ਦੀਆਂ ਵੱਖ-ਵੱਖ ਮੰਗਾਂ 'ਤੇ ਸਹਿਮਤੀ ਬਣਨ ਤੋਂ ਬਾਅਦ ਯੂਨੀਅਨ ਨੇ ਮੰਗਲਵਾਰ ਤੋਂ ਹੋਣ ਵਾਲਾ ਚੱਕਾ ਜਾਮ ਟਾਲ ਦਿੱਤਾ ਹੈ। ਅਜਿਹੇ 'ਚ 2 ਅਕਤੂਬਰ ਨੂੰ ਪੰਜਾਬ ਰੋਡਵੇਜ਼ ਅਤੇ ਹੋਰ ਸਰਕਾਰੀ ਬੱਸ ਸੇਵਾਵਾਂ ਰਾਹੀਂ ਸਫ਼ਰ ਕਰਨ ਵਾਲੇ ਯਾਤਰੀਆਂ ਨੂੰ ਰਾਹਤ ਮਿਲੀ ਹੈ। ਮੁਲਾਜ਼ਮ ਆਗੂ ਸ਼ਮਸ਼ੇਰ ਸਿੰਘ ਨੇ ਦੱਸਿਆ ਕਿ ਮੀਟਿੰਗ 'ਚ ਆਊਟਸੋਰਸ ਕਰਮਚਾਰੀਆਂ ਨੂੰ ਕੰਟਰੈਕਟ 'ਤੇ ਕਰਨ ਅਤੇ ਸਰਵਿਸ ਰੂਲਜ਼ ਨੂੰ ਅੰਤਿਮ ਰੂਪ ਦੇਣ ਸਮੇਤ ਕਈ ਮੁੱਦਿਆਂ 'ਤੇ ਸਕਾਰਾਤਮਕ ਚਰਚਾ ਹੋਈ। ਸਰਕਾਰ ਵੱਲੋਂ ਮੰਗਾਂ 'ਤੇ ਅੱਗੇ ਕਾਰਵਾਈ ਕਰਨ ਦਾ ਭਰੋਸਾ ਦਿੱਤਾ ਗਿਆ ਹੈ। ਇਸ ਤੋਂ ਬਾਅਦ ਯੂਨੀਅਨ ਨੇ ਫਿਲਹਾਲ ਹੜਤਾਲ ਮੁਲਤਵੀ ਕਰਨ ਦਾ ਫ਼ੈਸਲਾ ਕੀਤਾ ਹੈ। ਉਨ੍ਹਾਂ ਦੱਸਿਆ ਕਿ 2 ਅਕਤੂਬਰ ਨੂੰ ਟਰਾਂਸਪੋਰਟ ਮੰਤਰੀ ਨਾਲ ਮੁਲਾਜ਼ਮਾਂ ਦੀ ਮੀਟਿੰਗ ਤੈਅ ਹੋਈ ਹੈ। ਇਸ ਮੀਟਿੰਗ 'ਚ ਉਨ੍ਹਾਂ ਦੀਆਂ ਲੰਬਿਤ ਮੰਗਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਜਾਵੇਗੀ। ਇਸ ਤੋਂ ਬਾਅਦ ਹੀ ਅੰਦੋਲਨ ਦੀ ਅਗਲੀ ਰਣਨੀਤੀ ਤੈਅ ਹੋਵੇਗੀ। ਜ਼ਿਕਰਯੋਗ ਹੈ ਕਿ ਮੁਲਾਜ਼ਮਾਂ ਜਥੇਬੰਦੀਆਂ ਨੇ ਰੈਗੂਲਰਕਰਨ ਸਮੇਤ ਵੱਖ-ਵੱਖ ਮੰਗਾਂ ਨੂੰ ਲੈ ਕੇ 2 ਅਕਤੂਬਰ ਤੋਂ ਅਣਮਿੱਥੇ ਸਮੇਂ ਦੀ ਹੜਤਾਲ ਦਾ ਐਲਾਨ ਕੀਤਾ ਸੀ। ਯੂਨੀਅਨ ਦਾ ਦਾਅਵਾ ਸੀ ਕਿ ਹੜਤਾਲ ਕਾਰਨ ਪੰਜਾਬ ਰੋਡਵੇਜ਼, ਪਨਬੱਸ ਅਤੇ ਪੀਆਰਟੀਸੀ ਦੀਆਂ ਕਰੀਬ 2700 ਬੱਸਾਂ ਦਾ ਸੰਚਾਲਨ ਪ੍ਰਭਾਵਿਤ ਹੋ ਸਕਦਾ ਹੈ ਅਤੇ ਲਗਭਗ 5500 ਡਰਾਈਵਰ-ਕੰਡਕਟਰ ਅੰਦੋਲਨ 'ਚ ਸ਼ਾਮਲ ਹੋਣ ਵਾਲੇ ਸਨ। ਮੁਲਾਜ਼ਮਾਂ ਦੀਆਂ ਪ੍ਰਮੁੱਖ ਮੰਗਾਂ 'ਚ ਠੇਕਾ ਮੁਲਾਜ਼ਮਾਂ ਨੂੰ ਰੈਗੂਲਰ ਕਰਨਾ, ਠੇਕੇਦਾਰੀ ਪ੍ਰਣਾਲੀ ਖ਼ਤਮ ਕਰਨਾ ਤੇ ਰੈਗੂਲਰ ਮੁਲਾਜ਼ਮਾਂ ਦੇ ਬਰਾਬਰ ਤਨਖਾਹ ਤੇ ਸਹੂਲਤਾਂ ਦੇਣਾ ਸ਼ਾਮਲ ਹੈ। ਹੁਣ 2 ਅਕਤੂਬਰ ਨੂੰ ਹੋਣ ਵਾਲੀ ਮੀਟਿੰਗ ਦੇ ਨਤੀਜੇ ਦੇ ਆਧਾਰ 'ਤੇ ਮੁਲਾਜ਼ਮ ਅੱਗੇ ਦਾ ਫ਼ੈਸਲਾ ਲੈਣਗੇ।




# ਹਿਮਾਚਲ ਪੁਲਸ ਦੀ ਵੱਡੀ ਕਾਰਵਾਈ ! ਪੰਜਾਬੀ ਨੌਜਵਾਨਾਂ ਸਮੇਤ ਫੜੇ ਗਏ 4 ਨਸ਼ਾ ਤਸਕਰ

ਬਿਲਾਸਪੁਰ 2 ਅਕਤੂਬਰ। ਹਿਮਾਚਲ ਪ੍ਰਦੇਸ਼ 'ਚ ਨਸ਼ਿਆਂ ਵਿਰੁੱਧ ਪੁਲਸ ਦੀ ਮੁਹਿੰਮ ਜਾਰੀ ਹੈ। ਇਸ ਸਬੰਧੀ ਬਿਲਾਸਪੁਰ ਪੁਲਸ ਦੀ ਵਿਸ਼ੇਸ਼ ਜਾਂਚ ਟੀਮ ਨੇ ਕੀਰਤਪੁਰ-ਨੇਰਚੌਂਕ ਚਾਰ-ਮਾਰਗੀ 'ਤੇ ਦੋ ਵੱਖ-ਵੱਖ ਮਾਮਲਿਆਂ 'ਚ ਲਗਭਗ 53 ਗ੍ਰਾਮ ਨਸ਼ੀਲੇ ਪਦਾਰਥ ਬਰਾਮਦ ਕੀਤੇ ਹਨ। ਇਨ੍ਹਾਂ ਕਾਰਵਾਈਆਂ 'ਚ ਪੁਲਸ ਨੇ ਪੰਜਾਬ ਤੇ ਹਿਮਾਚਲ ਪ੍ਰਦੇਸ਼ ਤੋਂ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਤੇ ਝੰਡੂਤਾ ਪੁਲਸ ਸਟੇਸ਼ਨ ਵਿੱਚ ਕੇਸ ਦਰਜ ਕੀਤਾ ਹੈ। ਹੁਣ ਪੁਲਸ ਇਸ ਡਰੱਗ ਨੈੱਟਵਰਕ ਦੀ ਸਪਲਾਈ ਚੇਨ ਨੂੰ ਤੋੜਨ ਲਈ ਪਿਛਲੇ ਲਿੰਕਾਂ ਦੀ ਜਾਂਚ ਕਰ ਰਹੀ ਹੈ। ਪਹਿਲਾ ਪੁਲਸ ਆਪ੍ਰੇਸ਼ਨ ਕੀਰਤਪੁਰ-ਨੇਰਚੌਂਕ ਚਾਰ-ਮਾਰਗੀ 'ਤੇ ਧਾਰਦਸਾਨੀ ਨੇੜੇ ਹੋਇਆ। ਇੱਕ ਵੋਲਵੋ ਬੱਸ ਦੀ ਰੁਟੀਨ ਚੈਕਿੰਗ ਦੌਰਾਨ ਵਿਸ਼ੇਸ਼ ਜਾਂਚ ਟੀਮ ਨੇ ਦੋ ਨੌਜਵਾਨਾਂ ਤੋਂ ਲਗਭਗ 45 ਗ੍ਰਾਮ ਨਸ਼ੀਲੇ ਪਦਾਰਥ ਬਰਾਮਦ ਕੀਤੇ। ਮੁਲਜ਼ਮਾਂ ਦੀ ਪਛਾਣ ਫਰੈਂਕਲਿਨ (20) ਪੁੱਤਰ ਰਾਜ ਕੁਮਾਰ, ਵਾਸੀ ਇੰਦਰਾ ਕਲੋਨੀ, ਥਾਣਾ ਮਜੀਠਾ ਰੋਡ, ਅੰਮ੍ਰਿਤਸਰ (ਪੰਜਾਬ) ਤੇ ਸਟੀਫਨ (18), ਪੁੱਤਰ ਮਨੂ, ਵਾਸੀ ਗੋਲਡਨ ਐਵੇਨਿਊ, ਥਾਣਾ ਮਜੀਠਾ ਰੋਡ, ਅੰਮ੍ਰਿਤਸਰ (ਪੰਜਾਬ) ਵਜੋਂ ਹੋਈ ਹੈ। ਦੂਜੀ ਕਾਰਵਾਈ ਛੱਤ ਦੇ ਨੇੜੇ ਉਸੇ ਚਾਰ-ਮਾਰਗੀ 'ਤੇ ਕੀਤੀ ਗਈ। ਸ਼ੱਕ ਹੋਣ 'ਤੇ ਪੁਲਸ ਟੀਮ ਨੇ ਇੱਕ ਟੈਕਸੀ ਨੂੰ ਚੈਕਿੰਗ ਲਈ ਰੋਕਿਆ। ਗੱਡੀ ਦੀ ਤਲਾਸ਼ੀ ਲੈਣ 'ਤੇ ਲਗਭਗ 8 ਗ੍ਰਾਮ ਨਸ਼ੀਲੇ ਪਦਾਰਥ ਬਰਾਮਦ ਕੀਤੇ ਗਏ। ਦੋਸ਼ੀਆਂ ਦੀ ਪਛਾਣ ਨਰਿੰਦਰ ਕੁਮਾਰ (29), ਪੁੱਤਰ ਸਵਰਗੀ ਵਿਨਿਆ ਰਾਮ, ਵਾਸੀ ਚੌਕ, ਤਹਿਸੀਲ ਬਲਦਵਾਰਾ, ਜ਼ਿਲ੍ਹਾ ਮੰਡੀ ਅਤੇ ਗੁਲਸ਼ਨ (24), ਪੁੱਤਰ ਲਾਲਮਨ, ਵਾਸੀ ਪਿਪਲੀ, ਡਾਕਘਰ ਤਾਰੋਹ, ਤਹਿਸੀਲ ਬਲਹ, ਜ਼ਿਲ੍ਹਾ ਮੰਡੀ ਵਜੋਂ ਹੋਈ ਹੈ। ਬਿਲਾਸਪੁਰ ਦੇ ਪੁਲਸ ਸੁਪਰਡੈਂਟ ਅਭਿਸ਼ੇਕ ਧੀਮਾਨ ਨੇ ਮਾਮਲੇ ਦੀ ਪੁਸ਼ਟੀ ਕੀਤੀ ਅਤੇ ਕਿਹਾ ਕਿ ਦੋਵਾਂ ਮਾਮਲਿਆਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਦੋਸ਼ੀਆਂ ਤੋਂ ਸਖ਼ਤੀ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ। ਐਸਪੀ ਨੇ ਸਪੱਸ਼ਟ ਕੀਤਾ ਕਿ ਪੁਲਿਸ ਕਾਰਵਾਈ ਜ਼ਬਤੀਆਂ ਅਤੇ ਗ੍ਰਿਫ਼ਤਾਰੀਆਂ ਤੱਕ ਸੀਮਤ ਨਹੀਂ ਰਹੇਗੀ। ਪੁਲਸ ਹੁਣ ਨਸ਼ੀਲੇ ਪਦਾਰਥਾਂ ਦੀ ਇਹ ਖੇਪ ਕਿੱਥੋਂ ਆਈ ਅਤੇ ਇਸਦੇ ਪਿੱਛੇ ਵੱਡਾ ਨੈੱਟਵਰਕ ਕਿੱਥੋਂ ਆਇਆ, ਇਹ ਪਤਾ ਲਗਾਉਣ ਲਈ ਨਸ਼ੀਲੇ ਪਦਾਰਥਾਂ ਦੇ ਪਿਛਲੇ ਦਰਵਾਜ਼ੇ ਦੇ ਲਿੰਕਾਂ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ। ਜਾਂਚ ਟੀਮ ਮੁੱਖ ਸਪਲਾਇਰਾਂ ਤੱਕ ਪਹੁੰਚਣ ਲਈ ਹਰ ਸੰਭਵ ਕੋਸ਼ਿਸ਼ ਕਰ ਰਹੀ ਹੈ।

# ਬਿਜਲੀ ਚੋਰੀ ਖ਼ਿਲਾਫ਼ ਸਖ਼ਤ ਕਦਮ: ਅਧਿਆਕਾਰੀਆਂ ਵੱਲੋਂ 'ਮਾਰਨਿੰਗ ਰੇਡ' ਮੁਹਿੰਮ ਦਾ ਆਗਾਜ਼, ਤੜਕੇ ਅਚਾਨਕ ਛਾਪੇਮਾਰੀ ਕਰਕੇ ਰੰਗੇ ਹੱਥੀਂ ਫੜੇ ਜਾਣਗੇ ਚੋਰ

**ਕੌਮੀ ਪਤ੍ਰਿਕਾ**

ਬਦਾਯੂੰ 2 ਅਕਤੂਬਰ। ਜ਼ਿਲ੍ਹੇ 'ਚ ਲਗਾਤਾਰ ਵੱਧ ਰਹੀ ਬਿਜਲੀ ਚੋਰੀ 'ਤੇ ਰੋਕ ਲਗਾਉਣ ਲਈ ਬਿਜਲੀ ਨਿਗਮ ਨੇ ਇੱਕ ਨਵੀਂ ਤੇ ਸਖ਼ਤ ਰਣਨੀਤੀ ਤਿਆਰ ਕੀਤੀ ਹੈ। ਨਿਗਮ ਹੁਣ ਪੂਰੇ ਜ਼ਿਲ੍ਹੇ 'ਚ 'ਮਾਰਨਿੰਗ ਰੇਡ' ਮੁਹਿੰਮ ਚਲਾਉਣ ਜਾ ਰਿਹਾ ਹੈ। ਇਸ ਮੁਹਿੰਮ ਤਹਿਤ ਨਿਗਮ ਦੀਆਂ ਵਿਜੀਲੈਂਸ ਤੇ ਜਾਂਚ ਟੀਮਾਂ ਤੜਕੇ ਹੀ ਸ਼ੱਕੀ ਇਲਾਕਿਆਂ ਤੇ ਘਰਾਂ 'ਚ ਅਚਾਨਕ ਛਾਪੇਮਾਰੀ ਕਰਨਗੀਆਂ। ਇਸ ਕਦਮ ਦਾ ਮੁੱਖ ਉਦੇਸ਼ ਬਿਜਲੀ ਚੋਰੀ ਕਰਨ ਵਾਲਿਆਂ ਨੂੰ ਸੰਭਲਣ ਦਾ ਮੌਕਾ ਦਿੱਤੇ ਬਿਨਾਂ ਰੰਗੇ ਹੱਥੀਂ ਫੜਨਾ ਤੇ ਮਾਲੀਏ ਦੇ ਨੁਕਸਾਨ ਨੂੰ ਰੋਕਣਾ ਹੈ। ਬਿਜਲੀ ਨਿਗਮ ਦੇ ਅਧਿਕਾਰੀਆਂ ਮੁਤਾਬਕ, ਪਹਿਲਾਂ ਜਦੋਂ ਵੀ ਦਿਨ ਵੇਲੇ ਜਾਂਚ ਟੀਮਾਂ ਕਾਰਵਾਈ ਲਈ ਨਿਕਲਦੀਆਂ ਸਨ ਤਾਂ ਸਥਾਨਕ ਪੱਧਰ 'ਤੇ ਸੂਚਨਾ ਤੁਰੰਤ ਲੀਕ ਹੋ ਜਾਂਦੀ ਸੀ। ਇਸ ਕਾਰਨ ਬਿਜਲੀ



ਚੋਰੀ ਕਰਨ ਵਾਲੇ ਲੋਕ ਸੁਚੇਤ ਹੋ ਜਾਂਦੇ ਸਨ ਤੇ ਟੀਮ ਦੇ ਪਹੁੰਚਣ ਤੋਂ ਪਹਿਲਾਂ ਹੀ ਤਾਰਾਂ ਹਟਾ ਲੈਂਦੇ ਸਨ। ਇਸ ਨਾਲ ਨਾ ਸਿਰਫ਼ ਜਾਂਚ ਟੀਮ ਨੂੰ ਖਾਲੀ ਹੱਥ ਪਰਤਣਾ ਪੈਂਦਾ ਸੀ, ਸਗੋਂ ਬਿਜਲੀ ਚੋਰੀ ਸਾਬਤ ਕਰਨਾ ਵੀ ਬੇਹੱਦ ਮੁਸ਼ਕਲ ਹੋ ਜਾਂਦਾ ਸੀ। ਇਸ ਕਮੀ ਨੂੰ ਦੂਰ ਕਰਨ ਲਈ ਨਿਗਮ ਨੇ ਆਪਣੀ ਰਣਨੀਤੀ 'ਚ ਬਦਲਾਅ ਕੀਤਾ ਹੈ। ਨਵੀਂ ਯੋਜਨਾ ਤਹਿਤ ਜਦੋਂ ਲੋਕ ਸੌਂ ਕੇ ਵੀ ਨਹੀਂ ਉੱਠੇ ਹੋਣਗੇ, ਉਦੋਂ ਤੱਕ ਬਿਜਲੀ ਨਿਗਮ ਦੀ ਟੀਮ ਉਨ੍ਹਾਂ ਦੇ ਦਰਵਾਜ਼ੇ 'ਤੇ ਦਸਤਕ ਦੇ ਚੁੱਕੀ ਹੋਵੇਗੀ। ਸਵੇਰੇ-ਸਵੇਰੇ ਕੀਤੀ ਜਾਣ ਵਾਲੀ ਇਸ ਅਚਾਨਕ ਕਾਰਵਾਈ ਨਾਲ ਸੂਚਨਾ ਲੀਕ ਹੋਣ ਦੀ ਸੰਭਾਵਨਾ ਖ਼ਤਮ ਹੋ ਜਾਵੇਗੀ। ਟੀਮ ਸਿੱਧੇ ਮੌਕੇ 'ਤੇ ਪਹੁੰਚ ਕੇ ਕੁੰਡੀ ਕੁਨੈਕਸ਼ਨਾਂ ਤੇ ਨਾਜਾਇਜ਼ ਕੁਨੈਕਸ਼ਨਾਂ ਨੂੰ ਰੰਗੇ ਹੱਥੀਂ ਫੜੇਗੀ। ਨਿਗਮ ਦਾ ਮੰਨਣਾ ਹੈ ਕਿ ਇਸ ਮੁਹਿੰਮ ਨਾਲ ਕੁੰਡੀ ਲਗਾ ਕੇ ਬਿਜਲੀ ਚੋਰੀ ਕਰਨ ਦੇ ਮਾਮਲਿਆਂ 'ਚ ਭਾਰੀ ਕਮੀ ਆਵੇਗੀ, ਲਾਈਨ ਲਾਸ ਘਟੇਗਾ ਤੇ ਇਮਾਨਦਾਰ ਖਪਤਕਾਰਾਂ ਨੂੰ ਬਿਹਤਰ ਤੇ ਨਿਰਵਿਘਨ ਬਿਜਲੀ ਸਪਲਾਈ ਮਿਲ ਸਕੇਗੀ। ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼?ਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਕਹਿਰ ਓ ਰੱਬਾ ! ਭੈਣਾਂ ਦੀ ਡੋਲੀ ਤੋਰਣ ਤੋਂ ਪਹਿਲਾਂ ਜਹਾਨੋਂ ਤੁਰ ਗਿਆ ਇਕਲੌਤਾ ਭਰਾ

ਬਨੂੜ 2 ਅਕਤੂਬਰ। ਬਨੂੜ ਦੇ ਨੇੜਲੇ ਪਿੰਡ ਸ਼ੰਭੂ ਕਲਾਂ ਦੇ ਵਸਨੀਕ ਮਾਪਿਆਂ ਦੇ ਇਕਲੌਤੇ ਪੁੱਤਰ ਅਤੇ ਦੋ ਭੈਣਾਂ ਦੇ ਭਰਾ ਦੀ ਸੜਕ ਹਾਦਸੇ ਵਿਚ ਮੌਤ ਹੋ ਗਈ। ਜਾਣਕਾਰੀ ਮੁਤਾਬਕ ਪਿੰਡ ਸ਼ੰਭੂ ਕਲਾਂ ਦੇ ਰਹਿਣ ਵਾਲੇ ਹਰਬੰਸ ਸਿੰਘ ਦਾ ਇਕਲੌਤਾ ਪੁੱਤਰ ਜਸ਼ਨਪ੍ਰੀਤ ਸਿੰਘ (17) ਰਾਜਪੁਰਾ ਦੇ ਸਰਕਾਰੀ ਸਕੂਲ ਵਿਚ ਪੜ੍ਹਦਾ ਸੀ। ਬੀਤੇ ਦਿਨੀਂ ਆਪਣੇ ਦੋਸਤ ਕਾਸ਼ਦੀਪ ਪੁੱਤਰ ਸੁੱਚਾ ਸਿੰਘ ਵਾਸੀ ਪਿੰਡ ਅਲੀ ਮਾਜਰਾ ਥਾਣਾ ਸ਼ੰਭੂ ਜਿਲ੍ਹਾ ਪਟਿਆਲਾ ਨਾਲ ਮੋਟਰਸਾਈਕਲ 'ਤੇ ਸਵਾਰ ਹੋ ਕੇ ਰਾਜਪੁਰਾ ਜਾ ਰਿਹਾ ਸੀ। ਜਦੋਂ ਉਹ ਮੋਟਰਸਾਈਕਲ ਸਵਾਰ ਸ਼ੰਭੂ ਕਲਾਂ ਤੋਂ ਸ਼ੰਭੂ ਖ਼ੁਰਦ ਨੂੰ ਜਾਣ ਵਾਲੀ ਲਿੰਕ ਸੜਕ 'ਤੇ ਜਾ ਰਿਹਾ ਸੀ ਤਾਂ ਅੱਗੇ ਤੋਂ ਅਚਾਨਕ ਇਕ ਤੇਜ਼ ਰਫ਼ਤਾਰ ਟਰੱਕ ਆਇਆ, ਜਿਸ ਨੂੰ ਬਚਾਉਣ ਲਈ ਮੋਟਰਸਾਈਕਲ ਚਾਲਕ ਨੇ ਬਰੇਕ ਲਗਾਈ ਤਾਂ ਮੋਟਰਸਾਈਕਲ ਚਾਲਕ ਆਪਣਾ ਸੰਤੁਲਨ ਗਵਾ ਬੈਠਾ ਅਤੇ ਮੋਟਰਸਾਈਕਲ ਸੜਕ ਕਿਨਾਰੇ ਲੱਗੇ ਹੋਏ ਬਿਜਲੀ ਦੇ ਖੰਭੇ ਨਾਲ ਟਕਰਾ ਗਿਆ। ਜਿਸ ਕਾਰਨ ਪਿੱਛੇ ਮੋਟਰਸਾਈਕਲ ਦੇ ਪਿੱਛੇ ਬੈਠਾ ਜਸ਼ਨਪ੍ਰੀਤ ਸਿੰਘ ਸੜਕ 'ਤੇ ਡਿੱਗ ਗਿਆ ਅਤੇ ਉਸ ਦਾ ਸਿਰ ਸੜਕ 'ਤੇ ਲੱਗਣ ਨਾਲ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਿਆ। ਜਿਸ ਨੂੰ ਚੁੱਕ ਕੇ ਇਲਾਜ ਲਈ ਰਾਜਪੁਰਾ ਦੇ ਏ. ਪੀ. ਜੈਨ ਹਸਪਤਾਲ ਵਿਖੇ ਭਰਤੀ ਕਰਵਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਦੀ ਗੰਭੀਰ ਹਾਲਤ ਨੂੰ ਵੇਖਦੇ ਹੋਏ ਚੰਡੀਗੜ੍ਹ ਦੇ ਸੈਕਟਰ 32 ਵਿਚ ਸਥਿਤ ਸਰਕਾਰੀ ਮੈਡੀਕਲ ਕਾਲਜ ਅਤੇ ਹਸਪਤਾਲ ਵਿਖੇ ਰੈਫਰ ਕਰ ਦਿੱਤਾ, ਜਿੱਥੇ ਨੌਜਵਾਨ ਦੀ ਇਲਾਜ ਦੌਰਾਨ ਮੌਤ ਹੋ ਗਈ। ਸੂਤਰਾਂ ਤੋਂ ਪ੍ਰਾਪਤ ਜਾਣਕਾਰੀ ਮੁਤਾਬਕ ਮ੍ਰਿਤਕ ਨੌਜਵਾਨ ਦੀਆਂ ਦੋ ਭੈਣਾਂ ਦਾ ਅਗਲੇ ਮਹੀਨੇ ਵਿਆਹ ਰੱਖਿਆ ਹੋਇਆ ਸੀ। ਇਸ ਘਟਨਾ ਦੀ ਸੂਚਨਾ ਮਿਲਦੇ ਹੀ ਪਿੰਡ ਸ਼ੰਭੂ ਕਲਾ ਵਿਚ ਭਾਰੀ ਸੋਗ ਦੀ ਲਹਿਰ ਫੈਲ ਗਈ ਹੈ।

# ਮੋਹਾਲੀ ਜ਼ਿਲ੍ਹੇ 'ਚ ਰਾਤ ਸਮੇਂ ਕੰਬਾਈਨਾਂ ਨਾਲ ਝੋਨੇ ਦੀ ਕਟਾਈ 'ਤੇ ਪਾਬੰਦੀ

ਮੋਹਾਲੀ 2 ਅਕਤੂਬਰ। ਜ਼ਿਲ੍ਹੇ 'ਚ ਝੋਨੇ ਦੀ ਕਟਾਈ ਦਾ ਸੀਜ਼ਨ ਸ਼ੁਰੂ ਹੋਣ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਮੈਜਿਸਟ?ਰੇਟ ਕੋਮਲ ਮਿੱਤਲ ਨੇ ਰਾਤ ਸਮੇਂ ਕੰਬਾਈਨਾਂ ਨਾਲ ਝੋਨੇ ਦੀ ਕਟਾਈ 'ਤੇ ਪਾਬੰਦੀ ਲਗਾ ਦਿੱਤੀ ਹੈ। ਉਨ੍ਹਾਂ ਕਿਹਾ ਕਿ ਰਾਤ ਸਮੇਂ ਕੰਬਾਈਨਾਂ ਚਲਾਉਣ ਨਾਲ ਹਾਦਸਿਆਂ ਦਾ ਖ਼ਤਰਾ ਵੱਧ ਜਾਂਦਾ ਹੈ। ਇਸ ਤੋਂ ਇਲਾਵਾ ਤਰੇਲ ਅਤੇ ਬੇਮੌਸਮੀ ਬਰਸਾਤ ਕਾਰਨ ਝੋਨੇ 'ਚ ਨਮੀ ਵੱਧਣ ਨਾਲ ਕਿਸਾਨਾਂ ਨੂੰ ਫ਼ਸਲ ਦੀ ਵਿਕਰੀ ਸਮੇਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਉਨ੍ਹਾਂ ਕਿਹਾ ਕਿ ਰਾਤ ਸਮੇਂ ਕਟਾਈ ਕਰਨ ਨਾਲ ਕੱਚੇ ਜਾਂ ਹਰੇ ਦਾਣਿਆਂ ਵਾਲੀ ਫ਼ਸਲ 'ਚ ਨਮੀ ਵਧ ਸਕਦੀ ਹੈ, ਜਿਸ ਕਾਰਨ ਝੋਨੇ ਦੀ ਗੁਣਵੱਤਾ ਪ੍ਰਭਾਵਿਤ ਹੋਣ ਦੇ ਨਾਲ ਸਰਕਾਰ ਵੱਲੋਂ ਨਿਰਧਾਰਿਤ ਮਾਪਦੰਡਾਂ



ਅਨੁਸਾਰ ਖ਼ਰੀਦ 'ਚ ਵੀ ਸਮੱਸਿਆ ਆ ਸਕਦੀ ਹੈ। ਇਸ ਨਾਲ ਮੰਡੀਆਂ 'ਚ ਕਿਸਾਨਾਂ ਦੀ ਖੱਜਲ-ਖੁਆਰੀ ਅਤੇ ਅਮਨ-ਕਾਨੂੰਨ ਨਾਲ ਸਬੰਧਤ ਸਥਿਤੀ ਪੈਦਾ ਹੋਣ ਦਾ ਖ਼ਦਸ਼ਾ ਰਹਿੰਦਾ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਝੋਨੇ ਦੀ ਕਟਾਈ ਤੋਂ ਬਾਅਦ ਫ਼ਸਲ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਨਾਲ ਵਾਤਾਵਰਣ ਪ੍ਰਦੂਸ਼ਿਤ ਹੋਣ ਦੇ ਨਾਲ ਮਿੱਟੀ ਦੀ ਉਪਜਾਊ ਸ਼ਕਤੀ 'ਤੇ ਵੀ ਮਾੜਾ ਅਸਰ ਪੈਂਦਾ ਹੈ। ਇਸ ਲਈ ਜ਼ਿਲ੍ਹੇ 'ਚ ਝੋਨੇ ਦੀ ਰਹਿੰਦ ਨੂੰ ਸਾੜਨ 'ਤੇ ਵੀ ਪੂਰਨ ਪਾਬੰਦੀ ਰਹੇਗੀ। ਉਨ੍ਹਾਂ ਕਿਹਾ ਕਿ ਕੋਈ ਵੀ ਕੰਬਾਈਨ ਮਾਲਕ ਬਿਨਾਂ ਐੱਸ.ਐੱਮ.ਐੱਸ. ਲਗਾਏ ਝੋਨੇ ਦੀ ਕਟਾਈ ਨਹੀਂ ਕਰੇਗਾ। ਜ਼ਿਲ੍ਹਾ ਮੈਜਿਸਟ?ਰੇਟ ਕੋਮਲ ਮਿੱਤਲ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ-2023 ਦੀ ਧਾਰਾ 163 ਅਧੀਨ ਜਾਰੀ ਹੁਕਮਾਂ ਅਨੁਸਾਰ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਹਦੂਦ ਅੰਦਰ ਸ਼ਾਮ 7 ਵਜੇ ਤੋਂ ਸਵੇਰੇ 9 ਵਜੇ ਤੱਕ ਕੰਬਾਈਨਾਂ ਨਾਲ ਝੋਨੇ ਦੀ ਕਟਾਈ ਨਹੀਂ ਕੀਤੀ ਜਾ ਸਕੇਗੀ। ਝੋਨੇ ਦੀ ਰਹਿੰਦ-ਖੂੰਹਦ ਸਾੜਨ 'ਤੇ ਵੀ ਪੂਰਨ ਪਾਬੰਦੀ ਰਹੇਗੀ। ਇਹ ਹੁਕਮ 18 ਸਤੰਬਰ 2026 ਤੋਂ 17 ਨਵੰਬਰ 2026 ਤੱਕ ਤੁਰੰਤ ਪ੍ਰਭਾਵ ਨਾਲ ਲਾਗੂ ਰਹਿਣਗੇ।

# ਸਰਕਾਰੀ ਪੈਸੇ ਲਈ ਵੱਡਾ ਕਾਂਡ: ਪਹਿਲਾ ਵਿਆਹ ਲੁਕਾ ਕੇ ਸਮੂਹਿਕ ਵਿਆਹ ਯੋਜਨਾ 'ਚ ਕਰਵਾ ਲਿਆ ਦੂਜਾ

**ਕੌਮੀ ਪਤ੍ਰਿਕਾ**

ਪੀਲੀਭੀਤ 2 ਅਕਤੂਬਰ। ਮੁੱਖ ਮੰਤਰੀ ਸਮੂਹਿਕ ਵਿਆਹ ਯੋਜਨਾ ਵਿੱਚ ਕਥਿਤ ਧੋਖਾਧੜੀ ਕਰਕੇ ਸਰਕਾਰੀ ਲਾਭ ਲੈਣ ਦੇ ਮਾਮਲੇ ਵਿੱਚ ਪੀੜਤਾ ਦੀ ਸ਼ਿਕਾਇਤ 'ਤੇ ਦਰਜ ਕੀਤੀ ਗਈ ਹੈ। ਹੈਰਾਨ ਕਰਨ ਵਾਲੀ ਗੱਲ ਇਹ ਹੈ ਕਿ ਮਾਮਲੇ ਦੀ ਜਾਂਚ ਅਤੇ ਤਸਦੀਕ ਲਈ ਜ਼ਿੰਮੇਵਾਰ ਵਿਭਾਗਾਂ ਵੱਲੋਂ ਵੀ ਲਾਪਰਵਾਹੀ ਕੀਤੇ ਜਾਣ ਦਾ ਦੋਸ਼ ਹੈ, ਜਿਸ ਕਾਰਨ ਮੁਲਜ਼ਮ ਕਥਿਤ ਤੌਰ 'ਤੇ ਦੂਜਾ ਵਿਆਹ ਕਰਨ ਵਿੱਚ ਕਾਮਯਾਬ ਹੋ ਗਿਆ। ਨਿਊਰਿਆ ਥਾਣਾ ਖੇਤਰ ਦੇ ਪਿੰਡ ਮਡਾਰੀਆ ਦੀ ਰਹਿਣ ਵਾਲੀ ਗੀਤਾ ਦੇਵੀ ਨੇ ਦੱਸਿਆ ਕਿ ਉਸ ਦੇ ਪਤੀ ਨੇ ਪਹਿਲਾ ਵਿਆਹ ਲੁਕਾ ਕੇ ਮੁੱਖ ਮੰਤਰੀ ਸਮੂਹਿਕ ਵਿਆਹ ਯੋਜਨਾ ਤਹਿਤ ਦੂਜਾ ਵਿਆਹ ਕਰ ਲਿਆ। ਪਹਿਲੀ ਪਤਨੀ ਨੇ ਦੋਸ਼ ਲਾਇਆ ਕਿ ਉਸ ਦਾ ਵਿਆਹ 24 ਅਪ੍ਰੈਲ 2021 ਨੂੰ ਬਰੇਲੀ ਦੇ ਕਿਓਲੜੀਆ ਥਾਣਾ ਖੇਤਰ ਦੇ ਪਿੰਡ ਅਰਵਿੰਦ ਵਿੱਚ ਹੋਇਆ ਸੀ। ਵਿਆਹ ਤੋਂ ਬਾਅਦ ਉਹ ਸਹੁਰੇ ਘਰ ਰਹਿ ਰਹੀ ਸੀ, ਜਿੱਥੇ 26 ਅਗਸਤ 2022 ਨੂੰ ਉਸ ਨੇ ਪੁੱਤਰ ਹਿਮਾਂਸ਼ੂ ਨੂੰ ਜਨਮ ਦਿੱਤਾ। ਪੀੜਤਾ ਦਾ ਦੋਸ਼ ਹੈ ਕਿ ਸਹੁਰੇ ਪਰਿਵਾਰ ਦੇ ਮੈਂਬਰ ਦਾਜ ਨੂੰ ਲੈ ਕੇ ਉਸ ਨੂੰ ਤੰਗ-ਪਰੇਸ਼ਾਨ ਕਰਨ ਲੱਗ ਪਏ। ਬਾਅਦ ਵਿੱਚ ਉਸ ਨਾਲ ਅਤੇ ਉਸ ਦੇ ਛੋਟੇ ਬੱਚੇ ਨਾਲ ਕਥਿਤ ਤੌਰ 'ਤੇ ਕੁੱਟਮਾਰ ਕਰਕੇ ਉਸ ਨੂੰ ਘਰੋਂ ਕੱਢ ਦਿੱਤਾ ਗਿਆ। ਇਸ ਤੋਂ ਬਾਅਦ ਗੀਤਾ ਨੇ ਪੀਲੀਭੀਤ ਪਰਿਵਾਰ ਅਦਾਲਤ ਵਿੱਚ ਭਰਨ-ਪੋਸ਼ਣ ਦਾ ਮਾਮਲਾ ਦਾਇਰ ਕੀਤਾ। ਪੀੜਤਾ ਮੁਤਾਬਕ, ਇਸ ਮਾਮਲੇ ਤੋਂ ਬਾਅਦ ਪਤੀ ਨੇ ਸਮਝੌਤਾ ਕਰਕੇ ਉਸ ਨੂੰ ਆਪਣੇ ਨਾਲ ਰੱਖ ਲਿਆ, ਪਰ ਕੁਝ ਸਮੇਂ ਬਾਅਦ ਦੁਬਾਰਾ ਬੱਚੇ ਸਮੇਤ ਘਰੋਂ ਕੱਢ ਦਿੱਤਾ। ਇਸ ਤੋਂ ਬਾਅਦ ਪੀੜਤਾ ਨੇ ਦਾਜ਼ ਅਤੇ ਭਰਨ-ਪੋਸ਼ਣ ਸਬੰਧੀ ਦੂਜਾ ਮਾਮਲਾ ਦਰਜ ਕਰਵਾਇਆ, ਜੋ ਫਿਲਹਾਲ ਅਦਾਲਤ ਵਿੱਚ ਵਿਚਾਰ ਅਧੀਨ ਹੈ। ਪੀੜਤਾ ਦੇ ਦੋਸ਼ ਮੁਤਾਬਕ, ਜਦੋਂ ਮਾਮਲਾ ਅਦਾਲਤ ਵਿੱਚ ਵਿਚਾਰ ਅਧੀਨ ਸੀ ਉਸ ਦੇ ਪਤੀ, ਸਹੁਰੇ ਜੋਗਰਾਜ ਅਤੇ ਸੱਸ ਸੁਖਦੇਈ ਨੇ ਬਰਖੇੜਾ ਦੇ ਪਿੰਡ ਬਰਰਾਮਊ ਦੀ ਰਹਿਣ ਵਾਲੀ ਸੁਮਨ ਦੇਵੀ, ਇੰਦਰਪਾਲ ਅਤੇ ਓਮਵਤੀ ਨਾਲ ਕਥਿਤ ਤੌਰ 'ਤੇ ਮਿਲ ਕੇ ਸਾਜ਼ਿਸ਼ ਰਚੀ। ਦੋਸ਼ ਹੈ ਕਿ ਸੁਮਨ ਦੇਵੀ ਦੇ ਨਾਮ 'ਤੇ ਮੁੱਖ ਮੰਤਰੀ ਸਮੂਹਿਕ ਵਿਆਹ ਯੋਜਨਾ ਵਿੱਚ ਰਜਿਸਟ?ਰੇਸ਼ਨ ਕਰਵਾਇਆ ਗਿਆ। ਰਜਿਸਟ?ਰੇਸ਼ਨ ਦੌਰਾਨ ਅਰਵਿੰਦ ਨੇ ਖੁਦ ਨੂੰ ਅਣਵਿਆਹਿਆ ਦੱਸਿਆ ਅਤੇ ਪਿੰਡ ਦੇ ਪ੍ਰਧਾਨ ਤੇ ਸਕੱਤਰ ਨਾਲ ਕਥਿਤ ਮਿਲੀਭੁਗਤ ਕਰਕੇ ਫਰਜ਼ੀ ਦਸਤਾਵੇਜ਼ ਤਿਆਰ ਕਰਵਾਏ ਗਏ। ਇਸ ਤੋਂ ਬਾਅਦ 12 ਨਵੰਬਰ 2025 ਨੂੰ ਸ਼ਹਿਰ ਦੇ ਡਰਮੰਡ ਇੰਟਰ ਕਾਲਜ ਵਿੱਚ ਕਰਵਾਏ ਗਏ ਸਮੂਹਿਕ ਵਿਆਹ ਸਮਾਗਮ ਦੌਰਾਨ ਤੱਥ ਲੁਕਾ ਕੇ ਸੁਮਨ ਦੇਵੀ ਨਾਲ ਵਿਆਹ ਕਰ ਲਿਆ

## ਐੱਨ. ਡੀ. ਪੀ. ਐੱਸ. ਮਾਮਲੇ 'ਚ ਗ੍ਰਿਫ਼ਤਾਰ ਮੁਲਜ਼ਮ ਨੇ ਹਵਾਲਾਤ 'ਚ ਲਿਆ ਫਾਹਾ

ਨਾਭਾ 2 ਅਕਤੂਬਰ। ਪੁਲਸ ਨਾਭਾ ਕੋਤਵਾਲੀ ਪੁਲਸ ਥਾਣਾ ਵਿਖੇ ਐੱਨ. ਡੀ. ਪੀ. ਐੱਸ. ਐਕਟ ਅਧੀਨ ਗ੍ਰਿਫਤਾਰ ਇਕ ਕਥਿਤ ਦੋਸ਼ੀ ਵੱਲੋਂ ਫਾਹਾ ਲਾ ਕੇ ਆਤਮ-ਹੱਤਿਆ ਕਰ ਲਈ ਗਈ। ਮ੍ਰਿਤਕ ਦੀ ਪਛਾਣ ਲਛਮਣ (29) ਵਾਸੀ ਸੰਤ ਨਗਰ ਵਜੋਂ ਹੋਈ ਹੈ। ਐੱਸ. ਪੀ. ਪਟਿਆਲਾ ਰਾਜੇਸ਼ ਛਿੱਬਰ ਅਤੇ ਡੀ. ਐੱਸ. ਪੀ. ਗੁਰਿੰਦਰ ਸਿੰਘ ਬੱਲ ਨੇ ਮੌਕੇ 'ਤੇ ਪੁੱਜ ਕੇ ਸਮੇਂ ਦੀ ਨਜ਼ਾਕਤ ਅਨੁਸਾਰ ਸੁਚੱਜਤਾ ਨਾਲ ਕਾਰਵਾਈ ਕੀਤੀ ਅਤੇ ਮ੍ਰਿਤਕ ਨੌਜਵਾਨ ਦੇ ਪਰਿਵਾਰਕ ਮੈਂਬਰਾਂ ਨੂੰ ਭਰੋਸੇ 'ਚ ਲੈ ਕੇ ਉਨ੍ਹਾਂ ਨੂੰ ਹਵਾਲਾਤ 'ਚ ਬੰਦ ਮ੍ਰਿਤਕ ਦੀ ਬਾਰੀਕੀ ਨਾਲ ਸੀ. ਸੀ. ਟੀ. ਵੀ. ਫੁਟੇਜ ਦਿਖਾਈ, ਜਿਸ 'ਚ ਮ੍ਰਿਤਕ ਨੌਜਵਾਨ ਆਪ ਹੀ ਹਵਾਲਾਤ ਦੇ ਬਾਥਰੂਮ ਵੱਲ ਜਾ ਰਿਹਾ ਹੈ, ਜਿਥੇ ਉਸ ਨੇ ਫਾਹਾ ਲੈ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ ਸੀ। ਉਪਰੋਕਤ ਘਟਨਾ ਦੀ ਪੁਸ਼ਟੀ ਪਰਿਵਾਰਕ ਮੈਂਬਰਾਂ ਸਾਹਮਣੇ ਮ੍ਰਿਤਕ ਨੌਜਵਾਨ ਨਾਲ ਬੰਦ ਬਿਰਜੂ ਨਾਮੀ ਦੂਜੇ ਹਵਾਲਾਤੀ ਵੱਲੋਂ ਵੀ ਕੀਤੀ ਗਈ।

**ਕੌਮੀ ਪਤ੍ਰਿਕਾ**

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814

Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਇੰਜਣ 'ਚੋਂ ਧੂੰਆਂ ਨਿਕਲਣ 'ਤੇ ਕਾਰੋਬਾਰੀ ਨੇ ਖੋਲ੍ਹਿਆ ਬੋਨਟ, ਚੋਰਾਂ ਨੇ ਪਿੱਛੋਂ ਡਿੱਗੀ 'ਚੋਂ ਚੁੱਕਿਆ ਬੈਗ; ਪੁਲਿਸ ਦੀ ਵੱਡੀ ਕਾਰਵਾਈ

ਕੌਮੀ ਪਤ੍ਰਿਕਾ

ਲੁਧਿਆਣਾ 2 ਅਕਤੂਬਰ। ਕਾਰੋਬਾਰੀ ਦਾ ਧਿਆਨ ਵੰਡਿਆ ਦੇਖ ਸ਼ਾਤਰ ਮੁਲਜ਼ਮ ਉਸਦੀ ਕਾਰ ਦੀ ਡਿੱਕੀ 'ਚੋਂ ਬੈਗ ਚੋਰੀ ਕਰਕੇ ਰਫੂ ਚੱਕਰ ਹੋ ਗਏ। ਇਹ ਵਾਰਦਾਤ ਉਸ ਵੇਲੇ ਵਾਪਰੀ ਜਦੋਂ ਕਾਰੋਬਾਰੀ ਕਾਰ 'ਚ ਸਵਾਰ ਹੋ ਕੇ ਕਿਧਰੇ ਜਾ ਰਿਹਾ ਸੀ, ਇਸੇ ਦੌਰਾਨ ਉਸ ਦੀ ਗੱਡੀ ਦੇ ਇੰਜਨ 'ਚੋਂ ਧੂੰਆਂ ਨਿਕਲਣ ਲੱਗ ਪਿਆ। ਉਹ ਜਿਵੇਂ ਹੀ ਗੱਡੀ ਤੋਂ ਹੇਠਾਂ ਉਤਰਿਆ ਤਾਂ ਮੁਲਜ਼ਮਾਂ ਨੇ ਵਾਰਦਾਤ ਨੂੰ ਅੰਜਾਮ ਦੇ ਦਿੱਤਾ। ਸ਼ੇਰਪੁਰ ਚੌਂਕ 'ਚ ਵਾਪਰੀ ਵਾਰਦਾਦ ਤੋਂ ਬਾਅਦ ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਪੰਜ ਮੁਲਜ਼ਮਾਂ ਦੀ ਸ਼ਨਾਖਤ ਕਰਕੇ ਦੋ ਨੂੰ ਗ੍ਰਿਫਤਾਰ ਕਰ ਲਿਆ ਹੈ। ਕਾਰੋਬਾਰੀ ਦੇ ਮੁਤਾਬਕ ਬੈਗ 'ਚ ਲੈਪਟਾਪ, ਚਾਰਜਰ, ਆਧਾਰ ਕਾਰਡ ਸਮੇਤ ਹੋਰ ਸਾਮਾਨ ਸੀ। ਪੁਲਿਸ ਨੇ ਜਾਂਚ ਤੋਂ ਬਾਅਦ ਵਾਰਦਾਤ 'ਚ ਸ਼ਾਮਲ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ, ਜਦਕਿ ਤਿੰਨ ਹੋਰਾਂ ਦੀ ਭਾਲ ਕੀਤੀ ਜਾ ਰਹੀ ਹੈ। ਗੁਰਦੇਵ ਨਗਰ ਵਾਸੀ ਅਭਿਸ਼ੇਕ ਅਰੋੜਾ ਨੇ ਪੁਲਿਸ ਨੂੰ ਦੱਸਿਆ ਕਿ ਉਹ ਆਪਣੀ ਕਾਰ 'ਚ ਸਵਾਰ ਹੋ ਕੇ ਫੈਕਟਰੀ ਜਾ ਰਿਹਾ ਸੀ। ਸ਼ੇਰਪੁਰ ਚੌਂਕ ਨੇੜੇ ਰਸਤੇ 'ਚ ਜਾਮ ਲੱਗਾ ਹੋਣ ਕਾਰਨ ਉਸ ਨੇ ਕਾਰ ਸੜਕ ਦੇ ਕਿਨਾਰੇ ਖੜ੍ਹੀ ਕੀਤੀ। ਇਸੇ ਦੌਰਾਨ




ਕਾਰ ਦੇ ਇੰਜਣ 'ਚੋਂ ਧੂੰਆਂ ਨਿਕਲਣ ਲੱਗ ਪਿਆ। ਉਹ ਤੁਰੰਤ ਕਾਰ ਦਾ ਬੋਨਟ ਖੋਲ੍ਹ ਕੇ ਇੰਜਣ ਦੀ ਜਾਂਚ ਕਰਨ ਲੱਗਾ। ਇਸ ਦੌਰਾਨ ਉਸ ਦਾ ਧਿਆਨ ਕਾਰ ਵੱਲ ਹੋਣ ਦਾ ਫਾਇਦਾ ਚੁੱਕਦਿਆਂ ਪੰਜ ਵਿਅਕਤੀਆਂ ਨੇ ਕਾਰ ਦੀ ਡਿੱਕੀ ਖੋਲ੍ਹ ਕੇ ਅੰਦਰ ਪਿਆ ਬੈਗ ਚੋਰੀ ਕਰ ਲਿਆ ਅਤੇ ਫਰਾਰ ਹੋ ਗਏ। ਬੈਗ 'ਚ ਲੈਪਟਾਪ, ਸੋਨੀ ਵਾਈਓ, ਇੱਕ ਚਾਰਜਰ ਅਤੇ ਆਧਾਰ ਕਾਰਡ ਸਮੇਤ ਹੋਰ ਸਾਮਾਨ ਮੌਜੂਦ ਸੀ। ਕੁਝ ਸਮੇਂ ਬਾਅਦ ਬੈਗ ਨਾ ਮਿਲਣ 'ਤੇ ਕਾਰੋਬਾਰੀ ਨੂੰ ਚੋਰੀ ਦਾ ਪਤਾ ਲੱਗਾ। ਮਾਮਲੇ ਦੀ ਜਾਂਚ ਦੌਰਾਨ ਪੁਲਿਸ ਨੇ ਵਾਰਦਾਤ 'ਚ ਸ਼ਾਮਲ ਮੁਲਜ਼ਮਾਂ ਦੀ ਪਛਾਣ ਕਰ ਲਈ। ਪੁਲਿਸ ਨੇ ਅਮਨ ਯਾਦਵ ਅਤੇ ਆਕਾਸ਼ ਗਾਇਕਵਾੜ ਨੂੰ ਗ੍ਰਿਫ਼ਤਾਰ ਕਰ ਲਿਆ। ਪੁਲਿਸ ਮੁਤਾਬਕ ਵਾਰਦਾਤ 'ਚ ਸ਼ਾਮਲ ਸੂਰਜ, ਚੰਦਰੇ ਅਤੇ ਭੋਲੇ ਦੀ ਭਾਲ ਕੀਤੀ ਜਾ ਰਹੀ ਹੈ। ਗ੍ਰਿਫ਼ਤਾਰ ਮੁਲਜ਼ਮਾਂ ਤੋਂ ਪੁੱਛਗਿੱਛ ਕਰਕੇ ਚੋਰੀ ਦੇ ਸਾਮਾਨ ਦੀ ਬਰਾਮਦਗੀ ਅਤੇ ਬਾਕੀ ਮੁਲਜ਼ਮਾਂ ਬਾਰੇ ਜਾਣਕਾਰੀ ਹਾਸਲ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਡਰੋਨ ਮਿਲਣ ਦੀ ਖ਼ਬਰ ਫੈਲਦਿਆਂ ਹੀ ਇਲਾਕੇ ਵਿੱਚ ਤਰ੍ਹਾਂ-ਤਰ੍ਹਾਂ ਦੀਆਂ ਅਫਵਾਹਾਂ ਫੈਲਣ ਲੱਗ ਪਈਆਂ ਅਤੇ ਲੋਕਾਂ ਵਿੱਚ ਕੁਝ ਸਮੇਂ ਲਈ ਚਿੰਤਾ ਦਾ ਮਾਹੌਲ ਬਣ ਗਿਆ। ਚੌਕੀ ਇੰਚਾਰਜ ਗੁਰਦਿਆਲ ਸਿੰਘ ਨੇ ਸਪੱਸ਼ਟ ਕੀਤਾ ਕਿ ਮੁਢਲੀ ਜਾਂਚ ਵਿੱਚ ਇਹ ਖਿਡੌਣਾ ਡਰੋਨ ਜਾਪਦਾ ਹੈ ਅਤੇ ਦਹਿਸ਼ਤ ਵਾਲੀ ਕੋਈ ਗੱਲ ਨਹੀਂ ਹੈ। ਉਨ੍ਹਾਂ ਕਿਹਾ ਕਿ ਤਕਨੀਕੀ ਟੀਮ ਵੱਲੋਂ ਡਰੋਨ ਦੀ ਜਾਂਚ ਕਰਵਾਈ ਜਾਵੇਗੀ।

## ਦੌਰਾਂਗਲਾ ਇਲਾਕੇ 'ਚ ਬੈਟਰੀ ਚੋਰੀਆਂ ਦਾ ਸਿਲਸਿਲਾ ਜਾਰੀ

ਦੌਰਾਂਗਲਾ/ਗੁਰਦਾਸਪੁਰ 2 ਅਕਤੂਬਰ। ਥਾਣਾ ਦੌਰਾਂਗਲਾ ਅਧੀਨ ਆਉਂਦੇ ਵੱਖ-ਵੱਖ ਪਿੰਡਾਂ ਵਿੱਚ ਪਿਛਲੇ 10-15 ਦਿਨਾਂ ਤੋਂ ਬੈਟਰੀਆਂ ਚੋਰੀ ਹੋਣ ਦੀਆਂ ਘਟਨਾਵਾਂ ਲਗਾਤਾਰ ਸਾਹਮਣੇ ਆ ਰਹੀਆਂ ਹਨ। ਇਸ ਕਾਰਨ ਕਿਸਾਨਾਂ ਅਤੇ ਮਸ਼ੀਨਰੀ ਮਾਲਕਾਂ ਵਿੱਚ ਚਿੰਤਾ ਦਾ ਮਾਹੌਲ ਬਣਿਆ ਹੋਇਆ ਹੈ। ਇਲਾਕਾ ਵਾਸੀਆਂ ਦਾ ਕਹਿਣਾ ਹੈ ਕਿ ਲਗਾਤਾਰ ਹੋ ਰਹੀਆਂ ਚੋਰੀਆਂ ਦੇ ਬਾਵਜੂਦ ਪੁਲਸ ਵੱਲੋਂ ਅਜੇ ਤੱਕ ਕਿਸੇ ਚੋਰ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਨਹੀਂ ਕੀਤੀ ਗਈ। ਬੀਤੀ ਰਾਤ ਪਿੰਡ ਦਬੂੜੀ ਵਿੱਚ ਚੋਰਾਂ ਵੱਲੋਂ ਇੱਕ ਕੰਬਾਈਨ ਅਤੇ ਦੋ ਟਰੈਕਟਰਾਂ ਨੂੰ ਨਿਸ਼ਾਨਾ ਬਣਾਉਂਦਿਆਂ ਚਾਰ ਬੈਟਰੀਆਂ ਚੋਰੀ ਕਰ ਲਈਆਂ ਗਈਆਂ। ਸਵੇਰੇ ਜਦੋਂ ਮਸ਼ੀਨਰੀ ਮਾਲਕਾਂ ਨੂੰ ਇਸ ਘਟਨਾ ਦਾ ਪਤਾ ਲੱਗਾ ਤਾਂ ਉਨ੍ਹਾਂ ਵੱਲੋਂ ਤੁਰੰਤ ਇਸ ਸਬੰਧੀ ਪੁਲਸ ਨੂੰ ਸੂਚਿਤ ਕੀਤਾ ਗਿਆ।

## ਡਾ: ਵਿਵੇਕ ਨੂੰ ਮਹਾਤਮਾ ਗਾਂਧੀ ਗੌਰਵ ਸਨਮਾਨ ਮਿਲਿਆ

ਜੈਪੁਰ-ਅਧਾਰਤ ਬਾਲ ਰੋਗ ਵਿਗਿਆਨੀ ਡਾ. ਵਿਵੇਕ ਸ਼ਰਮਾ ਨੂੰ ਜੀਵਰਣ ਫਾਊਂਡੇਸ਼ਨ, ਪ੍ਰਯਾਗਰਾਜ ਦੁਆਰਾ ਮਹਾਤਮਾ ਗਾਂਧੀ ਦੀ ਮੁੱਢਲੀ ਸਿੱਖਿਆ (ਨਈ ਤਾਲੀਮ) ਨੂੰ ਲਾਗੂ ਕਰਨ 'ਤੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਅਖਬਾਰਾਂ ਅਤੇ ਰਸਾਲਿਆਂ ਵਿੱਚ ਪ੍ਰਕਾਸ਼ਿਤ ਲੇਖਾਂ ਲਈ ਮਹਾਤਮਾ ਗਾਂਧੀ ਗੌਰਵ ਸਨਮਾਨ ਨਾਲ ਸਨਮਾਨਿਤ ਕੀਤਾ ਗਿਆ ਹੈ। ਇਹ ਲੇਖ ਡਿਸਲੈਕਸੀਆ ਤੋਂ ਪੀੜਤ ਬੱਚਿਆਂ ਲਈ ਬਿਹਤਰ



ਸਿੱਖਿਆ ਵਿੱਚ ਉਨ੍ਹਾਂ ਦੇ ਯਤਨਾਂ ਲਈ ਸਨ। ਡਾ. ਵਿਵੇਕ ਉਨ੍ਹਾਂ ਬੱਚਿਆਂ ਦੀ ਸਿੱਖਿਆ 'ਤੇ ਵੀ ਕੰਮ ਕਰ ਰਹੇ ਹਨ ਜਿਨ੍ਹਾਂ ਨੂੰ ਪੜ੍ਹਨ ਅਤੇ ਲਿਖਣ ਵਿੱਚ ਮੁਸ਼ਕਲ ਆਉਂਦੀ ਹੈ। ਉਨ੍ਹਾਂ ਦੇ ਯਤਨਾਂ ਦਾ ਉਦੇਸ਼ ਅਜਿਹੇ ਬੱਚਿਆਂ ਨੂੰ ਮਹਾਤਮਾ ਗਾਂਧੀ ਦੀ ਮੁੱਢਲੀ ਸਿੱਖਿਆ ਰਾਹੀਂ ਬਿਹਤਰ ਅਤੇ ਸਹਿਯੋਗੀ ਸਿੱਖਿਆ ਦਾ ਮੌਕਾ ਦੇਣਾ ਹੈ। ਫਾਊਂਡੇਸ਼ਨ ਡਾ. ਵਿਵੇਕ ਦੇ ਯਤਨਾਂ ਦੀ ਕਦਰ ਕਰਦੀ ਹੈ।

# ਸਤਵੀਂ ਵਿਸ਼ਵ ਪੰਜਾਬੀ ਕਾਨਫਰੰਸ ਦਾ ਸ਼ੁੱਭ ਆਰੰਭ, ਸਾਹਿਤਕ ਤੇ ਸਿਆਸੀ ਸ਼ਖ਼ਸੀਅਤਾਂ ਨੇ ਕੀਤੀ ਸ਼ਿਰਕਤ।

ਬਰੈਂਪਟਨ, 2 ਅਕਤੂਬਰ: ਵਿਸ਼ਵ ਪੰਜਾਬੀ ਸਭਾ ਕੈਨੇਡਾ ਵੱਲੋਂ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਨੂੰ ਸਮਰਪਿਤ ਸਤਵੀਂ ਵਿਸ਼ਵ ਪੰਜਾਬੀ ਕਾਨਫਰੰਸ ਦਾ ਅੱਜ ਪੰਜਾਬੀ ਭਵਨ, ਬਰੈਂਪਟਨ ਵਿਖੇ ਸ਼ਾਨਦਾਰ ਆਗਾਜ਼ ਹੋਇਆ। 2 ਤੋਂ 4 ਅਕਤੂਬਰ ਤੱਕ ਚੱਲਣ ਵਾਲੀ ਇਸ ਕਾਨਫਰੰਸ ਵਿੱਚ ਭਾਰਤ, ਲਹਿੰਦੇ ਪੰਜਾਬ, ਕੈਨੇਡਾ, ਅਮਰੀਕਾ, ਇੰਗਲੈਂਡ, ਨਿਊਜ਼ੀਲੈਂਡ ਸਮੇਤ ਵੱਖ-ਵੱਖ ਦੇਸ਼ਾਂ ਤੋਂ ਸਾਹਿਤਕ, ਸਮਾਜਿਕ ਅਤੇ ਸਿਆਸੀ ਸ਼ਖ਼ਸੀਅਤਾਂ ਸ਼ਿਰਕਤ ਕਰ ਰਹੀਆਂ ਹਨ। ਇਸ ਉਦਘਾਟਨੀ ਸਮਾਗਮ ਦੇ ਮੁੱਖ ਮਹਿਮਾਨ ਸਨ ਪਦਮ ਸ੍ਰੀ ਕਰਤਾਰ ਸਿੰਘ ਆਈ ਪੀ ਐਸ। ਇਨ੍ਹਾਂ ਨੂੰ ਇਸ ਪ੍ਰੋਗਰਾਮ ਵਿੱਚ ਲਾਈਫ ਟਾਈਮ achievement ਐਵਾਰਡ ਦਿੱਤਾ ਗਿਆ। ਕਾਨਫਰੰਸ ਦੇ ਉਦਘਾਟਨੀ ਸਮਾਗਮ ਦੀ ਸ਼ੁਰੂਆਤ ਖ਼ਾਲਸਾ ਸਕੂਲ ਦੇ ਬੱਚਿਆਂ ਵੱਲੋਂ ਸ਼ਬਦ ਗਾਇਨ ਨਾਲ ਕੀਤੀ ਗਈ। ਇਸ ਉਪਰੰਤ ਪੰਜਾਬੀ ਵਿੱਚ ਅਨੁਵਾਦ ਕੀਤੇ ਰਾਸ਼ਟਰੀ ਗਾਨ ਦਾ ਗਾਇਨ




ਕੀਤਾ ਗਿਆ। ਰੂਪ ਕਾਹਲੋਂ ਨੇ ਸਮਾਗਮ ਵਿੱਚ ਪਹੁੰਚੀਆਂ ਸਾਰੀਆਂ ਸ਼ਖ਼ਸੀਅਤਾਂ ਅਤੇ ਮਹਿਮਾਨਾਂ ਦਾ ਪੰਜਾਬੀ ਅੰਦਾਜ਼ ਵਿੱਚ ਸਵਾਗਤ ਕੀਤਾ। ਉਦਘਾਟਨੀ ਸਮਾਗਮ ਦੇ ਪ੍ਰਧਾਨਗੀ ਮੰਡਲ ਵਿੱਚ ਪਦਮ ਸ੍ਰੀ ਕਰਤਾਰ ਸਿੰਘ, ਆਈ.ਪੀ.ਐੱਸ., ਵਿਸ਼ਵ ਪੰਜਾਬੀ ਸਭਾ ਦੇ ਪ੍ਰਧਾਨ ਦਲਬੀਰ ਸਿੰਘ ਕਥੂਰੀਆ ਅਤੇ ਚਰਨਜੀਤ ਬਾਠ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਕਾਨਫਰੰਸ ਦੀ ਸ਼ਮ?ਹਾਂ ਰੌਸ਼ਨ ਕਰਨ ਦੀ ਰਸਮ ਡਾ. ਆਤਮਜੀਤ ਸਿੰਘ ਅਤੇ ਪ੍ਰਸਿੱਧ ਸਾਹਿਤਕਾਰ ਵਰਿਆਮ ਸਿੰਘ ਸੰਧੂ ਵੱਲੋਂ ਅਦਾ ਕੀਤੀ ਗਈ। ਇੰਦਰਜੀਤ ਸਿੰਘ ਬੱਲ ਵੱਲੋਂ ਸਵਾਗਤੀ ਸ਼ਬਦ ਪੇਸ਼ ਕੀਤੇ ਗਏ। ਵਿਸ਼ਵ ਪੰਜਾਬੀ ਕਾਨਫਰੰਸ ਦੇ ਉਦੇਸ਼ ਅਤੇ ਪੰਜਾਬੀ ਮਾਂ ਬੋਲੀ ਦੀ ਸੰਭਾਲ ਤੇ ਪ੍ਰਸਾਰ ਬਾਰੇ ਵਿਸ਼ਵ ਪੰਜਾਬੀ ਸਭਾ ਦੇ ਪ੍ਰਧਾਨ ਦਲਬੀਰ ਸਿੰਘ ਕਥੂਰੀਆ ਨੇ ਪ੍ਰਭਾਵਸ਼ਾਲੀ ਢੰਗ ਨਾਲ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਦੁਨੀਆ ਭਰ ਵਿੱਚ ਵੱਸਦੇ ਪੰਜਾਬੀਆਂ ਨੂੰ ਆਪਣੀ ਮਾਂ ਬੋਲੀ, ਸਾਹਿਤ ਅਤੇ ਸੱਭਿਆਚਾਰ ਨਾਲ ਜੋੜਨਾ ਅਜਿਹੀਆਂ ਕਾਨਫਰੰਸਾਂ ਦਾ ਮੁੱਖ ਮਕਸਦ ਹੈ। ਇਸ ਮੌਕੇ ਕੈਨੇਡਾ ਦੇ ਸੰਸਦ ਮੈਂਬਰ ਸੋਨੀਆ ਸਿੱਧੂ ਅਤੇ ਅਮਨਦੀਪ ਸਿੰਘ ਸੋਢੀ ਸਮੇਤ ਹੋਰ ਸਿਆਸੀ ਸ਼ਖ਼ਸੀਅਤਾਂ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸੰਸਦ ਮੈਂਬਰਾਂ ਨੇ ਦਲਬੀਰ ਸਿੰਘ ਕਥੂਰੀਆ ਵੱਲੋਂ ਪੰਜਾਬੀ ਮਾਂ ਬੋਲੀ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬੀ ਭਾਸ਼ਾ ਦੀ ਚੜ੍ਹਦੀ ਕਲਾ ਅਤੇ ਇਸ ਨੂੰ ਬਣਦਾ ਸਨਮਾਨ ਦਿਵਾਉਣ ਲਈ ਉਹ ਪਾਰਲੀਮੈਂਟ ਵਿੱਚ ਵੀ ਯਤਨ ਕਰਨਗੇ। ਸਮਾਗਮ ਦੌਰਾਨ ਡਾ. ਦਲਬੀਰ ਸਿੰਘ ਕਥੂਰੀਆ, ਵਰਿਆਮ ਸਿੰਘ ਸੰਧੂ, ਇੰਦਰਜੀਤ ਸਿੰਘ ਬੱਲ, ਅੰਮ੍ਰਿਤਪਾਲ ਸਿੰਘ ਦਰਦੀ, ਡਾਇਰੈਕਟਰ ਚੜ੍ਹਦੀ ਕਲਾ ਟਾਈਮ ਟੀਵੀ, ਪਰਗਟ ਸਿੰਘ ਬੱਗਾ ਅਤੇ ਦਰਸ਼ਨ ਦੇਵ ਸਿੰਘ ਅਰੋੜਾ ਸਮੇਤ ਕਈ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਰਹੀਆਂ। ਇਸ ਤੋਂ ਇਲਾਵਾ ਰੂਪ ਕਾਹਲੋਂ ਦੇ ਕਲੱਬ ਨਾਲ ਸਬੰਧਤ ਬੀਬੀਆਂ ਵੱਲੋਂ ਵੀ ਵੱਖ-ਵੱਖ ਦੇਸ਼ਾਂ ਤੋਂ ਪਹੁੰਚੀਆਂ ਪੰਜਾਬੀ ਸ਼ਖ਼ਸੀਅਤਾਂ ਦਾ ਪੰਜਾਬੀ ਰਵਾਇਤੀ ਅੰਦਾਜ਼ ਵਿੱਚ ਨਿੱਘਾ ਸਵਾਗਤ ਕੀਤਾ ਗਿਆ। ਕਾਨਫਰੰਸ ਦੇ ਪਹਿਲੇ ਦਿਨ ਹੀ ਪੰਜਾਬੀ ਮਾਂ ਬੋਲੀ, ਸਾਹਿਤ ਅਤੇ ਸੱਭਿਆਚਾਰ ਨੂੰ ਲੈ ਕੇ ਉਤਸ਼ਾਹ ਦਾ ਮਾਹੌਲ ਦੇਖਣ ਨੂੰ ਮਿਲਿਆ। ਅਗਲੇ ਦੋ ਦਿਨਾਂ ਦੌਰਾਨ ਕਾਨਫਰੰਸ ਵਿੱਚ ਪੰਜਾਬੀ ਭਾਸ਼ਾ, ਸਾਹਿਤ, ਸੱਭਿਆਚਾਰ, ਔਰਤ ਦੇ ਅਕਸ ਅਤੇ ਵਿਸ਼ਵ ਪੱਧਰ 'ਤੇ ਪੰਜਾਬੀ ਦੀ ਸਥਿਤੀ ਸਮੇਤ ਵੱਖ-ਵੱਖ ਅਹਿਮ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਹੋਵੇਗਾ।

### NAME CHANGE

I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

### NAME CHANGE

I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

### NAME CHANGE

I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

### NAME CHANGE

I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

### NAME CHANGE

I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

### NAME CHANGE

I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

### NAME CHANGE

I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

### PUBLIC NOTICE

It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

### PUBLIC NOTICE

ਉਨ੍ਹਾਂ ਅੱਗੇ ਕਿਹਾ, ਸਾਡੀ ਸਰਕਾਰ ਦਾ ਮੁੱਖ ਮਕਸਦ ਬੇਅਦਬੀ ਦੇ ਦੋਸ਼ੀਆਂ ਲਈ ਸਖ਼ਤ ਤੋਂ ਸਖ਼ਤ ਸਜ਼ਾ ਯਕੀਨੀ ਬਣਾਉਣਾ ਹੈ ਤਾਂ ਜੋ ਕੋਈ ਵੀ ਵਿਅਕਤੀ ਕਦੇ ਵੀ ਅਜਿਹਾ ਗੰਭੀਰ ਅਪਰਾਧ ਕਰਨ ਦੀ ਹਿੰਮਤ ਨਾ ਕਰ ਸਕੇ। 'ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਦੀਆਂ ਕੁਝ ਧਾਰਾਵਾਂ ਬਾਰੇ ਕੁਝ ਖਦਸ਼ੇ ਪ੍ਰਗਟਾਏ ਗਏ ਹਨ ਅਤੇ ਅਸੀਂ ਇਨ੍ਹਾਂ ਖਦਸ਼ਿਆਂ 'ਤੇ ਪੂਰੀ ਤਰ੍ਹਾਂ ਵਿਚਾਰ ਕਰਨ ਲਈ ਤਿਆਰ ਹਾਂ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਸ ਮਕਸਦ ਲਈ ਸਾਡੀ ਸਰਕਾਰ ਨੇ ਧਾਰਮਿਕ ਖੇਤਰ ਨਾਲ ਜੁੜੀਆਂ ਉੱਘੀਆਂ ਸ਼ਖ਼ਸੀਅਤਾਂ, ਬੁੱਧੀਜੀਵੀਆਂ ਅਤੇ ਕਾਨੂੰਨੀ ਮਾਹਿਰਾਂ ਵਾਲੀ ਸੱਤ ਮੈਂਬਰੀ ਕਮੇਟੀ ਦਾ ਗਠਨ ਕੀਤਾ ਹੈ। ਇਹ ਕਮੇਟੀ ਸ੍ਰੀ ਅਕਾਲ



ਤਖ਼ਤ ਸਾਹਿਬ ਵੱਲੋਂ ਗਠਿਤ ਪੈਨਲ ਨਾਲ ਵਿਸਥਾਰਪੂਰਵਕ ਸਲਾਹ-ਮਸ਼ਵਰਾ ਕਰੇਗੀ ਅਤੇ ਸੂਬਾ ਸਰਕਾਰ ਨੂੰ ਢੁਕਵੀਂ ਸੋਧ ਦੇਣ ਤੋਂ ਪਹਿਲਾਂ ਕਾਨੂੰਨ ਦੇ ਹਰ ਪਹਿਲੂ ਦੀ ਘੋਖ ਕਰੇਗੀ।

ਮੁੱਖ ਮੰਤਰੀ ਨੇ ਕਿਹਾ, ਸੁਝਾਈਆਂ ਗਈਆਂ ਸੋਧਾਂ 'ਤੇ ਵਿਸਥਾਰਪੂਰਵਕ ਚਰਚਾ ਕੀਤੀ ਜਾਵੇਗੀ ਤਾਂ ਜੋ ਸਾਰੇ ਕਾਨੂੰਨੀ, ਸੰਵਿਧਾਨਕ ਅਤੇ ਹੋਰ ਸਬੰਧਤ ਪਹਿਲੂਆਂ ਨੂੰ ਧਿਆਨ ਵਿੱਚ ਰੱਖਦਿਆਂ ਕੋਈ ਸੁਖਾਵਾਂ ਹੱਲ ਕੱਢਿਆ ਜਾ ਸਕੇ। ਮੈਂ ਨੋਡਲ ਅਧਿਕਾਰੀ, ਪੀ.ਸੀ.ਐਸ. ਹਰਜੀਤ ਸਿੰਘ ਸੰਧੂ ਨੂੰ ਹਦਾਇਤ ਕੀਤੀ ਹੈ ਕਿ ਉਹ ਭਵਿੱਖ ਦੀਆਂ ਮੀਟਿੰਗਾਂ ਲਈ ਮੁਕੰਮਲ ਤਾਲਮੇਲ ਯਕੀਨੀ ਬਣਾਉਣ ਅਤੇ ਕਮੇਟੀ ਨੂੰ ਲੋੜੀਂਦੀ ਸਹਾਇਤਾ ਮੁਹੱਈਆ ਕਰਵਾਉਣ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਮੈਂ ਕਮੇਟੀ ਮੈਂਬਰਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗਠਿਤ ਪੈਨਲ ਨਾਲ ਲਗਾਤਾਰ ਮੀਟਿੰਗਾਂ ਕਰਨ ਲਈ ਆਖਿਆ ਹੈ ਤਾਂ ਜੋ ਆਪਸੀ ਵਿਚਾਰ-ਵਟਾਂਦਰੇ ਅਤੇ ਸਹਿਮਤੀ ਨਾਲ ਲੋੜ ਮੁਤਾਬਕ ਕਾਨੂੰਨ ਵਿੱਚ ਜ਼ਰੂਰੀ ਸੋਧਾਂ ਕਰਨ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾ ਸਕੇ। ਇਸ ਲਈ ਨਿਰੰਤਰ ਮੀਟਿੰਗਾਂ ਕੀਤੀਆਂ ਜਾਣੀਆਂ ਚਾਹੀਦੀਆਂ ਹਨ ਤਾਂ ਜੋ ਦੋਵਾਂ ਧਿਰਾਂ ਦੀ ਤਸੱਲੀ ਹੋਣ 'ਤੇ ਸਰਬਸੰਮਤੀ ਬਣਾਈ ਜਾ ਸਕੇ।

ਮੁੱਖ ਮੰਤਰੀ ਨੇ ਅੱਗੇ ਕਿਹਾ, ਸ੍ਰੀ ਅਕਾਲ ਤਖ਼ਤ ਸਾਹਿਬ ਸਾਡੇ ਸਾਰਿਆਂ ਲਈ ਸਰਵਉੱਚ ਹੈ ਅਤੇ ਮੈਂ ਆਪਣੇ ਆਪ ਨੂੰ ਵਡਭਾਗਾ ਸਮਝਦਾ ਹਾਂ ਕਿ ਮੈਨੂੰ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਸਖ਼ਤ ਕਾਨੂੰਨ ਬਣਾ ਕੇ ਸੇਵਾ ਕਰਨ ਦਾ ਸੁਭਾਗ ਹਾਸਲ ਹੋਇਆ ਹੈ। ਸਾਡੀ ਸਰਕਾਰ ਇਸ ਸਮੁੱਚੀ ਪ੍ਰਕਿਰਿਆ ਨੂੰ ਪੂਰੇ ਸਤਿਕਾਰ ਅਤੇ ਸੰਵੇਦਨਸ਼ੀਲਤਾ ਨਾਲ ਨੇਪਰੇ ਚਾੜ੍ਹੇਗੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਬਿੱਲ ਕਾਨੂੰਨੀ ਮਾਹਿਰਾਂ ਨਾਲ ਵਿਆਪਕ ਸਲਾਹ-ਮਸ਼ਵਰੇ ਤੋਂ ਬਾਅਦ ਤਿਆਰ ਕੀਤਾ ਗਿਆ ਸੀ, ਜਿਸ ਦਾ ਸਪੱਸ਼ਟ ਉਦੇਸ਼ ਇਹ ਯਕੀਨੀ ਬਣਾਉਣਾ ਸੀ ਕਿ ਇਸ ਵਿੱਚ ਅਜਿਹੀ ਕੋਈ ਕਮੀ ਜਾਂ ਖਾਮੀ ਨਾ ਰਹਿ ਜਾਵੇ ਜੋ ਭਵਿੱਖ ਵਿੱਚ ਇਸ ਦੀ ਪ੍ਰਭਾਵਸ਼ੀਲਤਾ ਨੂੰ ਕਮਜ਼ੋਰ ਕਰ ਸਕੇ। ਜਦੋਂ ਵੀ ਬੇਅਦਬੀ ਦੀ ਕੋਈ ਘਟਨਾ ਵਾਪਰਦੀ ਹੈ, ਤਾਂ ਇਹ ਲੋਕਾਂ ਦੇ ਹਿਰਦਿਆਂ ਅਤੇ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚਾਉਂਦੀ ਹੈ ਅਤੇ ਇਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।

ਮੁੱਖ ਮੰਤਰੀ ਨੇ ਕਿਹਾ, ਸਾਡੀ ਸਰਕਾਰ ਨੇ ਬਿਲਕੁਲ ਨਵਾਂ ਕਾਨੂੰਨ ਲਿਆਉਣ ਦੀ ਬਜਾਏ ਮੌਜੂਦਾ ਕਾਨੂੰਨ ਵਿੱਚ ਸੋਧ ਕਰਨ ਦਾ ਫੈਸਲਾ ਕੀਤਾ ਤਾਂ ਜੋ ਸੋਧੇ ਹੋਏ ਕਾਨੂੰਨ ਨੂੰ ਮਨਜ਼ੂਰੀ ਲਈ ਰਾਜਪਾਲ ਕੋਲ ਭੇਜਿਆ ਜਾ ਸਕੇ। ਸਾਡਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਕਾਨੂੰਨੀ ਢਾਂਚਾ ਮਜ਼ਬੂਤ ਅਤੇ ਪ੍ਰਭਾਵਸ਼ਾਲੀ ਬਣਿਆ ਰਹੇ ਅਤੇ ਹਰ ਜਾਇਜ਼ ਕਾਨੂੰਨੀ ਅਤੇ ਸੰਵਿਧਾਨਕ ਚਿੰਤਾ ਦਾ ਨਿਪਟਾਰਾ ਵੀ ਕੀਤਾ ਜਾ ਸਕੇ।

ਉਨ੍ਹਾਂ ਕਿਹਾ, ਸਾਡੀ ਸਰਕਾਰ ਇੱਕ ਸਖ਼ਤ ਕਾਨੂੰਨ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤਾਂ ਜੋ ਬੇਅਦਬੀ ਕਰਨ ਵਾਲੇ ਕਿਸੇ ਵੀ ਵਿਅਕਤੀ ਲਈ ਸਖ਼ਤ ਤੋਂ ਸਖ਼ਤ ਸਜ਼ਾ ਨਿਰਧਾਰਤ ਕੀਤੀ ਜਾ ਸਕੇ। ਅਤੀਤ ਵਿੱਚ ਵਾਪਰੀਆਂ ਬੇਅਦਬੀ ਦੀਆਂ ਘਟਨਾਵਾਂ ਨੇ ਸਿੱਖ ਸੰਗਤ ਦੀਆਂ ਭਾਵਨਾਵਾਂ ਅਤੇ ਮਨਾਂ ਨੂੰ ਡੂੰਘੀ ਠੇਸ ਪਹੁੰਚਾਈ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰਤਾ ਅਤੇ ਮਰਿਆਦਾ ਦੀ ਪੂਰੀ ਤਰ੍ਹਾਂ ਸੁਰੱਖਿਆ ਯਕੀਨੀ ਬਣਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅਸੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੁੜੀਆਂ ਭਾਵਨਾਵਾਂ ਦਾ ਪੂਰਾ ਸਤਿਕਾਰ ਕਰਦੇ ਹਾਂ ਅਤੇ ਕਾਨੂੰਨ ਬੇਅਦਬੀ ਵਿਰੁੱਧ ਸਭ ਤੋਂ ਮਜ਼ਬੂਤ ਢਾਂਚਾ ਪ੍ਰਦਾਨ ਕਰਨਾ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡਾਂਗੇ।

ਉਨ੍ਹਾਂ ਕਿਹਾ, ਪ੍ਰਸਤਾਵਿਤ ਸੋਧਾਂ ਨੂੰ ਬਹੁਤ ਹੀ ਸੰਵੇਦਨਸ਼ੀਲਤਾ ਅਤੇ ਜ਼ਿੰਮੇਵਾਰੀ ਨਾਲ, ਸੰਵਿਧਾਨਕ ਅਤੇ ਕਾਨੂੰਨੀ ਸਿਧਾਂਤਾਂ ਦੀ ਪੂਰੀ ਤਰ੍ਹਾਂ ਪਾਲਣਾ ਕਰਦਿਆਂ ਅੱਗੇ ਵਧਾਇਆ ਜਾਵੇਗਾ। ਸੂਬਾ ਸਰਕਾਰ ਦਾ ਉਦੇਸ਼ ਸਪੱਸ਼ਟ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰਤਾ ਪੂਰੀ ਤਰ੍ਹਾਂ ਸੁਰੱਖਿਅਤ ਰਹਿਣੀ ਚਾਹੀਦੀ ਹੈ ਅਤੇ ਕਾਨੂੰਨ ਨੂੰ ਆਪਣੇ ਨਿਰਧਾਰਤ ਮਕਸਦ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੂਰਾ ਕਰਨਾ ਚਾਹੀਦਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਸ ਪ੍ਰਗਟਾਈ, ਕਮੇਟੀ ਦਾ ਵਿਚਾਰ-ਵਟਾਂਦਰਾ ਸਿੱਖ ਪੰਥ ਦੀਆਂ ਭਾਵਨਾਵਾਂ ਦੇ ਮੁਤਾਬਕ ਸਕਾਰਾਤਮਕ ਨਤੀਜੇ ਵੱਲ ਜਾਵੇਗਾ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰਤਾ ਦੀ ਰਾਖੀ ਲਈ ਕਾਨੂੰਨੀ ਢਾਂਚੇ ਨੂੰ ਹੋਰ ਮਜ਼ਬੂਤ ਕਰੇਗਾ। ਮੀਟਿੰਗ ਵਿੱਚ ਸ਼ਾਮਲ ਸੱਤ-ਮੈਂਬਰੀ ਉੱਚ-ਪੱਧਰੀ ਕਮੇਟੀ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ, ਦਮਦਮੀ ਟਕਸਾਲ ਦੀ ਨੁਮਾਇੰਦਗੀ ਕਰ ਰਹੇ ਬਾਬਾ ਸਾਹਿਬ ਸਿੰਘ, ਸੰਤ ਬਾਬਾ ਸੇਵਾ ਸਿੰਘ ਰਾਮਪੁਰ ਖੇੜਾ, ਜਸਟਿਸ (ਸੇਵਾ-ਮੁਕਤ) ਜਸਪਾਲ ਸਿੰਘ, ਜਸਟਿਸ (ਸੇਵਾ-ਮੁਕਤ) ਗੁਰਬੀਰ ਸਿੰਘ, ਆਈ.ਪੀ.ਐਸ. (ਸੇਵਾ-ਮੁਕਤ) ਜਤਿੰਦਰ ਸਿੰਘ ਔਲਖ ਅਤੇ ਕਾਨੂੰਨੀ ਅਧਿਕਾਰੀ ਪ੍ਰੀਤ ਇੰਦਰ ਪਾਲ ਸਿੰਘ ਸ਼ਾਮਲ ਸਨ। ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਮੀਟਿੰਗ ਵਿੱਚ ਆਨਲਾਈਨ ਸ਼ਮੂਲੀਅਤ ਕੀਤੀ।

ਇਸ ਮੌਕੇ ਪੰਜਾਬ ਬਿਊਰੋ ਆਫ਼ ਇਨਵੈਸਟੀਗੇਸ਼ਨ ਦੇ ਡਾਇਰੈਕਟਰ ਐਲ.ਕੇ. ਯਾਦਵ, ਵਕੀਲ ਜੀ.ਐਸ. ਘੁੰਮਣ ਅਤੇ ਜੀ.ਪੀ.ਐਸ. ਘੁੰਮਣ ਦੇ ਨਾਲ-ਨਾਲ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

## ਗੁਰਮਤਿ ਪ੍ਰਸਾਰ ਸੇਵਾ ਸੋਸਾਇਟੀ ਵਲੋਂ ਕਰਵਾਇਆ ਜੀਵਨ-ਜੁਗਤ ਸੈਮੀਨਾਰ



**ਚੰਡੀਗੜ੍ਹ, 2 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

)ਗੁਰਮਤਿ ਪ੍ਰਸਾਰ ਸੇਵਾ ਸੋਸਾਇਟੀ (ਰਜਿ.) ਵੱਲੋਂ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਸੈਕਟਰ 34, ਚੰਡੀਗੜ੍ਹ ਵਿਖੇ ਜੀਵਨ-ਜੁਗਤ ਸੈਮੀਨਾਰ ਕਰਵਾਇਆ ਗਿਆ ਜਾਣਕਾਰੀ ਦਿੰਦਿਆ ਡੀ ਪੀ ਸਿੰਘ ਸਾਬਕਾ ਸੀਈਓ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਸਾਬਕਾ ਸੀਈਓ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ, ਸਾਬਕਾ ਡੀਜੀਐਮ ਪੰਜਾਬ ਐਂਡ ਸਿੰਧ ਬੈਂਕ, ਮੈਂਬਰ, ਸਲਾਹਕਾਰ ਅਤੇ ਸਾਬਕਾ ਪ੍ਰਧਾਨ ਜੀਪੀਐਸਐਸ, ਬ੍ਰਾਂਚ ਇੰਚਾਰਜ ਤੇਰਾ ਹੀ ਤੇਰਾ ਮੈਡੀਕੋਜ਼ ਨੇ ਦੱਸਿਆ ਕਿ ਇਹ ਸੈਮੀਨਾਰ ਧੰਨ-ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਅਤੇ ਗੁਰਗੱਦੀ ਦਿਵਸ ਨੂੰ ਸਮਰਪਿਤ ਸੀ। ਸੈਮੀਨਾਰ ਵਿੱਚ ਲਗਭਗ 125 ਵਿਅਕਤੀਆਂ ਨੇ ਸ਼ਮੂਲੀਅਤ ਕੀਤੀ ਸੈਮੀਨਾਰ ਦਾ ਵਿਸ਼ਾ ਸੇਵਾ ਦਾ ਸਿੱਖ ਸੰਕਲਪ ਸੀ।

ਤਿੰਨ ਉੱਘੇ ਬੁਲਾਰਿਆਂ ਨੇ ਸੇਵਾ ਦੇ ਸੰਕਲਪ ਨੂੰ ਅਧਿਆਤਮਿਕ, ਸਮਾਜਿਕ ਅਤੇ ਮਨੋਵਿਗਿਆਨਕ ਦ੍ਰਿਸ਼ਟੀਕੋਣਾਂ ਤੋਂ ਵਿਚਾਰਿਆ।ਡਾ. ਬ੍ਰਿਜਪਾਲ ਸਿੰਘ (ਸੇਵਾਮੁਕਤ), ਜੋ ਪਹਿਲਾਂ ਐਲ.ਬੀ.ਐਸ. ਨੈਸ਼ਨਲ ਅਕੈਡਮੀ ਆਫ਼ ਐਡਮਿਨਿਸਟ੍ਰੇਸ਼ਨ, ਮਸੂਰੀ ਨਾਲ ਸੰਬੰਧਿਤ ਰਹੇ ਹਨ; ਡਾ. ਅਮਰਦੀਪ ਕੌਰ, ਐਮ.ਸੀ.ਐਮ. ਡੀ.ਏ.ਵੀ. ਕਾਲਜ, ਚੰਡੀਗੜ੍ਹ; ਅਤੇ ਡਾ. ਤਰੁਣਦੀਪ ਸਿੰਘ, ਐਡੀਸ਼ਨਲ ਪ੍ਰੋਫੈਸਰ, ਪੀ.ਜੀ.ਆਈ. ਚੰਡੀਗੜ੍ਹ (MBBS, MD), ਨੇ ਸੇਵਾ ਦੇ ਵੱਖ-ਵੱਖ ਪੱਖਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।

ਬੁਲਾਰਿਆਂ ਨੇ ਉਜਾਗਰ ਕੀਤਾ ਕਿ ਸੇਵਾ ਸਿੱਖ ਜੀਵਨ ਦਾ ਇੱਕ ਕੇਂਦਰੀ ਸਿਧਾਂਤ ਹੈ, ਜੋ ਨਿਮਰਤਾ ਅਤੇ ਦਇਆ ਦੀ ਭਾਵਨਾ ਨੂੰ ਉਤਸ਼ਾਹਿਤ ਕਰਦੀ ਹੈ ਅਤੇ ਸਮਾਜ ਦੀ ਭਲਾਈ ਤੇ ਮਜ਼ਬੂਤੀ ਵਿੱਚ ਯੋਗਦਾਨ ਪਾਉਂਦੀ ਹੈ।

ਇਸ ਮੌਕੇ ਸੋਸਾਇਟੀ ਦੇ ਪ੍ਰਧਾਨ ਸ. ਹਰਸ਼ ਬੀਰ ਸਿੰਘ ਨੇ ਬੁਲਾਰਿਆਂ ਅਤੇ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਸੈਕਟਰ 34 ਦੇ ਪ੍ਰਧਾਨ ਸ. ਤੇਜਵੰਤ ਸਿੰਘ ਗਿੱਲ ਦਾ ਉਨ੍ਹਾਂ ਦੇ ਸਹਿਯੋਗ ਲਈ ਧੰਨਵਾਦ ਕੀਤਾ। ਉਨ੍ਹਾਂ ਨੇ ਸਿੱਖ ਜੀਵਨ ਵਿੱਚ ਸੇਵਾ ਨੂੰ ਇੱਕ ਅਟੁੱਟ ਅੰਗ ਵਜੋਂ ਅਪਣਾਉਣ ਅਤੇ ਇਸ ਦੀ ਭਾਵਨਾ ਨੂੰ ਰੋਜ਼ਾਨਾ ਜੀਵਨ ਵਿੱਚ ਅਮਲ ਵਿੱਚ ਲਿਆਉਣ ਦੀ ਲੋੜ 'ਤੇ ਜ਼ੋਰ ਦਿੱਤਾ ਬੁਲਾਰਿਆਂ ਅਤੇ ਪ੍ਰਧਾਨ ਸ. ਤੇਜਵੰਤ ਸਿੰਘ ਗਿੱਲ ਨੂੰ ਪ੍ਰਬੰਧਕ ਕਮੇਟੀ ਵੱਲੋਂ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਸੈਮੀਨਾਰ ਦੀ ਸਮਾਪਤੀ ਅਰਦਾਸ ਉਪਰੰਤ ਗੁਰੂ ਕਾ ਲੰਗਰ ਵਰਤਾਉਣ ਨਾਲ ਹੋਈ।

## ਜਤੋਲੀ ਵਿਖੇ 49 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਟਿਊਬਵੈਲ ਦਾ ਉਦਘਾਟਨ



**ਰੂਪਨਗਰ, 2 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜਤੋਲੀ ਵਿਖੇ ਕਿਸਾਨਾਂ ਨੂੰ ਸਿੰਚਾਈ ਲਈ ਬਿਹਤਰ ਪਾਣੀ ਦੀ ਸਹੂਲਤ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਤਿਆਰ ਕੀਤੇ ਗਏ ਨਵੇਂ ਟਿਊਬਵੈਲ ਦਾ ਉਦਘਾਟਨ ਹਲਕਾ ਰੂਪਨਗਰ ਦੇ ਵਿਧਾਇਕ ਐਡਵੋਕੇਟ ਦਿਨੇਸ਼ ਕੁਮਾਰ ਚੱਢਾ ਵੱਲੋਂ ਕੀਤਾ ਗਿਆ। ਇਸ ਮੌਕੇ ਟਿਊਬਵੈਲ ਕਾਰਪੋਰੇਸ਼ਨ ਦੇ ਅਧਿਕਾਰੀ, ਐਸ.ਡੀ.ਓ., ਐਕਸੀਅਨ ਅਤੇ ਹੋਰ ਸਬੰਧਤ ਅਧਿਕਾਰੀ ਵੀ ਮੌਜੂਦ ਸਨ। ਵਿਧਾਇਕ ਦਿਨੇਸ਼ ਕੁਮਾਰ ਚੱਢਾ ਨੇ ਕਿਹਾ ਕਿ ਖੇਤੀਬਾੜੀ ਲਈ ਪਾਣੀ ਦੀ ਉਪਲਬਧਤਾ ਕਿਸਾਨਾਂ ਲਈ ਬਹੁਤ ਮਹੱਤਵਪੂਰਨ ਹੈ ਅਤੇ ਇਸੇ ਲੋੜ ਨੂੰ ਧਿਆਨ ਵਿੱਚ ਰੱਖਦਿਆਂ ਜਤੋਲੀ ਵਿਖੇ ਇਹ ਟਿਊਬਵੈਲ ਪ੍ਰਾਜੈਕਟ ਮੁਕੰਮਲ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਟਿਊਬਵੈਲ ਦੇ ਨਿਰਮਾਣ 'ਤੇ ਕੁੱਲ 49 ਲੱਖ ਰੁਪਏ ਦੀ ਲਾਗਤ ਆਈ ਹੈ। ਇਹ ਟਿਊਬਵੈਲ ਲਗਭਗ 100 ਏਕੜ ਰਕਬੇ ਨੂੰ ਸਿੰਚਾਈ ਦੀ ਸਹੂਲਤ ਪ੍ਰਦਾਨ ਕਰੇਗਾ। ਟਿਊਬਵੈਲ ਦੀ ਡੂੰਘਾਈ ਕਰੀਬ 1000 ਫੁੱਟ ਹੈ, ਜਦਕਿ ਪਾਣੀ ਦੀ ਸਪਲਾਈ ਲਈ 1875 ਮੀਟਰ ਲੰਬੀ ਪਾਈਪਲਾਈਨ ਵਿਛਾਈ ਗਈ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰਾਜੈਕਟ ਦੇ ਮੁਕੰਮਲ ਹੋਣ ਨਾਲ ਇਲਾਕੇ ਦੇ ਕਿਸਾਨਾਂ ਨੂੰ ਆਪਣੀਆਂ ਫ਼ਸਲਾਂ ਦੀ ਸਿੰਚਾਈ ਲਈ ਪਾਣੀ ਦੀ ਉਪਲਬਧਤਾ ਵਿੱਚ ਸਹੂਲਤ ਮਿਲੇਗੀ ਅਤੇ ਖੇਤੀਬਾੜੀ ਨਾਲ ਜੁੜੀਆਂ ਲੋੜਾਂ ਨੂੰ ਪੂਰਾ ਕਰਨ ਵਿੱਚ ਮਦਦ ਮਿਲੇਗੀ।

ਐਡਵੋਕੇਟ ਦਿਨੇਸ਼ ਕੁਮਾਰ ਚੱਢਾ ਨੇ ਕਿਹਾ ਕਿ ਇਲਾਕੇ ਦੇ ਕਿਸਾਨਾਂ ਵੱਲੋਂ ਲੰਮੇ ਸਮੇਂ ਤੋਂ ਸਿੰਚਾਈ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨ ਦੀ ਮੰਗ ਕੀਤੀ ਜਾ ਰਹੀ ਸੀ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਖੇਤੀਬਾੜੀ ਨਾਲ ਸਬੰਧਤ ਜ਼ਰੂਰਤਾਂ ਨੂੰ ਵੀ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਨਵੇਂ ਟਿਊਬਵੈਲ ਨਾਲ 100 ਏਕੜ ਦੇ ਕਰੀਬ ਖੇਤੀਬਾੜੀ ਰਕਬੇ ਨੂੰ ਸਿੰਚਾਈ ਦੀ ਸਹੂਲਤ ਮਿਲਣ ਨਾਲ ਕਿਸਾਨਾਂ ਨੂੰ ਕਾਫ਼ੀ ਲਾਭ ਹੋਵੇਗਾ ਅਤੇ ਫ਼ਸਲਾਂ ਦੀ ਪੈਦਾਵਾਰ ਲਈ ਪਾਣੀ ਦੀ ਉਪਲਬਧਤਾ ਹੋਰ ਸੁਚਾਰੂ ਬਣੇਗੀ।

ਇਸ ਮੌਕੇ ਟਿਊਬਵੈਲ ਕਾਰਪੋਰੇਸ਼ਨ ਦੇ ਐਸ.ਡੀ.ਓ., ਐਕਸੀਅਨ ਅਤੇ ਹੋਰ ਅਧਿਕਾਰੀਆਂ ਨੇ ਵਿਧਾਇਕ ਨੂੰ ਪ੍ਰਾਜੈਕਟ ਦੀ ਤਕਨੀਕੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਟਿਊਬਵੈਲ ਨੂੰ ਤਕਨੀਕੀ ਮਾਪਦੰਡਾਂ ਅਨੁਸਾਰ ਤਿਆਰ ਕੀਤਾ ਗਿਆ ਹੈ। ਅਧਿਕਾਰੀਆਂ ਨੇ ਦੱਸਿਆ ਕਿ ਕਰੀਬ 1000 ਫੁੱਟ ਡੂੰਘੇ ਟਿਊਬਵੈਲ ਤੋਂ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਉਣ ਲਈ 1875 ਮੀਟਰ ਲੰਬੀ ਪਾਈਪਲਾਈਨ ਵਿਛਾਈ ਗਈ ਹੈ। ਵਿਧਾਇਕ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਟਿਊਬਵੈਲ ਨਾਲ ਸਬੰਧਤ ਸਾਰੇ ਪ੍ਰਬੰਧਾਂ ਦੀ ਨਿਯਮਤ ਨਿਗਰਾਨੀ ਕੀਤੀ ਜਾਵੇ ਅਤੇ ਕਿਸਾਨਾਂ ਨੂੰ ਪਾਣੀ ਦੀ ਸਪਲਾਈ ਵਿੱਚ ਕਿਸੇ ਕਿਸਮ ਦੀ ਦਿੱਕਤ ਨਾ ਆਉਣ ਦਿੱਤੀ ਜਾਵੇ। ਵਿਧਾਇਕ ਦਿਨੇਸ਼ ਕੁਮਾਰ ਚੱਢਾ ਨੇ ਕਿਹਾ ਕਿ ਪਿੰਡਾਂ ਦੇ ਵਿਕਾਸ ਅਤੇ ਕਿਸਾਨਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਵਿਕਾਸ ਕਾਰਜਾਂ ਨੂੰ ਲਗਾਤਾਰ ਅੱਗੇ ਵਧਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜਤੋਲੀ ਟਿਊਬਵੈਲ ਨਾਲ ਨਾ ਸਿਰਫ਼ ਸਿੰਚਾਈ ਦੀ ਸਹੂਲਤ ਵਿੱਚ ਸੁਧਾਰ ਹੋਵੇਗਾ, ਸਗੋਂ ਇਸ ਨਾਲ ਖੇਤੀਬਾੜੀ ਨਾਲ ਜੁੜੇ ਲੋਕਾਂ ਨੂੰ ਵੀ ਸਿੱਧਾ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਅਤੇ ਕਿਸਾਨਾਂ ਵੱਲੋਂ ਉਠਾਈਆਂ ਜਾਂਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਸਬੰਧਤ ਵਿਭਾਗਾਂ ਰਾਹੀਂ ਹੱਲ ਕਰਵਾਉਣ ਲਈ ਯਤਨ ਜਾਰੀ ਰਹਿਣਗੇ। ਇਸ ਮੌਕੇ ਚੌਧਰੀ ਹੁਸਨ ਲਾਲ ਚੌਹਾਨ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਜਰਨੈਲ ਲਾਲੀ, ਸੰਮਤੀ ਮੈਂਬਰ ਹਰਵਿੰਦਰ ਬਿੰਦੀ, ਬਲਾਕ ਸੰਮਤੀ ਮੈਂਬਰ ਸਤਨਾਮ ਨਾਗਰਾ, ਚਮਨ ਭਾਟੀਆ, ਡਾਇਰੈਕਟਰ ਨਰਿੰਦਰ ਝਾਂਡੀਆਂ, ਸ਼ਾਮ ਕਿਸਾਨਾ, ਰਜਿੰਦਰ ਕੁਮਾਰ ਸਾਬਕਾ ਸਰਪੰਚ,ਭਜਨ ਲਾਲ ਸੋਢੀ, ਮੋਹਨ ਲਾਲ ਠੇਕੇਦਾਰ ਭੂੰਬਲਾ, ਮਲਕੀਤ ਸਿੰਘ ਸਾਬਕਾ ਸਰਪੰਚ, ਰਕੇਸ਼, ਨਰਿੰਦਰ ਕੁਮਾਰ ਬੰਟੀ ਤੂੰਬਲਾ, ਸ਼ਰਨ ਦਾਸ, ਜੋਗਿੰਦਰ ਸਰਪੰਚ, ਰਾਮ ਚੰਦ, ਕਮਲ ਚੌਧਰੀ, ਬੇਅੰਤ ਰਾਏ ਸੈਣੀ, ਨਾਨਕ ਚੰਦ ਜੀਤੀ ਚੌਧਰੀ, ਹੈਪੀ ਚੌਧਰੀ, ਸੋਹਨ ਲਾਲ ਚੌਧਰੀ, ਮੋਹਨ ਲਾਲ ਹਾਜ਼ਰ ਸਨ।

# 500 ਡਰੋਨਾਂ ਨੇ ਸ੍ਰੀ ਅਨੰਦਪੁਰ ਸਾਹਿਬ ਦੇ ਅਸਮਾਨ ਨੂੰ ਕੀਤਾ ਰੌਸ਼ਨ, ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਫਲਸਫ਼ੇ ਦੀ ਬਾਕਮਾਲ ਪੇਸ਼ਕਾਰੀ

**➢ ਪੰਜਾਬ ਸਰਕਾਰ ਨੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਰਾ ਸਾਲ ਸਮਾਗਮਾਂ ਦੀ ਲੜੀ ਚਲਾਈ : ਹਰਜੋਤ ਬੈਂਸ**

**➢ ਸਮਾਗਮਾਂ ਲਈ ਪੰਜਾਬ ਸਰਕਾਰ ਨੇ 100 ਕਰੋੜ ਰੁਪਏ ਦਾ ਬਜਟ ਰੱਖਿਆ, ਕਈ ਵੱਡੇ ਪ੍ਰਾਜੈਕਟ ਕੀਤੇ ਸਮਰਪਿਤ**

**ਸ੍ਰੀ ਅਨੰਦਪੁਰ ਸਾਹਿਬ, 2 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਡਰੋਨ ਸ਼ੋਅਜ ਦੀ ਲੜੀ ਤਹਿਤ ਐਤਵਾਰ ਸ਼ਾਮ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ਼ਾਨਦਾਰ ਡਰੋਨ ਸ਼ੋਅ ਕਰਾਇਆ ਗਿਆ, ਜਿਸ ਵਿੱਚ 500 ਡਰੋਨਾਂ ਨੇ ਅਸਮਾਨ ਵਿੱਚ ਗੁਰੂ ਜੀ ਦੀਆਂ ਮਹਾਨ ਸਿੱਖਿਆਵਾਂ, ਸੱਚੀ ਸੁੱਚੀ ਕਿਰਤ ਅਤੇ ਫ਼ਲਸਫ਼ੇ ਬਾਰੇ ਬਾਕਮਾਲ ਪੇਸ਼ਕਾਰੀ ਕੀਤੀ ।

ਵੱਡੀ ਗਿਣਤੀ ਵਿੱਚ ਮੌਜੂਦ ਸੰਗਤ ਨੇ ਵਿਲੱਖਣ ਏਰੀਅਲ ਸ਼ੋਅ ਰਾਹੀਂ ਤਕਨਾਲੋਜੀ ਅਤੇ ਅਧਿਆਤਮਿਕਤਾ ਦਾ ਸੁਮੇਲ ਬਹੁਤ ਹੀ ਭਾਵਨਾ ਨਾਲ ਦੇਖਿਆ । ਸ਼ੋਅ ਦੌਰਾਨ 500 ਡਰੋਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਫਲਸਫ਼ੇ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ ਜਿਸ ਵਿੱਚ ਗੁਰੂ ਜੀ ਦੇ ਬਰਾਬਰੀ, ਭਾਈਚਾਰਕ ਸਾਂਝ, ਦਇਆ, ਸਮਾਜਿਕ ਨਿਆਂ ਅਤੇ ਮਨੁੱਖੀ ਸਨਮਾਨ ਦਾ ਸਦੀਵੀ ਸੰਦੇਸ਼ ਦੀ ਪੇਸ਼ਕਾਰੀ ਕੀਤੀ ਗਈ।

ਸੰਗਤ ਨੂੰ ਸੰਬੋਧਨ ਕਰਦਿਆਂ ਹਰਜੋਤ ਸਿੰਘ ਬੈਂਸ ਹਲਕਾ ਵਿਧਾਇਕ ਤੇ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਗੁਰੂ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ-ਵੱਖ ਸਮਾਗਮਾਂ ਦੀ ਲੜੀ ਸਾਰਾ ਸਾਲ ਚਲਾਈ ਜਾ ਰਹੀ ਹੈ ਤਾਂ ਜੋ ਗੁਰੂ ਜੀ ਦੀਆਂ ਮਹਾਨ ਸਿੱਖਿਆਵਾਂ ਦਾ ਪ੍ਰਸਾਰ ਕਰਕੇ ਖ਼ਾਸਕਰ ਨੌਜਵਾਨ ਪੀੜ੍ਹੀ ਨੂੰ ਜਾਣੂ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਸ਼ਾਨਦਾਰ ਡਰੋਨ ਸ਼ੋਅ ਸ੍ਰੀ ਗੁਰੂ ਰਵਿਦਾਸ ਜੀ ਨੂੰ ਢੁਕਵੀਂ ਸ਼ਰਧਾਂਜਲੀ ਹੈ ਅਤੇ ਉਨ੍ਹਾਂ ਦੇ ਸਦੀਵੀ ਸੰਦੇਸ਼ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਨਿਵੇਕਲਾ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਡਰੋਨ ਸ਼ੋਅ ਨਹੀਂ, ਸਗੋਂ ਨਵੀਂ ਪੀੜ੍ਹੀ ਲਈ ਗੁਰੂ ਜੀ ਦੇ ਬਰਾਬਰੀ ਅਤੇ ਮਨੁੱਖੀ ਸਨਮਾਨ ਦੇ ਸੰਦੇਸ਼ ਦੀ ਪ੍ਰਭਾਵਸ਼ਾਲੀ ਪੇਸ਼ਕਾਰੀ ਹੈ ਜਿਸ ਤੋਂ ਸਾਰਿਆਂ ਨੂੰ ਗੁਰੂ ਜੀ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਮਿਲਦੀ ਹੈ।

ਸ੍ਰ.ਬੈਂਸ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪ੍ਰੋਗਰਾਮਾਂ ਲਈ 100 ਕਰੋੜ ਰੁਪਏ ਰਾਖਵੇਂ ਰੱਖੇ ਗਏ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ



ਸਿੱਖਿਆਵਾਂ 'ਤੇ ਆਧਾਰਿਤ ਡਾਕੂਮੈਂਟਰੀ ਸ਼ੋਅ 13,000 ਪਿੰਡਾਂ ਵਿੱਚ ਦਿਖਾਏ ਜਾ ਰਹੇ ਹਨ, ਜਿਸ ਰਾਹੀਂ ਗੁਰੂ ਜੀ ਦਾ ਸੰਦੇਸ਼ ਜ਼ਮੀਨੀ ਪੱਧਰ ਤੱਕ ਪਹੁੰਚਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਸੂਬੇ ਭਰ ਦੇ ਵਿੱਦਿਅਕ ਅਦਾਰਿਆਂ ਵਿੱਚ ਵਿਦਿਆਰਥੀਆਂ ਲਈ ਗੁਰੂ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਸੈਮੀਨਾਰ ਵੀ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਅਸੀਂ ਸਾਰੇ ਬਹੁਤ ਖੁਸ਼ਕਿਸਮਤ ਹਾਂ ਕਿ ਸ੍ਰੀ ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ ਸਾਲ ਭਰ ਚੱਲਣ ਵਾਲੇ ਸਮਾਗਮਾਂ ਨਾਲ ਮਨਾਉਣ ਦਾ ਮੌਕਾ ਮਿਲ ਰਿਹਾ ਹੈ, ਜਿਸ ਤਹਿਤ ਸੈਮੀਨਾਰਾਂ, ਡਾਕੂਮੈਂਟਰੀ ਸ਼ੋਅ ਅਤੇ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ। ਉਨ੍ਹਾਂ ਲੋਕਾਂ ਨੂੰ ਸੱਦਾ ਦਿੱਤਾ ਕਿ ਇਸ ਇਤਿਹਾਸਕ ਪੁਰਬ ਨੂੰ ਪੂਰੀ ਸ਼ਰਧਾ ਅਤੇ ਏਕਤਾ ਨਾਲ ਮਨਾਉਂਦਿਆਂ ਗੁਰੂ ਜੀ ਦੇ ਮਹਾਨ ਸੰਦੇਸ਼ ਨੂੰ ਹੋਰ ਅੱਗੇ ਪਹੁੰਚਾਇਆ ਜਾਵੇ।

ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਪੂਰੀ ਸ਼ਰਧਾ ਨਾਲ ਮਨਾਉਂਦਿਆ ਆਧੁਨਿਕ ਮਾਧਿਅਮਾਂ ਰਾਹੀਂ ਗੁਰੂ ਜੀ ਦੇ ਸਰਬ-ਸਾਂਝੇ ਫਲਸਫ਼ੇ ਨੂੰ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾਂ ਤਹਿਤ ਸੂਬੇ ਭਰ ਵਿੱਚ 92 ਡਰੋਨ ਸ਼ੋਅ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਦਾ ਉਦੇਸ਼ ਨੌਜਵਾਨ ਪੀੜ੍ਹੀ ਨੂੰ ਗੁਰੂ ਜੀ ਦੇ ਇਨਕਲਾਬੀ ਫਲਸਫ਼ੇ ਤੋਂ ਜਾਣੂ ਕਰਵਾਉਣ ਦੇ ਨਾਲ-ਨਾਲ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਲੋਕਾਂ ਤੱਕ ਪਹੁੰਚਾਉਣਾ ਹੈ, ਜੋ ਅੱਜ ਦੇ ਸਮੇਂ ਵਿੱਚ ਵੀ ਪੂਰੀ ਤਰ੍ਹਾਂ ਪ੍ਰਸੰਗਿਕ ਹਨ।

ਸਮਾਗਮ ਦੌਰਾਨ ਵੱਖ-ਵੱਖ ਧਾਰਮਿਕ ਸਭਾਵਾਂ ਦੇ ਆਗੂ ਵੱਡੀ ਗਿਣਤੀ ਵਿਚ ਸੰਗਤ ਨਾਲ ਮੌਜੂਦ ਸਨ। ਡਰੋਨ ਸ਼ੋਅ ਦੌਰਾਨ ਗੁਰਬਾਣੀ ਦੇ ਸ਼ਬਦ ਅਤੇ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ।

ਇਸ ਮੌਕੇ ਸੁਖਪਾਲ ਸਿੰਘ ਐਸ.ਡੀ.ਐਮ,ਡਾ.ਸੰਜੀਵ ਗੌਤਮ ਜਿਲ੍ਹਾਂ ਪ੍ਰਧਾਨ, ਕਮਿੱਕਰ ਸਿੰਘ ਡਾਢੀ ਮੈਂਬਰ ਐੱਸ.ਸੀ. ਕਮਿਸ਼ਨ ਪੰਜਾਬ, ਹਰਜੀਤ ਸਿੰਘ ਜੀਤਾ ਪ੍ਰਧਾਨ ਨਗਰ ਕੌਂਸਲ, ਦੀਪਕ ਸੋਨੀ ਚੇਅਰਮੈਨ ਖੱਤਰੀ/ਅਰੋੜਾ ਵੈਲਫੇਅਰ ਬੋਰਡ, ਭੁਪਿੰਦਰ ਸਿੰਘ ਚਾਨਾ ਸੈਰ ਸਪਾਟਾ ਵਿਭਾਗ ਦੇ ਜਨਰਲ ਮੈਨੇਜਰ, ਜਸ਼ਨਦੀਪ ਸਿੰਘ ਉਪ ਕਪਤਾਨ ਪੁਲਿਸ, ਦਲਜੀਤ ਸਿੰਘ, ਨਿਤਿਨ, ਅੰਕੁਸ਼, ਸੋਹਣ ਸਿੰਘ ਬੈਂਸ, ਦਲੀਪ ਹੰਸ ਚੇਅਰਮੈਂਨ ਦਲਿਤ ਵਿਕਾਸ ਬੋਰਡ, ਇੰਦਰਜੀਤ ਸਿੰਘ ਅਰੋੜਾ ਵਪਾਰ ਮੰਡਲ ਪ੍ਰਧਾਨ, ਬਲਵਿੰਦਰ ਸਿੰਘ ਸਰਪੰਚ, ਰਾਕੇਸ਼ ਕੁਮਾਰ ਜਾਂਦਲਾ ਹਲਕਾ ਚੈਅਰਮੈਨ ਦਲਿਤ ਵਿਕਾਸ ਬੋਰਡ, ਗੁਰਪ੍ਰੀਤ ਸਿੰਘ ਅਰੋੜਾ ਚੇਅਰਮੈਂਨ, ਸੰਦੀਪ ਕੁਮਾਰ ਨਾਇਬ ਤਹਿਸੀਲਦਾਰ, ਜਿੰਮੀ ਡਾਢੀ, ਅਮਨਦੀਪ, ਸੁਰਿੰਦਰ ਸਿੰਘ ਵਿੱਕੀ, ਸ਼ਾਮ ਕੁਮਾਰ, ਵੇਦ ਪ੍ਰਕਾਸ਼, ਸੰਨੀ ਕੁਮਾਰ, ਜਸਪਾਲ ਢਾਹੇ,ਮਾਸਟਰ ਜੈਪਾਲ, ਰਣਜੀਤ ਚੰਦ, ਮਸਤ ਰਾਮ, ਸੁਖਵਿੰਦਰ, ਰਵੀ ਕਾਂਤ, ਗੁਰਮੀਤ ਸਿੰਘ, ਯੋਗਰਾਜ ਕੋਟਲਾ, ਸੂਬੇਦਾਰ ਸੁਖਦੇਵ ਸਿੰਘ, ਅਜੈਬ ਸਿੰਘ ਸਰਪੰਚ, ਸੁਖਵਿੰਦਰ ਲਾਲ, ਅਮ੍ਰਿਤ ਸਿੰਘ ਖਰੋਟਾ, ਰਣਜੀਤ ਬੱਗਾ, ਜਸਵਿੰਦਰ ਸਿੰਘ ਵਿੱਕੀ, ਭੁਪਿੰਦਰ ਸਿੰਘ,ਪ੍ਰਕਾਸ਼ ਸਿੰਘ, ਹਰਜਿੰਦਰ ਸਿੰਘ ਮੌਰਾ, ਗਿਆਨ ਚੰਦ, ਰੋਹਿਤ ਕਾਲੀਆ, ਸੋਹਣ ਸਿੰਘ ਬੈਂਸ, ਹਾਜ਼ਰ ਸਨ।

# ਸਾਡੇ ਕੰਮ ਹੀ ਸਾਡੀ ਪਛਾਣ; ਕੰਮਾਂ ਦੇ ਆਧਾਰ 'ਤੇ ਹੀ ਪੈਣਗੀਆਂ ਵੋਟਾਂ : ਬਰਿੰਦਰ ਕੁਮਾਰ ਗੋਇਲ

**ਲਹਿਰਾਗਾਗਾ, 2 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਸੌਰਭ ਕੰਪਲੈਕਸ, ਲਹਿਰਾਗਾਗਾ ਵਿਖੇ ਆਮ ਆਦਮੀ ਪਾਰਟੀ ਦੇ ਆਗੂਆਂ, ਅਹੁਦੇਦਾਰਾਂ, ਵਰਕਰਾਂ ਅਤੇ ਵਲੰਟੀਅਰਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ। ਇਸ ਦੌਰਾਨ ਉਨ੍ਹਾਂ ਪਾਰਟੀ ਦੀ ਡੋਰ-ਟੂ-ਡੋਰ ਅਤੇ ਮੈਂਬਰਸ਼ਿਪ ਮੁਹਿੰਮ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਪਿਛਲੇ ਸਾਢੇ ਚਾਰ ਸਾਲਾਂ ਦੇ ਕੰਮਾਂ ਦਾ ਰਿਪੋਰਟ ਕਾਰਡ ਹਰ ਘਰ ਤੱਕ ਪਹੁੰਚਾਉਣ ਲਈ ਵਰਕਰਾਂ ਨੂੰ ਦਿਸ਼ਾ-ਨਿਰਦੇਸ਼ ਦਿੱਤੇ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਭ ਤੋਂ ਵੱਡੀ ਤਾਕਤ ਇਸ ਦੇ ਮਿਹਨਤੀ ਵਰਕਰ ਅਤੇ ਵਲੰਟੀਅਰ ਹਨ, ਜਿਨ੍ਹਾਂ ਨੇ ਹਮੇਸ਼ਾ ਲੋਕਾਂ ਵਿਚਕਾਰ ਰਹਿ ਕੇ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਨੂੰ ਘਰ-ਘਰ ਪਹੁੰਚਾਇਆ ਹੈ। ਉਨ੍ਹਾਂ ਕਿਹਾ ਕਿ ਪਾਰਟੀ ਨਾਲ ਜੁੜਨ ਵਾਲੇ ਨਵੇਂ ਮੈਂਬਰ ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਸੰਪਰਕ ਨੂੰ ਹੋਰ ਮਜ਼ਬੂਤ ਕਰਨਗੇ।

ਕੈਬਨਿਟ ਮੰਤਰੀ ਨੇ ਪਾਰਟੀ ਵਰਕਰਾਂ ਨੂੰ ਹਦਾਇਤ ਕੀਤੀ ਕਿ ਉਹ ਹਰ ਪਿੰਡ, ਹਰ ਵਾਰਡ, ਹਰ ਮੁਹੱਲੇ ਅਤੇ ਹਰ ਘਰ ਤੱਕ ਪਹੁੰਚ ਕਰਕੇ ਸਰਕਾਰ ਵੱਲੋਂ ਕੀਤੇ ਗਏ ਵਿਕਾਸ ਕਾਰਜਾਂ ਅਤੇ ਲੋਕ-ਭਲਾਈ ਸਕੀਮਾਂ ਬਾਰੇ ਜਾਣਕਾਰੀ ਦੇਣ। ਉਨ੍ਹਾਂ ਕਿਹਾ ਕਿ ਲੋਕਾਂ ਨਾਲ ਸਿੱਧਾ ਸੰਵਾਦ ਕਰਨ ਦੇ ਨਾਲ-ਨਾਲ ਉਨ੍ਹਾਂ ਦੀਆਂ ਸਮੱਸਿਆਵਾਂ, ਰਾਏ ਅਤੇ ਸੁਝਾਅ ਵੀ ਗੰਭੀਰਤਾ ਨਾਲ ਸੁਣੇ ਜਾਣ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਿਆਸਤ ਦਾ ਮੁੱਢਲਾ ਸਿਧਾਂਤ ਲੋਕਾਂ ਵਿਚਕਾਰ ਰਹਿ ਕੇ ਉਨ੍ਹਾਂ ਨਾਲ ਸਿੱਧਾ ਰਾਬਤਾ ਕਾਇਮ ਕਰਨਾ ਅਤੇ ਕੀਤੇ ਗਏ ਕੰਮਾਂ ਲਈ ਲੋਕਾਂ ਪ੍ਰਤੀ ਜਵਾਬਦੇਹੀ ਨਿਭਾਉਣਾ ਹੈ। ਇਸੇ ਸੋਚ ਤਹਿਤ ਪਾਰਟੀ ਦੇ ਵਰਕਰ ਅਤੇ ਵਲੰਟੀਅਰ ਪੰਜਾਬ ਦੇ ਘਰ-ਘਰ ਪਹੁੰਚ ਕੇ ਸੂਬਾ ਸਰਕਾਰ ਦੇ ਪਿਛਲੇ ਸਾਢੇ ਚਾਰ ਸਾਲਾਂ ਦੇ ਕੰਮਾਂ ਦਾ ਰਿਪੋਰਟ ਕਾਰਡ ਲੋਕਾਂ ਸਾਹਮਣੇ ਰੱਖ ਰਹੇ ਹਨ।

ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਇਸ ਸੂਬਾ ਪੱਧਰੀ ਮੁਹਿੰਮ ਤਹਿਤ ਇੱਕ ਵਿਸ਼ੇਸ਼ ਪੈਂਫਲੇਟ-ਕਮ-ਰਿਪੋਰਟ ਕਾਰਡ ਵੀ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਇਸ ਵਿੱਚ ਸਰਕਾਰ ਵੱਲੋਂ ਬਿਜਲੀ, ਸਿਹਤ, ਸਿੱਖਿਆ, ਮਹਿਲਾ ਭਲਾਈ ਅਤੇ ਹੋਰ ਖੇਤਰਾਂ ਵਿੱਚ ਕੀਤੀਆਂ ਪਹਿਲਕਦਮੀਆਂ ਦੇ ਨਾਲ-ਨਾਲ ਇਨ੍ਹਾਂ ਰਾਹੀਂ ਪਰਿਵਾਰਾਂ ਨੂੰ ਹੋਣ ਵਾਲੀ ਬੱਚਤ ਦਾ ਵੇਰਵਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼ ਸਰਕਾਰ ਦੇ ਕੰਮਾਂ ਦਾ ਲੇਖਾ-ਜੋਖਾ ਲੋਕਾਂ ਸਾਹਮਣੇ ਪੇਸ਼ ਕਰਨ ਦੇ ਨਾਲ-ਨਾਲ ਉਨ੍ਹਾਂ ਦੀ ਰਾਏ ਅਤੇ ਸੁਝਾਅ ਪ੍ਰਾਪਤ ਕਰਨਾ ਵੀ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਆਮ ਪਰਿਵਾਰ ਦੀ ਰੋਜ਼ਾਨਾ ਜ਼ਿੰਦਗੀ ਨਾਲ ਜੁੜੇ ਖ਼ਰਚਿਆਂ ਨੂੰ ਘਟਾਉਣ ਨੂੰ ਆਪਣੀਆਂ ਮੁੱਖ ਤਰਜੀਹਾਂ ਵਿੱਚ ਸ਼ਾਮਲ ਕੀਤਾ ਹੈ। ਉਨ੍ਹਾਂ ਕਿਹਾ ਕਿ ਪ੍ਰਤੀ ਮਹੀਨਾ 300 ਯੂਨਿਟ ਮੁਫ਼ਤ ਬਿਜਲੀ ਦੀ ਸਹੂਲਤ ਨਾਲ ਵੱਡੀ ਗਿਣਤੀ ਵਿੱਚ ਘਰੇਲੂ ਖਪਤਕਾਰਾਂ ਨੂੰ ਬਿਜਲੀ ਬਿੱਲਾਂ ਤੋਂ ਰਾਹਤ ਮਿਲੀ ਹੈ। ਇਸੇ ਤਰ੍ਹਾਂ ਸਰਕਾਰੀ ਸਿਹਤ ਅਤੇ ਸਿੱਖਿਆ ਸਹੂਲਤਾਂ ਦੇ ਵਿਸਥਾਰ ਨਾਲ ਪਰਿਵਾਰਾਂ ਦੇ ਇਲਾਜ ਅਤੇ ਬੱਚਿਆਂ ਦੀ ਪੜ੍ਹਾਈ 'ਤੇ ਹੋਣ ਵਾਲੇ ਖ਼ਰਚਿਆਂ ਨੂੰ ਘਟਾਉਣ ਲਈ ਮਹੱਤਵਪੂਰਨ ਉਪਰਾਲੇ ਕੀਤੇ ਗਏ ਹਨ।

ਉਨ੍ਹਾਂ ਕਿਹਾ ਕਿ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਯੋਗ ਮਹਿਲਾਵਾਂ ਨੂੰ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਜਾ ਰਹੀ ਹੈ। ਯੋਜਨਾ ਤਹਿਤ ਅਨੁਸੂਚਿਤ ਜਾਤੀ ਵਰਗ ਦੀਆਂ ਯੋਗ ਮਹਿਲਾਵਾਂ ਲਈ 1,500 ਰੁਪਏ ਅਤੇ ਹੋਰ ਯੋਗ ਵਰਗਾਂ ਦੀਆਂ ਮਹਿਲਾਵਾਂ ਲਈ 1,000 ਰੁਪਏ ਪ੍ਰਤੀ ਮਹੀਨਾ ਸਹਾਇਤਾ ਦਾ ਪ੍ਰਬੰਧ ਕੀਤਾ ਗਿਆ ਹੈ।



ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪਾਰਟੀ ਵੱਲੋਂ ਕੀਤੇ ਗਏ ਮੁਲਾਂਕਣ ਅਨੁਸਾਰ ਮੁਫ਼ਤ ਬਿਜਲੀ, ਸਿਹਤ ਸਹੂਲਤਾਂ, ਸਿੱਖਿਆ, ਮਹਿਲਾਵਾਂ ਲਈ ਵਿੱਤੀ ਸਹਾਇਤਾ ਅਤੇ ਹੋਰ ਲੋਕ-ਭਲਾਈ ਪਹਿਲਕਦਮੀਆਂ ਨੂੰ ਮਿਲਾ ਕੇ ਪੰਜਾਬ ਦੇ ਇੱਕ ਔਸਤ ਪਰਿਵਾਰ ਨੂੰ ਸਾਲਾਨਾ ਲਗਭਗ 1.82 ਲੱਖ ਰੁਪਏ ਤੱਕ ਦਾ ਲਾਭ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕ ਆਪਣੇ ਘਰੇਲੂ ਬਜਟ ਦਾ ਹਿਸਾਬ ਲਗਾ ਕੇ ਖ਼ੁਦ ਦੇਖਣ ਕਿ ਇਨ੍ਹਾਂ ਸਹੂਲਤਾਂ ਸਦਕਾ ਉਨ੍ਹਾਂ ਦੇ ਖ਼ਰਚਿਆਂ ਵਿੱਚ ਕਿੰਨੀ ਕਮੀ ਆਈ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬੇ ਦੇ ਕੁਦਰਤੀ ਸਰੋਤਾਂ, ਖ਼ਾਸ ਕਰਕੇ ਪਾਣੀ ਦੀ ਸੰਭਾਲ ਲਈ ਵੀ ਪੰਜਾਬ ਸਰਕਾਰ ਵੱਲੋਂ ਅਹਿਮ ਉਪਰਾਲੇ ਕੀਤੇ ਗਏ ਹਨ। ਕਿਸਾਨਾਂ ਦੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣ, ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਘਟਾਉਣ ਅਤੇ ਉਪਲਬਧ ਜਲ ਸਰੋਤਾਂ ਦੀ ਸੁਚੱਜੀ ਵਰਤੋਂ ਲਈ ਵੱਖ-ਵੱਖ ਪੱਧਰਾਂ 'ਤੇ ਕੰਮ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਲਹਿਰਾਗਾਗਾ ਅਤੇ ਖਨੌਰੀ ਇਲਾਕੇ ਦੇ ਸਰਬਪੱਖੀ ਵਿਕਾਸ ਲਈ ਸੂਬਾ ਸਰਕਾਰ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਪੀਣ ਵਾਲੇ ਸਾਫ਼ ਪਾਣੀ, ਸੜਕਾਂ, ਸਿਹਤ, ਸਿੱਖਿਆ, ਖੇਡਾਂ ਅਤੇ ਹੋਰ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵੱਖ-ਵੱਖ ਵਿਕਾਸ ਪ੍ਰਾਜੈਕਟਾਂ ਨੂੰ ਅੱਗੇ ਵਧਾਇਆ ਗਿਆ ਹੈ ਅਤੇ ਹਲਕੇ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਪਿਛਲੀਆਂ ਸਰਕਾਰਾਂ ਦੇ ਕਾਰਜਕਾਲ ਬਾਰੇ ਗੱਲ ਕਰਦਿਆਂ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਲੋਕਤੰਤਰ ਵਿੱਚ ਜਨਤਾ ਸਭ ਤੋਂ ਵੱਡੀ ਨਿਰਣਾਇਕ ਹੈ ਅਤੇ ਉਸ ਨੂੰ ਹਰ ਸਰਕਾਰ ਦੀ ਕਾਰਗੁਜ਼ਾਰੀ ਦਾ ਮੁਲਾਂਕਣ ਕਰਨ ਦਾ ਪੂਰਾ ਹੱਕ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪਿਛਲੀਆਂ ਸਰਕਾਰਾਂ ਦੇ ਕਾਰਜਕਾਲ ਅਤੇ ਮੌਜੂਦਾ ਸਰਕਾਰ ਦੇ ਸਾਢੇ ਚਾਰ ਸਾਲਾਂ ਦੌਰਾਨ ਹੋਏ ਕੰਮਾਂ, ਮਿਲੀਆਂ ਸਹੂਲਤਾਂ ਅਤੇ ਆਪਣੇ ਘਰੇਲੂ ਖ਼ਰਚਿਆਂ ਵਿੱਚ ਆਈ ਤਬਦੀਲੀ ਦੀ ਤੁਲਨਾ ਕਰਕੇ ਆਪਣੀ ਰਾਏ ਬਣਾਉਣ।

ਵਿਰੋਧੀ ਪਾਰਟੀਆਂ ਵੱਲੋਂ ਲਾਏ ਜਾ ਰਹੇ ਦੋਸ਼ਾਂ ਨੂੰ ਰੱਦ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਵਿਰੋਧੀ ਧਿਰਾਂ ਸਰਕਾਰ ਦੇ ਕੰਮਾਂ ਤੋਂ ਲੋਕਾਂ ਦਾ ਧਿਆਨ ਭਟਕਾਉਣ ਲਈ ਗੁਮਰਾਹਕੁੰਨ ਬਿਆਨਬਾਜ਼ੀ ਕਰ ਰਹੀਆਂ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਪ੍ਰਚਾਰ ਤੋਂ ਪ੍ਰਭਾਵਿਤ ਹੋਣ ਦੀ ਬਜਾਏ ਆਪਣੇ ਅਨੁਭਵ ਅਤੇ ਤੱਥਾਂ ਦੇ ਆਧਾਰ 'ਤੇ ਸਰਕਾਰਾਂ ਦੀ ਕਾਰਗੁਜ਼ਾਰੀ ਦਾ ਮੁਲਾਂਕਣ ਕਰਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਆਪਣੀ ਮੁਹਿੰਮ ਨੂੰ ਸਰਕਾਰ ਵੱਲੋਂ ਕੀਤੇ ਕੰਮਾਂ ਅਤੇ ਲੋਕਾਂ ਨੂੰ ਮਿਲੀਆਂ ਸਹੂਲਤਾਂ 'ਤੇ ਕੇਂਦਰਿਤ ਰੱਖੇਗੀ।

ਕੈਬਨਿਟ ਮੰਤਰੀ ਨੇ ਵਰਕਰਾਂ ਨੂੰ ਆਪਸੀ ਤਾਲਮੇਲ ਅਤੇ ਪੂਰੇ ਅਨੁਸ਼ਾਸਨ ਨਾਲ ਮੁਹਿੰਮ ਨੂੰ ਅੱਗੇ ਵਧਾਉਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਹਰ ਪਿੰਡ, ਹਰ ਵਾਰਡ ਅਤੇ ਹਰ ਘਰ ਤੱਕ ਸਰਕਾਰ ਦਾ ਰਿਪੋਰਟ ਕਾਰਡ ਪਹੁੰਚਾਇਆ ਜਾਵੇ।

## ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਬਟਨ ਖੁੰਬ ਦੀ ਕਾਸ਼ਤ ਸਬੰਧੀ ਕਿੱਤਾ : ਮੁਖੀ ਸਿਖਲਾਈ ਕੋਰਸ ਕਰਵਾਇਆ

**ਸ੍ਰੀ ਫਤਹਿਗੜ੍ਹ ਸਾਹਿਬ, 2 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨੌਜਵਾਨਾਂ ਨੂੰ ਕਿਸਾਨੀ ਦੇ ਨਾਲ ਨਾਲ ਸਹਾਇਕ ਧੰਦਿਆ ਵੱਲ ਪ੍ਰੇਰਿਤ ਕਰਨ ਦੇ ਉਦੇਸ਼ ਨਾਲ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਬਟਨ ਖੁੰਬ ਦੀ ਕਾਸ਼ਤ ਸੰਬੰਧੀ ਕਿੱਤਾ ਮੁੱਖੀ ਸਿਖਲਾਈ ਕੋਰਸ ਦਾ ਕਰਵਾਇਆ ਗਿਆ। ਤਕਨੀਕੀ ਕੋਆਰਡੀਨੇਟਰ ਡਾ. ਅਰਵਿੰਦ ਪ੍ਰੀਤ ਕੌਰ ਸਹਾਇਕ ਪ੍ਰੋਫੈਸਰ (ਬਾਗਬਾਨੀ) ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਟ੍ਰੇਨਿੰਗ ਦੌਰਾਨ ਨਵੇਂ ਆਏ ਸਿਖਿਆਰਥੀਆਂ ਨੂੰ ਖੁੰਬਾਂ ਦੇ ਧੰਦੇ ਨੂੰ ਅਪਨਾਉਣ ਬਾਰੇ ਵਿਸਥਾਰ ਨਾਲ ਦੱਸਿਆ ਗਿਆ।



ਉਹਨਾਂ ਦੱਸਿਆ ਕਿ ਲਗਾਤਾਰ ਪੀੜ੍ਹੀ ਦਰ ਪੀੜ੍ਹੀ ਹੋ ਰਹੀ ਖੇਤੀ ਯੋਗ ਜਮੀਨ ਦੀ ਵੰਡ ਕਾਰਨ ਕਿਸਾਨ ਇੱਕਲੇ ਖੇਤੀ ਤੇ ਨਿਰਭਰ ਹੋ ਕੇ ਆਪਣਾ ਜੀਵਨ ਬਸਰ ਨਹੀਂ ਕਰ ਸਕਦੇ, ਇਸ ਲਈ ਉਨ੍ਹਾਂ ਨੂੰ ਕੋਈ ਨਾ ਕੋਈ ਸਹਾਇਕ ਧੰਦਾ ਅਪਣਾਉਣਾ ਚਾਹੀਦਾ ਹੈ ਜੋ ਕਿ ਅਜੋਕੇ ਸਮੇਂ ਦੀ ਜਰੂਰਤ ਹੈ। ਡਾ: ਅਰਵਿੰਦ ਪ੍ਰੀਤ ਕੌਰ ਨੇ ਦੱਸਿਆ ਕਿ ਸਿਖਲਾਈ ਪ੍ਰੋਗਰਾਮ ਦੌਰਾਨ ਸਿੱਖਿਆਰਥੀਆਂ ਨਾਲ ਬਟਨ ਅਤੇ ਢੀਂਗਰੀ ਖੁੰਬ ਦੀ ਸਫਲਤਾਪੂਰਵਕ ਕਾਸ਼ਤ ਦੀਆਂ ਵੱਖ-ਵੱਖ ਤਕਨੀਕਾਂ, ਇਸ ਦੀ ਪੈਕਿੰਗ, ਸਾਂਭ ਸੰਭਾਲ ਅਤੇ ਮੰਡੀਕਰਨ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਸਿੱਖਿਆਰਥੀਆਂ ਨੂੰ ਕੰਪੋਸਟ, ਸਪਾਨਿੰਗ, ਤਿਆਰ ਕੰਪੋਸਟ ਦੀ ਬਿਜਾਈ ਅਤੇ ਕੇਸਿੰਗ ਆਦਿ ਤਕਨੀਕਾਂ ਬਾਰੇ ਹੱਥੀ ਤਜ਼ਰਬਾ ਕਰਵਾਇਆ ਗਿਆ।ਇਸ ਤੋਂ ਇਲਾਵਾ ਡਾ ਮਨੀਸ਼ਾ ਭਾਟੀਆ ਸਹਾਇਕ ਪ੍ਰੋਫੈਸਰ (ਗ੍ਰਿਹਿ ਵਿਗਿਆਨ) ਸਿੱਖਿਆਰਥੀਆਂ ਨੂੰ ਵਪਾਰਕ ਪੱਧਰ ਤੇ ਖੁੰਬਾਂ ਦੀ ਕਾਸ਼ਤ ਕਰਨ ਦੇ ਨਾਲ ਆਉਣ ਵਾਲੇ ਸਮੇਂ ਵਿੱਚ ਖੁੰਬਾਂ ਦੀ ਡੱਬਾਬੰਦੀ ਵੱਲ ਪ੍ਰੇਰਿਤ ਕੀਤਾ।

## 'ਸੁਨੱਖੀ ਪੰਜਾਬਣ' ਪੰਜਾਬੀ ਸੱਭਿਆਚਾਰ ਦੀ ਖ਼ੂਬਸੂਰਤ ਪੇਸ਼ਕਾਰੀ: ਕਾਲਕਾ




**ਨਵੀਂ ਦਿੱਲੀ, 2 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਅੱਜ ਇੱਥੇ ਡਾ. ਅਵਨੀਤ ਕੌਰ ਭਾਟੀਆ ਵੱਲੋਂ ਪੰਜਾਬੀ ਸੱਭਿਆਚਾਰ, ਕੌਮ, ਮਾਂ ਬੋਲੀ, ਵਿਰਸੇ ਅਤੇ ਪੰਜਾਬੀਅਤ ਦੀ ਸ਼ਾਨ ਨੂੰ ਸਮਰਪਿਤ ਕਰਵਾਏ ਗਏ 'ਸੁਨੱਖੀ ਪੰਜਾਬਣ ਸੀਜ਼ਨ-8' ਦੇ ਗ੍ਰੈਂਡ ਫਿਨਾਲੇ ਸਮਾਗਮ ਦੀ ਭਰਪੂਰ ਸ਼ਲਾਘਾ ਕੀਤੀ। ਸਰਦਾਰ ਕਾਲਕਾ ਨੇ ਕਿਹਾ ਕਿ ਅਜਿਹੇ ਉਪਰਾਲੇ ਨਵੀਂ ਨੌਜਵਾਨ ਪੀੜ੍ਹੀ ਨੂੰ ਆਪਣੀ ਮਾਂ ਬੋਲੀ, ਅਮੀਰ ਵਿਰਸੇ, ਸੱਭਿਆਚਾਰਕ ਕਦਰਾਂ-ਕੀਮਤਾਂ ਅਤੇ ਪੰਜਾਬੀ ਪਛਾਣ ਨਾਲ ਜੋੜਨ ਵਿੱਚ ਵਡਮੁੱਲਾ ਯੋਗਦਾਨ ਪਾਉਂਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬੀ ਸੱਭਿਆਚਾਰ ਦੀ ਵਿਲੱਖਣਤਾ ਨੂੰ ਆਧੁਨਿਕ ਮੰਚ ਰਾਹੀਂ ਉਜਾਗਰ ਕਰਨਾ ਸ਼ਲਾਘਾਯੋਗ ਯਤਨ ਹੈ।

ਉਨ੍ਹਾਂ ਡਾ. ਅਵਨੀਤ ਕੌਰ ਭਾਟੀਆ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਨੂੰ 'ਸੁਨੱਖੀ ਪੰਜਾਬਣ ਸੀਜ਼ਨ-8' ਦੇ ਗ੍ਰੈਂਡ ਫਿਨਾਲੇ ਦੀ ਸਫਲਤਾ 'ਤੇ ਦਿਲੋਂ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਪੰਜਾਬੀ ਮਾਂ ਬੋਲੀ, ਵਿਰਸੇ ਅਤੇ ਸੱਭਿਆਚਾਰ ਦੇ ਪ੍ਰਚਾਰ-ਪ੍ਰਸਾਰ ਲਈ ਅਜਿਹੇ ਉਪਰਾਲੇ ਜਾਰੀ ਰੱਖਣ ਦੀ ਕਾਮਨਾ ਕੀਤੀ।

# ਡਿਪਟੀ ਕਮਿਸ਼ਨਰ ਵੱਲੋਂ ਐਸ ਆਈ ਆਰ 'ਚ 100 ਪ੍ਰਤੀਸ਼ਤ ਮੈਪਿੰਗ ਕਰਨ ਵਾਲੇ 56 ਬੀ.ਐਲ.ਓਜ਼ ਪੰਜਾਬ ਦੇ ਪ੍ਰਸ਼ੰਸਾ ਪੱਤਰਾਂ ਨਾਲ ਸਨਮਾਨਿਤ

ਪਟਿਆਲਾ, 2 ਅਕਤੂਬਰ
-ਅਮਰਜੀਤ ਸਿੰਘ ਲਾਂਬਾ-
-ਕੌਮੀ ਪੱਤ੍ਰਿਕਾ ਬਿਊਰੋ-



ਪਟਿਆਲਾ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਨੇ ਐਸ ਆਈ ਆਰ-2026 ਦੌਰਾਨ ਘਰ-ਘਰ ਐਨਿਊਮਰੇਸ਼ਨ ਮੁਹਿੰਮ (25 ਜੂਨ ਤੋਂ 03 ਅਗਸਤ 2026 ਤੱਕ) ਵਿੱਚ 100 ਪ੍ਰਤੀਸ਼ਤ ਮੈਪਿੰਗ ਕਰਨ ਵਾਲੇ ਜ਼ਿਲ੍ਹਾ ਪਟਿਆਲਾ ਦੇ ਕੁੱਲ 56 ਬੀ.ਐਲ.ਓਜ਼ ਨੂੰ ਮੁੱਖ ਚੋਣ ਅਫਸਰ, ਪੰਜਾਬ ਵੱਲੋਂ ਜਾਰੀ ਹੋਏ ਪ੍ਰਸ਼ੰਸਾ ਪੱਤਰਾਂ ਨਾਲ ਸਨਮਾਨਿਤ ਕੀਤਾ ਹੈ।

ਜ਼ਿਲ੍ਹਾ ਚੋਣ ਅਫਸਰ ਡਾ.ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਇਹ ਸਾਰੇ ਬੀਐਲਓਜ ਪੰਜਾਬ ਦੇ ਉਨ੍ਹਾਂ ਪਹਿਲੇ 1000 ਬੀ.ਐਲ.ਓਜ਼ ਵਿੱਚ ਸ਼ਾਮਲ ਹਨ, ਜਿਨ੍ਹਾਂ ਨੂੰ ਮੁੱਖ ਚੋਣ ਅਫਸਰ, ਪੰਜਾਬ ਵੱਲੋਂ ਜਾਰੀ ਹੋਏ ਪ੍ਰਸ਼ੰਸਾ ਪੱਤਰ ਪ੍ਰਾਪਤ ਹੋਏ ਹਨ।

ਜ਼ਿਲ੍ਹਾ ਚੋਣ ਅਫਸਰ ਨੇ ਇਨ੍ਹਾਂ ਬਿਹਤਰੀਨ ਕਾਰਗੁਜ਼ਾਰੀ ਕਰਨ ਵਾਲੇ ਬੀ.ਐਲ.ਓਜ਼ ਨੂੰ ਮੁਬਾਰਕਾਂ ਦਿੰਦੇ ਹੋਏ ਕਿਹਾ ਕਿ ਬੀ.ਐਲ.ਓਜ਼ ਚੋਣ ਕਮਿਸ਼ਨ ਦਾ ਧੁਰਾ ਹਨ ਅਤੇ ਘਰ-ਘਰ ਮੁਹਿੰਮ ਦੌਰਾਨ ਇਨ੍ਹਾਂ ਸਾਰਿਆਂ ਨੇ ਬਹੁਤ ਹੀ ਸ਼ਲਾਘਾਯੋਗ ਕੰਮ ਕੀਤਾ ਹੈ। ਉਨ੍ਹਾਂ ਨੇ ਬੀ.ਐਲ.ਓਜ਼ ਨੂੰ ਐਸ ਆਈ ਆਰ-2026 ਦੇ ਅਗਲੇ ਫੇਜ਼ ਦੌਰਾਨ ਵੀ ਪਹਿਲਾਂ ਦੀ ਤਰ੍ਹਾਂ ਹੀ ਹੋਰ ਮਿਹਨਤ ਨਾਲ਼ ਕੰਮ ਕਰਨ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਵਧੀਕ ਜ਼ਿਲ੍ਹਾ ਚੋਣ ਅਫਸਰ ਅਨੁਪ੍ਰਿਤਾ ਜੌਹਲ, ਚੋਣ ਤਹਿਸੀਲਦਾਰ ਵਿਜੈ ਕੁਮਾਰ ਚੌਧਰੀ, ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਡਾ. ਸਵਿੰਦਰ ਸਿੰਘ ਰੇਖੀ, ਸਹਾਇਕ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਮੋਹਿਤ ਕੌਸ਼ਲ ਤੇ ਹੋਰ ਅਧਿਕਾਰੀ ਵੀ ਹਾਜਰ ਸਨ।

# ਹਰਚੰਦ ਸਿੰਘ ਬਰਸਟ ਵੱਲੋਂ ਜੋੜਾਮਾਜਰਾ ਜਾਂਦੀ ਰੋਡ ਤੇ ਭਾਖੜਾ ਨਹਿਰ 'ਤੇ ਨਵੇਂ ਪੁੱਲ ਦੇ ਨਿਰਮਾਣ ਕਾਰਜ ਦਾ ਉਦਘਾਟਨ

ਸਮਾਣਾ, 26 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਵੱਲੋਂ ਅੱਜ ਹਲਕਾ ਸਮਾਣਾ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਖੇਤਰ ਦੇ ਵਿਕਾਸ ਨੂੰ ਨਵੀਂ ਗਤੀ ਦੇਣ ਦੇ ਉਦੇਸ਼ ਨਾਲ ਇੱਕ ਅਹਿਮ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ। ਉਨ੍ਹਾਂ ਨੇ ਸਮਾਣਾ-ਪਾਤੜਾਂ ਰੋਡ ਤੋਂ ਜੋੜਾਮਾਜਰਾ ਨੂੰ ਜਾਂਦੀ ਲਿੰਕ ਰੋਡ 'ਤੇ ਭਾਖੜਾ ਮੇਨ ਲਾਈਨ ਨਹਿਰ 'ਤੇ ਬਣਨ ਵਾਲੇ ਨਵੇਂ ਪੁੱਲ ਦੇ ਨਿਰਮਾਣ ਕਾਰਜ ਦਾ ਰਿਬਨ ਕੱਟ ਕੇ ਰਸਮੀ ਤੌਰ 'ਤੇ ਉਦਘਾਟਨ ਕੀਤਾ। ਇਸ ਉਦਘਾਟਨੀ ਸਮਾਰੋਹ ਦੌਰਾਨ ਹਲਕਾ ਸਮਾਣਾ ਦੇ ਵਿਧਾਇਕ ਸ. ਚੇਤਨ ਸਿੰਘ ਜੋੜਾਮਾਜਰਾ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਸਮਾਰੋਹ ਦੌਰਾਨ ਇਲਾਕਾ ਨਿਵਾਸੀਆਂ, ਪੰਚਾਂ-ਸਰਪੰਚਾਂ ਅਤੇ ਮੋਹਤਬਰ ਵਿਅਕਤੀਆਂ ਵੱਲੋਂ ਸ. ਹਰਚੰਦ ਸਿੰਘ ਬਰਸਟ ਅਤੇ ਸ. ਚੇਤਨ ਸਿੰਘ ਜੋੜਾਮਾਜਰਾ ਦਾ ਗਰਮਜੋਸ਼ੀ ਨਾਲ ਭਰਵਾਂ ਸਵਾਗਤ ਕੀਤਾ ਗਿਆ। ਭਾਖੜਾ ਨਹਿਰ 'ਤੇ ਇਸ ਨਵੇਂ ਪੁੱਲ ਦਾ ਨਿਰਮਾਣ ਕਾਰਜ ਸ਼ੁਰੂ ਹੋਣ ਨਾਲ ਆਸ-ਪਾਸ ਦੇ ਪੂਰੇ ਖੇਤਰ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ।

ਪ੍ਰੋਜੈਕਟ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਦੱਸਿਆ ਕਿ ਇਹ ਪੁੱਲ ਸਮਾਣਾ-ਪਾਤੜਾਂ ਰੋਡ (ਮੱਵੀ-ਕਲਾਂ) ਤੋਂ ਜੋੜਾਮਾਜਰਾ ਨੂੰ ਜਾਂਦੀ ਲਿੰਕ ਰੋਡ ਤੋਂ ਗੁਜ਼ਰਦੀ ਭਾਖੜਾ ਮੇਨ ਲਾਈਨ ਉੱਤੇ ਬਣਾਇਆ ਜਾਵੇਗਾ। ਇਹ 44 ਮੀਟਰ ਲੰਬਾ ਸਿੰਗਲ ਸਪੈਨ ਸਟੀਲ ਟਰੱਸ ਪੁੱਲ ਹੋਵੇਗਾ, ਜੋ ਆਧੁਨਿਕ ਨਿਰਮਾਣ ਤਕਨੀਕਾਂ ਨਾਲ ਤਿਆਰ ਕੀਤਾ ਜਾਵੇਗਾ ਤਾਂ ਜੋ ਇਹ ਲੰਬੇ ਸਮੇਂ ਤੱਕ ਮਜ਼ਬੂਤ ਅਤੇ ਸੁਰੱਖਿਅਤ ਰਹੇ। ਇਸ ਪੁੱਲ ਦੇ ਨਿਰਮਾਣ ਉੱਤੇ ਕਰੀਬ 6.18 ਕਰੋੜ ਰੁਪਏ ਦੀ ਲਾਗਤ ਆਵੇਗੀ। ਬਰਸਟ ਨੇ ਸਬੰਧਤ ਅਧਿਕਾਰੀਆਂ ਨੂੰ ਨਿਰਮਾਣ ਕਾਰਜ ਸਮੇਂ ਸਿਰ ਅਤੇ ਪੂਰੀ ਗੁਣਵੱਤਾ ਨਾਲ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਇਹ ਪੁੱਲ ਇਲਾਕੇ ਦੇ ਲੋਕਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਬਹੁਤ ਹੀ ਅਹਿਮ ਮੰਗ ਸੀ। ਇਸ ਨਵੇਂ ਪੁੱਲ ਦੇ ਬਣਨ ਨਾਲ ਜਿੱਥੇ ਆਮ ਲੋਕਾਂ, ਸਕੂਲੀ ਬੱਚਿਆਂ ਅਤੇ ਰਾਹਗੀਰਾਂ ਦੀ ਰੋਜ਼ਾਨਾ ਦੀ ਆਵਾਜਾਈ ਸੁਰੱਖਿਅਤ ਅਤੇ ਸੁਖਾਲੀ ਹੋਵੇਗੀ, ਉੱਥੇ ਹੀ ਕਿਸਾਨਾਂ ਨੂੰ ਆਪਣੀ ਫ਼ਸਲ ਮੰਡੀਆਂ ਤੱਕ ਪਹੁੰਚਾਉਣ ਵਿੱਚ ਅਸਾਨੀ ਹੋਵੇਗੀ ਅਤੇ ਸਮੇਂ ਦੀ ਵੀ ਬੱਚਤ ਹੋਵੇਗੀ।

ਪੰਜਾਬ ਸਰਕਾਰ ਦੀਆਂ ਨੀਤੀਆਂ ਦਾ ਜ਼ਿਕਰ ਕਰਦਿਆਂ ਚੇਅਰਮੈਨ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਵੱਲੋਂ ਪੂਰੇ ਸੂਬੇ ਵਿੱਚ ਵਿਕਾਸ ਕਾਰਜਾਂ ਦੀ ਹਨੇਰੀ ਚੱਲ ਰਹੀ ਹੈ। ਆਪ ਸਰਕਾਰ ਦਾ ਮੁੱਖ ਮਕਸਦ ਸ਼ਹਿਰੀ ਖੇਤਰਾਂ ਦੇ ਨਾਲ-ਨਾਲ ਗ੍ਰਾਮੀਣ ਖੇਤਰਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਮੰਡੀ ਬੋਰਡ ਵੱਲੋਂ ਸੂਬੇ ਭਰ ਵਿੱਚ ਪੇਂਡੂ ਲਿੰਕ ਸੜਕਾਂ ਦੇ ਨਿਰਮਾਣ, ਮੁਰੰਮਤ ਅਤੇ ਨਵੀਨੀਕਰਨ ਦੇ ਕਾਰਜ ਪੂਰੀ ਤਨਦੇਹੀ ਨਾਲ ਕੀਤੇ ਜਾ ਰਹੇ ਹਨ। ਇਸਦੇ ਨਾਲ ਹੀ ਮੰਡੀਆਂ ਵਿੱਚ ਵੀ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਿਆ ਜਾ ਰਿਹਾ ਹੈ। ਇਸੇ ਲੜੀ ਤਹਿਤ ਹਲਕਾ ਸਮਾਣਾ ਵਿਖੇ ਲਿੰਕ ਸੜਕਾਂ ਅਤੇ ਮੰਡੀਆਂ ਦੇ ਵਿਕਾਸ ਨੂੰ ਪਹਿਲ ਦੇ ਆਧਾਰ ਉੱਤੇ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਹਲਕਾ ਸਮਾਣਾ ਦੇ ਵਿਕਾਸ ਵਿੱਚ ਕਿਸੇ ਕਿਸਮ ਦੀ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ।

ਇਸ ਮੌਕੇ ਇਲਾਕਾ ਨਿਵਾਸੀਆਂ ਵੱਲੋਂ ਪੰਜਾਬ ਸਰਕਾਰ ਅਤੇ ਸ. ਹਰਚੰਦ ਸਿੰਘ ਬਰਸਟ ਦਾ ਧੰਨਵਾਦ ਕੀਤਾ ਗਿਆ। ਪ੍ਰੋਗਰਾਮ ਵਿੱਚ ਜਸਬੀਰ ਸਿੰਘ (ਪੀ.ਏ.) ਬਲਾਕ ਸਮੰਤੀ ਮੈਂਬਰ, ਰਾਮ ਸਿੰਘ ਸਰਪੰਚ ਫਤਿਹਪੁਰ, ਨਰਿੰਦਰ ਸਿੰਘ ਸਰਪੰਚ ਬਰਸਟ, ਸੋਨੂੰ ਸਰਪੰਚ ਗੁਰੂ ਨਾਨਕ ਨਗਰ, ਜਗਸੀਰ ਸਿੰਘ ਸਰਪੰਚ ਗੁਰੂ ਤੇਗ ਬਹਾਦਰ ਨਗਰ, ਅਵਤਾਰ ਸਿੰਘ ਸਰਪੰਚ ਜੋੜਾਮਾਜਰਾ, ਲਾਡੀ ਗੱਜੂਮਾਜਰਾ, ਵਰਿੰਦਰ ਸਿੰਘ ਨੰਬਰਦਾਰ, ਪ੍ਰਿਤਪਾਲ ਸਿੰਘ ਜੋੜਾਮਾਜਰਾ ਸਾਬਕਾ ਸਰਪੰਚ, ਹਰਪਾਲ ਸਿੰਘ ਜੋੜੇਮਾਜਰਾ, ਗਿੰਨੀ ਖੰਗੂੜਾ ਹਲਕਾ ਵਾਇਸ ਕੁਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ, ਜੱਸੀ ਫਤਿਹਪੁਰ ਬਲਾਕ ਪ੍ਰਧਾਨ, ਕੇਵਲ ਸਿੰਘ ਜੋੜਾਮਾਜਰਾ, ਲਖਵਿੰਦਰ ਸਿੰਘ ਸਾਬਕਾ ਸਰਪੰਚ ਲਲੌਛੀ, ਸ਼ਾਮ ਲਾਲ ਦੱਤ, ਜਸਪਾਲ ਸਿੰਘ ਬੀਬੀਪੁਰ, ਬਿੰਦਰ ਨਾਗਰ, ਕੁਲਬੀਰ ਨਮਾਦਾ, ਡਾ. ਹਰਮੇਸ਼, ਅੰਗਰੇਜ ਸਿੰਘ ਭੁੱਲਰ, ਪਿੰਡ ਬੇਲੂਮਾਜਰਾ ਅਤੇ ਪਿੰਡ ਮੱਵੀ ਕਲਾਂ ਦੀ ਪੰਚਾਇਤ ਸਮੇਤ ਪ੍ਰਮੁੱਖ ਸ਼ਖਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

# ਨਗਰ ਕੌਂਸਲ ਸਮਾਣਾ ਵੱਲੋਂ 'ਸਵੱਛਤਾ ਹੀ ਸੇਵਾ' ਮੁਹਿੰਮ ਤਹਿਤ ਲੋਕਾਂ ਨੂੰ ਸਫ਼ਾਈ ਪ੍ਰਤੀ ਜਾਗਰੂਕ ਕੀਤਾ



ਸਮਾਣਾ, 2 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਨਗਰ ਕੌਂਸਲ ਸਮਾਣਾ ਵੱਲੋਂ 17 ਅਕਤੂਬਰ ਤੱਕ ਚਲਾਈ ਜਾ ਰਹੀ 'ਸਵੱਛਤਾ ਹੀ ਸੇਵਾ' ਮੁਹਿੰਮ ਤਹਿਤ ਅੱਜ ਲੋਕਾਂ ਨੂੰ ਸ਼ਹਿਰ ਦੀ ਸਫ਼ਾਈ ਵਿਵਸਥਾ ਨੂੰ ਬਿਹਤਰ ਬਣਾਉਣ ਲਈ ਜਾਗਰੂਕ ਕੀਤਾ ਗਿਆ। ਇਸ ਮੌਕੇ ਨਗਰ ਕੌਂਸਲ ਸਮਾਣਾ ਦੇ ਪ੍ਰਧਾਨ ਸ੍ਰੀ ਕਪੂਰ ਚੰਦ ਬਾਂਸਲ ਅਤੇ ਕਾਰਜ ਸਾਧਕ ਅਫ਼ਸਰ ਸ੍ਰੀ ਅਪਰਾਪਾਰ ਸਿੰਘ ਵੱਲੋਂ ਸਾਂਝੇ ਤੌਰ 'ਤੇ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਆਪਣੇ ਘਰਾਂ ਅਤੇ ਦੁਕਾਨਾਂ ਦਾ ਕੂੜਾ ਸੜਕਾਂ ਦੇ ਆਲੇ-ਦੁਆਲੇ ਜਾਂ ਜਨਤਕ ਥਾਵਾਂ 'ਤੇ ਨਾ ਸੁੱਟਣ। ਉਨ੍ਹਾਂ ਕਿਹਾ ਕਿ ਕੂੜੇ ਨੂੰ ਸਰੋਤ 'ਤੇ ਹੀ ਗਿੱਲੇ ਅਤੇ ਸੁੱਕੇ ਕੂੜੇ ਵਿੱਚ ਵੱਖ-ਵੱਖ ਛਾਂਟ ਕੇ ਅਲੱਗ-ਅਲੱਗ ਡਸਟਬੀਨਾਂ ਵਿੱਚ ਰੱਖਿਆ ਜਾਵੇ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਨਗਰ ਕੌਂਸਲ ਵੱਲੋਂ ਘਰ-ਘਰ ਕੂੜਾ ਇਕੱਠਾ ਕਰਨ ਲਈ ਆਉਣ ਵਾਲੀਆਂ ਰਿਕਸ਼ਾ ਰੇੜੀਆਂ ਜਾਂ ਟਾਟਾ ਏਸ ਵਿੱਚ ਹੀ ਕੂੜਾ ਪਾਇਆ ਜਾਵੇ, ਤਾਂ ਜੋ ਕੂੜੇ ਦਾ ਸਹੀ ਢੰਗ ਨਾਲ ਨਿਪਟਾਰਾ ਕੀਤਾ ਜਾ ਸਕੇ ਅਤੇ ਸ਼ਹਿਰ ਨੂੰ ਸਾਫ਼-ਸੁਥਰਾ, ਸੁੰਦਰ ਅਤੇ ਹਰਾ-ਭਰਾ ਬਣਾਇਆ ਜਾ ਸਕੇ।

ਨਗਰ ਕੌਂਸਲ ਅਧਿਕਾਰੀਆਂ ਨੇ ਕਿਹਾ ਕਿ ਸ਼ਹਿਰ ਦੀ ਸਫ਼ਾਈ ਨੂੰ ਬਣਾਈ ਰੱਖਣਾ ਸਿਰਫ਼ ਪ੍ਰਸ਼ਾਸਨ ਦੀ ਹੀ ਨਹੀਂ, ਸਗੋਂ ਹਰੇਕ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ। ਲੋਕਾਂ ਦੇ ਸਹਿਯੋਗ ਨਾਲ ਹੀ ਸਮਾਣਾ ਸ਼ਹਿਰ ਨੂੰ ਸਵੱਛ ਅਤੇ ਸੁੰਦਰ ਬਣਾਉਣ ਦਾ ਟੀਚਾ ਹਾਸਲ ਕੀਤਾ ਜਾ ਸਕਦਾ ਹੈ।

ਇਸ ਮੌਕੇ ਸੀ.ਐਫ. ਸ੍ਰੀ ਕਰਮਜੀਤ ਸਿੰਘ, ਐਸ.ਆਈ. ਸ੍ਰੀ ਹਰਵਿੰਦਰ ਕੁਮਾਰ ਸਮੇਤ ਨਗਰ ਕੌਂਸਲ ਦੇ ਮੋਟੀਵੇਟਰ ਵੀ ਹਾਜ਼ਰ ਸਨ।

# ਭਾਸ਼ਾ ਵਿਭਾਗ ਪੰਜਾਬ ਮਨਾਏਗਾ ਸ਼ਹੀਦ-ਏ-ਆਜ਼ਮ ਭਗਤ ਸਿੰਘ ਦਾ ਜਨਮ ਦਿਹਾੜਾ

ਪਟਿਆਲਾ, 2 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਭਾਸ਼ਾ ਵਿਭਾਗ ਪੰਜਾਬ ਵੱਲੋਂ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਦੇ ਜਨਮ ਦਿਹਾੜੇ ਮੌਕੇ 28 ਸਤੰਬਰ ਨੂੰ ਸਾਹਿਤਕ ਤੇ ਸੱਭਿਆਚਾਰਕ ਸਮਾਗਮ ਕਰਵਾਇਆ ਜਾਵੇਗਾ। ਡਾਇਰੈਕਟਰ ਭਾਸ਼ਾਵਾਂ ਸ. ਜਸਵੰਤ ਸਿੰਘ ਜ਼ਫ਼ਰ ਨੇ ਦੱਸਿਆ ਕਿ ਬੱਸੀ ਗੁੱਜਰਾਂ (ਰੋਪੜ) ਵਿਖੇ ਕਰਵਾਏ ਜਾਣ ਵਾਲੇ ਇਸ ਸਮਾਗਮ ਦੌਰਾਨ ਜਿੱਥੇ ਵਿਦਵਾਨ ਸ਼ਹੀਦ ਭਗਤ ਸਿੰਘ ਦੀਆਂ ਲਿਖਤਾਂ, ਵਿਚਾਰਧਾਰਾ, ਸ਼ਹਾਦਤ ਤੇ ਸ਼ਖ਼ਸੀਅਤਾਂ ਵਿਚਾਰ ਚਰਚਾ ਕਰਨਗੇ ਉੱਥੇ ਇਨਕਲਾਬੀ ਰੰਗਤ ਵਾਲਾ ਗੀਤ-ਸੰਗੀਤ ਤੇ ਕਵੀ ਦਰਬਾਰ ਵੀ ਆਯੋਜਿਤ ਕੀਤਾ ਜਾਵੇਗਾ। ਇਹ ਸਮਾਗਮ ਆਈ.ਆਰ.ਸੀ.ਸੀ. ਗਰੁੱਪ ਆਫ਼ ਇੰਸੀਚਿਊਸ਼ਨਜ਼ ਬੱਸੀ ਗੁੱਜਰਾਂ ਵਿਖੇ ਸਵੇਰੇ 10 ਵਜੇ ਸ਼ੁਰੂ ਹੋਵੇਗਾ।

ਮਾਲਵਾ ਰੂਰਲ ਐਜੂਕੇਸ਼ਨ ਸੁਸਾਇਟੀ ਬੱਸੀ ਗੁੱਜ਼ਰਾਂ (ਰੋਪੜ) ਦੇ ਸਹਿਯੋਗ ਨਾਲ ਕਰਵਾਏ ਜਾਣ ਵਾਲੇ ਇਸ ਸਮਾਗਮ ਦੌਰਾਨ ਇਤਿਹਾਸ ਦੇ ਉੱਘੇ ਖੋਜੀ ਐਡਵੋਕੇਟ ਸਰਬਜੀਤ ਸਿੰਘ ਵਿਰਕ 'ਸ਼ਹੀਦ ਭਗਤ ਸਿੰਘ ਦੀਆਂ ਲਿਖਤਾਂ ਤੇ ਸ਼ਖ਼ਸੀਅਤ' ਬਾਰੇ ਵਿਸ਼ੇਸ਼ ਭਾਸ਼ਣ ਦੇਣਗੇ। ਸਾਬਕਾ ਆਈ.ਏ.ਐਸ. ਅਧਿਕਾਰੀ ਕਾਹਨ ਸਿੰਘ ਪੰਨੂ ਸਮਾਗਮ ਦੇ ਮੁੱਖ ਮਹਿਮਾਨ ਹੋਣਗੇ ਅਤੇ ਸਾਬਕਾ ਉਪ ਚੇਅਰਮੈਨ ਕੌਮੀ ਘੱਟ ਗਿਣਤੀ ਕਮਿਸ਼ਨ ਪ੍ਰੋ. ਬਾਵਾ ਸਿੰਘ ਸਮਾਗਮ ਦੀ ਪ੍ਰਧਾਨਗੀ ਕਰਨਗੇ। ਸਮਾਗਮ ਦੇ ਦੂਸਰੇ ਪੜਾਅ ਦੌਰਾਨ ਕਵੀ ਦਰਬਾਰ ਤੇ ਗੀਤ-ਸੰਗੀਤ ਹੋਵੇਗਾ। ਉੱਘੇ ਕਵੀ ਸੁਰਜੀਤ ਜੱਜ, ਬਲਵਿੰਦਰ ਸੰਧੂ, ਅਵਤਾਰਜੀਤ, ਕੁਲਵਿੰਦਰ ਕੁੱਲਾ, ਰਬਿੰਦਰ ਰੱਬੀ, ਮੋਹਣੀ ਤੂਰ, ਸਲੀਮ ਸਿਕੰਦਰ, ਸੱਤਪਾਲ ਭੀਖੀ, ਸੰਤੋਖ ਸੁੱਖੀ, ਰਮਨ ਸੰਧੂ, ਸੁਸ਼ੀਲ ਦੁਸਾਂਝ ਤੇ ਲਾਭ ਚਤਾਮਲੀ ਸ਼ਹੀਦ ਭਗਤ ਸਿੰਘ ਦੀ ਵਿਚਾਰਧਾਰਾ ਤੇ ਸ਼ਖ਼ਸੀਅਤ ਬਾਰੇ ਕਾਵਿਤਾਵਾਂ ਪੇਸ਼ ਕਰਨਗੇ।

# ਪੁਲਿਸ ਦੀ ਕਥਿਤ ਢਿੱਲੀ ਕਾਰਵਾਈ ਖ਼ਿਲਾਫ਼ ਡੇਹਲੋਂ ਬਾਈਪਾਸ 'ਤੇ ਨਿਹੰਗ ਜਥੇਬੰਦੀਆਂ ਦਾ ਚੱਕਾ ਜਾਮ

## ਛੇ ਘੰਟਿਆਂ ਬਾਅਦ ਪੁਲਿਸ ਪ੍ਰਸ਼ਾਸਨ ਨਾਲ ਗੱਲਬਾਤ ਉਪਰੰਤ ਖੁੱਲ੍ਹਿਆ ਰਾਹ, ਚਾਰ ਪਰਿਵਾਰਾਂ ਨੂੰ 20-20 ਹਜ਼ਾਰ ਰੁਪਏ ਵਾਪਸ ਕਰਵਾਏ



ਲੁਧਿਆਣਾ, 2 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੁਲਿਸ ਪ੍ਰਸ਼ਾਸਨ ਦੀ ਕਥਿਤ ਢਿੱਲੀ ਕਾਰਵਾਈ ਦੇ ਵਿਰੋਧ ਵਿੱਚ ਨਿਹੰਗ ਜਥੇਬੰਦੀਆਂ ਵੱਲੋਂ ਡੇਹਲੋਂ ਬਾਈਪਾਸ 'ਤੇ ਧਰਨਾ ਦੇ ਕੇ ਲੁਧਿਆਣਾ-ਮਲੇਰਕੋਟਲਾ ਮੁੱਖ ਮਾਰਗ 'ਤੇ ਚੱਕਾ ਜਾਮ ਕੀਤਾ ਗਿਆ। ਜੱਥੇਦਾਰ ਅਮਨਦੀਪ ਸਿੰਘ ਦਸਮੇਸ਼ ਤਰਨਾ ਦਲ, ਬਾਬਾ ਮੇਜਰ ਸਿੰਘ ਸੋਢੀ ਦੀ ਅਗਵਾਈ ਹੇਠ ਲਗਾਇਆ ਗਿਆ ਧਰਨਾ ਕਰੀਬ ਸਵੇਰੇ 8 ਵਜੇ ਸ਼ੁਰੂ ਹੋਇਆ ਅਤੇ ਦੁਪਹਿਰ 2 ਵਜੇ ਦੇ ਕਰੀਬ ਪੁਲਿਸ ਪ੍ਰਸ਼ਾਸਨ ਨਾਲ ਗੱਲਬਾਤ ਤੋਂ ਬਾਅਦ ਸਮਾਪਤ ਹੋਇਆ।

ਚੱਕਾ ਜਾਮ ਕਾਰਨ ਸੜਕ 'ਤੇ ਵਾਹਨਾਂ ਦੀਆਂ ਲੰਬੀਆਂ ਕਤਾਰਾਂ ਲੱਗ ਗਈਆਂ ਅਤੇ ਰਾਹਗੀਰਾਂ, ਸਕੂਲੀ ਬੱਚਿਆਂ ਤੇ ਮਰੀਜ਼ਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ।

ਜਾਣਕਾਰੀ ਅਨੁਸਾਰ ਕੁਝ ਦਿਨ ਪਹਿਲਾਂ ਥਾਣਾ ਡੇਹਲੋਂ ਦੇ ਇਲਾਕੇ ਵਿੱਚ ਪੁਲਿਸ ਦੀ ਵਰਦੀ ਪਾ ਕੇ ਲੋਕਾਂ ਤੋਂ ਕਥਿਤ ਤੌਰ 'ਤੇ ਪੈਸੇ ਵਸੂਲਣ ਦੇ ਦੋਸ਼ ਹੇਠ ਤਿੰਨ ਵਿਅਕਤੀਆਂ—ਅਜੇ ਸ਼ਰਮਾ, ਅਕਾਸ਼ਦੀਪ ਅਤੇ ਗੁਰਕੀਰਤ ਸਿੰਘ—ਨੂੰ ਲੋਕਾਂ ਵੱਲੋਂ ਕਾਬੂ ਕੀਤਾ ਗਿਆ ਸੀ। ਪੁਲਿਸ ਵੱਲੋਂ ਮਾਮਲੇ ਵਿੱਚ ਐਨ.ਡੀ.ਪੀ.ਐਸ. ਐਕਟ ਦੀ ਧਾਰਾ 27 ਸਮੇਤ ਮਾਮਲਾ ਦਰਜ ਕਰਕੇ ਮੁਲਜ਼ਮਾਂ ਨੂੰ ਰਿਮਾਂਡ 'ਤੇ ਲਿਆ ਗਿਆ ਸੀ।

ਧਰਨਾਕਾਰੀਆਂ ਨੇ ਦੋਸ਼ ਲਗਾਇਆ ਕਿ ਉਕਤ ਵਿਅਕਤੀ ਕਥਿਤ ਤੌਰ 'ਤੇ ਪੁਲਿਸ ਦੀ ਸਹਾਇਤਾ ਨਾਲ ਨਸ਼ਾ ਵੇਚਣ, ਲੁੱਟ-ਖੋਹ ਕਰਨ ਅਤੇ ਨੌਜਵਾਨਾਂ ਨੂੰ ਝੂਠੇ ਨਸ਼ੇ ਦੇ ਮਾਮਲਿਆਂ ਵਿੱਚ ਫਸਾਉਣ ਦਾ ਡਰ ਦਿਖਾ ਕੇ ਪੈਸੇ ਵਸੂਲਦੇ ਰਹੇ। ਉਨ੍ਹਾਂ ਪੁਲਿਸ 'ਤੇ ਮਾਮਲੇ ਵਿੱਚ ਲੋੜੀਂਦੀ ਸਖ਼ਤ ਕਾਰਵਾਈ ਨਾ ਕਰਨ ਦੇ ਦੋਸ਼ ਲਗਾਉਂਦਿਆਂ ਸੰਬੰਧਤ ਪੁਲਿਸ ਮੁਲਾਜ਼ਮਾਂ ਦੀ ਭੂਮਿਕਾ ਦੀ ਵੀ ਜਾਂਚ ਦੀ ਮੰਗ ਕੀਤੀ।

ਇਸ ਦੌਰਾਨ ਕੁਝ ਨੌਜਵਾਨਾਂ ਅਤੇ ਪਰਿਵਾਰਾਂ ਵੱਲੋਂ ਦਾਅਵਾ ਕੀਤਾ ਗਿਆ ਕਿ ਕਥਿਤ ਤੌਰ 'ਤੇ ਝੂਠੇ ਕੇਸਾਂ ਤੋਂ ਬਚਣ ਲਈ ਉਨ੍ਹਾਂ ਨੇ ਪੈਸੇ ਦਿੱਤੇ ਸਨ। ਭਾਜਪਾ ਆਗੂ ਗਗਨਦੀਪ ਸਿੰਘ ਕੈਂਥ ਦੀ ਦਖ਼ਲਅੰਦਾਜ਼ੀ ਅਤੇ ਉੱਚ ਪੁਲਿਸ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਚਾਰ ਪਰਿਵਾਰਾਂ ਨੂੰ 20-20 ਹਜ਼ਾਰ ਰੁਪਏ ਵਾਪਸ ਕਰਵਾਏ ਗਏ।

ਨਿਹੰਗ ਜਥੇਬੰਦੀਆਂ ਨੇ ਮਾਮਲੇ ਵਿੱਚ ਨਾਮਜ਼ਦ ਵਿਅਕਤੀਆਂ ਅਤੇ ਕਥਿਤ ਤੌਰ 'ਤੇ ਸ਼ਾਮਲ ਪੁਲਿਸ ਮੁਲਾਜ਼ਮਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ

# ਗਗਨ ਨਗਰ ਦੀ ਮੁੱਖ ਸੜਕ ਦੇ ਨਿਰਮਾਣ ਕਾਰਜ ਦਾ ਵਿਧਾਇਕ ਛੀਨਾ ਵੱਲੋਂ ਉਦਘਾਟਨ




ਲੁਧਿਆਣਾ, 2 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਵਿਧਾਨ ਸਭਾ ਹਲਕਾ ਦੱਖਣੀ ਤੋਂ ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਨੇ ਮੁਹੱਲਾ ਗਗਨ ਨਗਰ ਦੀ ਮੁੱਖ ਸੜਕ ਦੇ ਨਿਰਮਾਣ ਕਾਰਜ ਦਾ ਉਦਘਾਟਨ ਕੀਤਾ।

ਕਰੀਬ 10 ਸਾਲਾਂ ਤੋਂ ਖਸਤਾ ਹਾਲਤ ਵਿੱਚ ਪਈ ਇਸ ਸੜਕ ਦੇ ਨਿਰਮਾਣ ਨਾਲ ਇਲਾਕਾ ਵਾਸੀਆਂ ਨੂੰ ਆਵਾਜਾਈ ਵਿੱਚ ਰਾਹਤ ਮਿਲੇਗੀ। ਵਿਧਾਇਕ ਛੀਨਾ ਨੇ ਕਿਹਾ ਕਿ ਸੜਕ ਦਾ ਨਿਰਮਾਣ ਆਰ.ਐੱਮ.ਸੀ. ਨਾਲ ਕੀਤਾ ਜਾਵੇਗਾ ਅਤੇ ਲੋਕਾਂ ਨੂੰ ਬਿਹਤਰ ਤੇ ਟਿਕਾਊ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਸਰਕਾਰ ਦੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਹਲਕਾ ਲੁਧਿਆਣਾ ਦੱਖਣੀ ਦੇ ਵੱਖ-ਵੱਖ ਵਾਰਡਾਂ ਵਿੱਚ ਸੜਕਾਂ, ਸੀਵਰੇਜ, ਪੀਣ ਵਾਲੇ ਪਾਣੀ ਸਮੇਤ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਕਰਵਾਇਆ ਜਾ ਰਿਹਾ ਹੈ।

ਇਲਾਕਾ ਵਾਸੀਆਂ ਨੇ ਸੜਕ ਦਾ ਕੰਮ ਸ਼ੁਰੂ ਹੋਣ 'ਤੇ ਖੁਸ਼ੀ ਪ੍ਰਗਟ ਕਰਦਿਆਂ ਵਿਧਾਇਕ ਛੀਨਾ ਦਾ ਧੰਨਵਾਦ ਕੀਤਾ। ਇਸ ਮੌਕੇ ਇਲਾਕਾ ਨਿਵਾਸੀ, ਪਾਰਟੀ ਆਗੂ ਅਤੇ ਵਰਕਰ ਹਾਜ਼ਰ ਸਨ।

# ਮਾਲੇਰਕੋਟਲਾ ਦੇ 10 ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਬਣਾਏਗਾ 'ਮਿਸ਼ਨ ਰਫ਼ਤਾਰ'

ਮਲੇਰਕੋਟਲਾ, 2 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਆਧੁਨਿਕ ਤਕਨਾਲੋਜੀ ਨਾਲ ਜੋੜਨ ਅਤੇ ਉਨ੍ਹਾਂ ਨੂੰ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਕਰਨ ਦੇ ਉਦੇਸ਼ ਨਾਲ ਸਿੱਖਿਆ ਵਿਭਾਗ ਵੱਲੋਂ 'ਮਿਸ਼ਨ ਰਫ਼ਤਾਰ' ਸ਼ੁਰੂ ਕੀਤਾ ਗਿਆ ਹੈ। ਇਸ ਮਿਸ਼ਨ ਤਹਿਤ ਮਾਲੇਰਕੋਟਲਾ ਜ਼ਿਲ੍ਹੇ ਦੇ 10 ਚੁਣੇ ਹੋਏ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ (ਏ.ਆਈ.), ਰੋਬੋਟਿਕਸ, ਪਾਈਥਨ ਪ੍ਰੋਗਰਾਮਿੰਗ, ਫਿਜ਼ੀਕਲ ਕੰਪਿਊਟਿੰਗ ਅਤੇ ਇੰਟਰਨੈੱਟ ਆਫ਼ ਥਿੰਗਜ਼ (ਆਈ.ਓ.ਟੀ.) ਸਬੰਧੀ ਵਿਸ਼ੇਸ਼ ਸਿਖਲਾਈ ਦਿੱਤੀ ਜਾਵੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਨੋਡਲ ਅਫ਼ਸਰ ਕਮ ਕੰਪਿਊਟਰ ਫੈਕਲਟੀ ਦਵਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਨੈਸ਼ਨਲ ਇੰਸਟੀਚਿਊਟ ਆਫ਼ ਇਲੈਕਟ੍ਰਾਨਿਕਸ ਐਂਡ ਇਨਫਰਮੇਸ਼ਨ ਟੈਕਨਾਲੋਜੀ (ਨਾਇਲਿਟ), ਰੂਪਨਗਰ ਦੇ ਸਹਿਯੋਗ ਨਾਲ ਸੂਬੇ ਦੇ 425 ਸਰਕਾਰੀ ਸਕੂਲਾਂ ਨੂੰ ਮਿਸ਼ਨ ਰਫ਼ਤਾਰ ਤਹਿਤ ਸਿਖਲਾਈ ਲਈ ਚੁਣਿਆ ਗਿਆ ਹੈ। ਇਨ੍ਹਾਂ ਵਿੱਚੋਂ ਮਾਲੇਰਕੋਟਲਾ ਜ਼ਿਲ੍ਹੇ ਦੇ 07 ਪੀ.ਐਮ. ਸ਼੍ਰੀ ਸਕੂਲ ਅਤੇ 03 ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸ਼ਾਮਲ ਹਨ।

ਉਨ੍ਹਾਂ ਦੱਸਿਆ ਕਿ ਪਿਛਲੇ ਦਿਨੀਂ ਮੈਗਸ਼ੀਪਾ ਚੰਡੀਗੜ੍ਹ ਵਿਖੇ 'ਏ.ਆਈ. ਸਮਰੱਥ' ਵਿਸ਼ੇ 'ਤੇ ਦੋ ਰੋਜ਼ਾ ਵਿਸ਼ੇਸ਼ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਦੌਰਾਨ ਅਧਿਆਪਕਾਂ ਦੀ ਉੱਨਤੀ ਅਤੇ ਅਕਾਦਮਿਕ ਤਿਆਰੀ ਲਈ ਰੋਬੋਟਿਕਸ ਅਤੇ ਕ੍ਰਿਤ੍ਰਿਮ ਬੁੱਧੀਮਤਾ ਆਧਾਰਿਤ ਢਾਂਚੇ ਬਾਰੇ ਸਿਖਲਾਈ ਦਿੱਤੀ ਗਈ। ਇਸ ਦਾ ਮੁੱਖ ਉਦੇਸ਼ ਅਧਿਆਪਕਾਂ ਨੂੰ ਆਧੁਨਿਕ ਤਕਨੀਕਾਂ ਵਿੱਚ ਨਿਪੁੰਨ ਬਣਾਉਣਾ ਹੈ, ਤਾਂ ਜੋ ਉਹ ਵਿਦਿਆਰਥੀਆਂ ਵਿੱਚ ਕੰਪਿਊਟੇਸ਼ਨਲ ਸੋਚ, ਰਚਨਾਤਮਕਤਾ, ਨਵੀਨਤਾਕਾਰੀ ਵਿਚਾਰਧਾਰਾ ਅਤੇ ਸਮੱਸਿਆ ਹੱਲ ਕਰਨ ਦੀ ਸਮਰੱਥਾ ਵਿਕਸਤ ਕਰ ਸਕਣ।

ਦਵਿੰਦਰ ਸਿੰਘ ਨੇ ਦੱਸਿਆ ਕਿ ਚੁਣੇ ਗਏ ਸਕੂਲਾਂ ਨੂੰ 'ਡਿਜੀਟਲ ਇਨੋਵੇਸ਼ਨ ਹੱਬ' ਵਜੋਂ ਵਿਕਸਤ ਕੀਤਾ ਜਾਵੇਗਾ। ਸਕੂਲਾਂ ਵਿੱਚ ਮੌਜੂਦ ਕੰਪਿਊਟਰ ਲੈਬਾਂ, ਡਿਜੀਟਲ ਕਲਾਸਰੂਮ ਅਤੇ ਇੰਟਰਨੈੱਟ ਸਹੂਲਤਾਂ ਦੀ ਪ੍ਰਭਾਵਸ਼ਾਲੀ ਵਰਤੋਂ ਕੀਤੀ ਜਾਵੇਗੀ।

ਇਸ ਦੇ ਨਾਲ ਹੀ ਏ.ਆਈ. ਅਤੇ ਰੋਬੋਟਿਕਸ ਕਿੱਟਾਂ ਰਾਹੀਂ ਵਿਦਿਆਰਥੀਆਂ ਨੂੰ ਪ੍ਰੈਕਟੀਕਲ ਪ੍ਰੋਜੈਕਟ ਤਿਆਰ ਕਰਨ ਅਤੇ ਨਵੀਆਂ ਤਕਨੀਕਾਂ ਨੂੰ ਹੱਥੀਂ ਸਮਝਣ ਦੇ ਮੌਕੇ ਪ੍ਰਦਾਨ ਕੀਤੇ ਜਾਣਗੇ।

ਉਨ੍ਹਾਂ ਕਿਹਾ ਕਿ 'ਮਿਸ਼ਨ ਰਫ਼ਤਾਰ' ਵਿਦਿਆਰਥੀਆਂ ਨੂੰ ਕੇਵਲ ਤਕਨਾਲੋਜੀ ਦੇ ਉਪਭੋਗਤਾ ਹੀ ਨਹੀਂ, ਸਗੋਂ ਨਵੇਂ ਵਿਚਾਰਾਂ ਅਤੇ ਤਕਨੀਕੀ ਹੱਲਾਂ ਦੇ ਸਿਰਜਣਹਾਰ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਏਗਾ। ਇਹ ਪਹਿਲ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਅਤੇ ਭਵਿੱਖ ਦੇ ਰੁਜ਼ਗਾਰ ਖੇਤਰ ਵਿੱਚ ਮੁਕਾਬਲੇ ਲਈ ਹੋਰ ਸਮਰੱਥ ਬਣਾਉਣ ਵਿੱਚ ਸਹਾਇਕ ਸਾਬਤ ਹੋਵੇਗੀ।

# ਮੌਜੂਦਾ ਵਿਧਾਇਕ ਅਤੇ ਸਾਬਕਾ ਮੁੱਖ ਮੰਤਰੀ ਦੇ ਦਫਤਰ ਨੂੰ ਜਾਣ ਵਾਲੀ ਸੜਕ ਖਸਤਾ ਹਾਲ



ਮੋਰਿੰਡਾ, 2 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਸਾਬਕਾ ਮੁੱਖ ਮੰਤਰੀ ਅਤੇ ਮੌਜੂਦਾ ਵਿਧਾਇਕ ਦੇ ਦਫਤਰ ਨੂੰ ਜਾਣ ਵਾਲੀ ਮੇਨ ਸੜਕ ਦੀ ਹਾਲਤ ਕਾਫੀ ਖਸਤਾ ਹੋ ਗਈ ਹੈ। ਮਹਾਰਾਣਾ ਪ੍ਰਤਾਪ ਚੌਂਕ ਤੋਂ ਲੈ ਕੇ ਬੱਸ ਸਟੈਂਡ ਤੱਕ ਦੇ, ਲਗਭਗ ਅੱਧਾ ਕਿਲੋਮੀਟਰ ਦੇ ਰਸਤੇ ਵਿੱਚ 100 ਤੋਂ ਵੱਧ ਵੱਡੇ ਛੋਟੇ ਟੋਏ ਪਏ ਹੋਏ ਨੇ, ਜਿਸ ਕਾਰਨ ਇਸ ਰਸਤੇ ਤੋਂ ਆਣ ਜਾਣ ਵਾਲੇ ਵਾਹਣ ਚਾਲਕਾਂ ਨੂੰ ਭਾਰੀ ਪਰੇਸ਼ਾਨੀ ਪੇਸ਼ ਆ ਰਹੀ ਹੈ। ਇਸੇ ਰਸਤੇ ਤੋਂ ਹਰ ਰੋਜ਼ ਕਈ ਸਰਕਾਰੀ ਅਧਿਕਾਰੀਆਂ ਦਾ ਵੀ ਆਉਣਾ ਜਾਣਾ ਲੱਗਿਆ ਰਹਿੰਦਾ ਹੈ। ਲੇਕਿਨ ਇਸ ਸੜਕ ਦੀ ਮੁਰੰਮਤ ਵੱਲ ਕਿਸੇ ਦਾ ਕੋਈ ਧਿਆਨ ਨਹੀਂ ਹੈ। ਸਭ ਤੋਂ ਜ਼ਿਆਦਾ ਪਰੇਸ਼ਾਨੀ ਦੋ ਪਹੀਆ ਵਾਹਨ ਚਾਲਕਾਂ ਨੂੰ ਪੇਸ਼ ਆਉਂਦੀ ਹੈ। ਜੋ ਕਿ ਕਈ ਵਾਰ ਟੋਇਆ ਤੋਂ ਬਚਾਉਂਦੇ ਹੋਏ ਦੁਰਘਟਨਾ ਦਾ ਸ਼ਿਕਾਰ ਹੋ ਜਾਂਦੇ ਨੇ, ਸਥਾਨਕ ਦੁਕਾਨਦਾਰਾਂ ਦਾ ਵੀ ਕਹਿਣਾ ਹੈ। ਕੀ ਇਹ ਸੜਕ ਕਾਫੀ ਖਸਤਾ ਹਾਲ ਹੋ ਚੁੱਕੀ ਹੈ। ਅਤੇ ਟੁੱਟੀ ਹੋਈ ਸੜਕ ਦੇ ਕਾਰਨ ਹਰ ਰੋਜ਼ ਕੋਈ ਨਾ ਕੋਈ ਹਾਦਸਾ ਪੇਸ਼ ਆਉਂਦਾ ਰਹਿੰਦਾ ਹੈ। ਸ਼ਹਿਰ ਨਿਵਾਸੀਆਂ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਤੋਂ ਜ਼ੋਰਦਾਰ ਮੰਗ ਕੀਤੀ ਗਈ ਹੈ ਕਿ ਇਸ ਸੜਕ ਨੂੰ ਜਲਦ ਤੋਂ ਜਲਦ ਰਿਪੇਅਰ ਕੀਤਾ ਜਾਵੇ।

# ਕਿਸਾਨੀ ਮੰਗਾਂ ਦੇ ਹੱਲ ਲਈ ਸੰਯੁਕਤ ਕਿਸਾਨ ਮੋਰਚਾ ਵੱਲੋਂ ਡਿਪਟੀ ਕਮਿਸ਼ਨਰ ਰੂਪਨਗਰ ਨੂੰ ਮੁੱਖ ਮੰਤਰੀ ਦੇ ਨਾਂ ਮੰਗ ਪੱਤਰ

ਮੋਰਿੰਡਾ, 2 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-



ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਭਾਰਤ ਦੇ ਪੰਜਾਬ ਅਧਿਆਏ ਦੇ ਸੱਦੇ 'ਤੇ ਅੱਜ ਕਿਸਾਨਾਂ ਨੂੰ ਦਰਪੇਸ਼ ਗੰਭੀਰ ਸਮੱਸਿਆਵਾਂ ਅਤੇ ਉਨ੍ਹਾਂ ਦੀਆਂ ਮੁੱਖ ਮੰਗਾਂ ਦੇ ਹੱਲ ਲਈ ਡਿਪਟੀ ਕਮਿਸ਼ਨਰ ਰੂਪਨਗਰ ਅਦਿੱਤਿਆ ਡੇਚਲਵਾਲ ਰਾਹੀਂ ਪੰਜਾਬ ਦੇ ਮਾਨਯੋਗ ਮੁੱਖ ਮੰਤਰੀ ਦੇ ਨਾਂ ਇੱਕ ਵਿਸ਼ੇਸ਼ ਮੰਗ ਪੱਤਰ ਸੌਂਪਿਆ ਗਿਆ। ਇਸ ਮੌਕੇ ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਦਾ ਕਿਸਾਨ ਇਸ ਸਮੇਂ ਕਈ ਗੰਭੀਰ ਸਮੱਸਿਆਵਾਂ ਨਾਲ ਜੂਝ ਰਿਹਾ ਹੈ ਅਤੇ ਜੇਕਰ ਸਰਕਾਰ ਵੱਲੋਂ ਸਮੇਂ ਸਿਰ ਇਨ੍ਹਾਂ ਮਸਲਿਆਂ ਦੇ ਹੱਲ ਲਈ ਠੋਸ ਅਤੇ ਸਾਰਥਕ ਕਦਮ ਨਾ ਚੁੱਕੇ ਗਏ ਤਾਂ ਕਿਸਾਨਾਂ ਦਾ ਆਰਥਿਕ ਸੰਕਟ ਹੋਰ ਡੂੰਘਾ ਹੋ ਸਕਦਾ ਹੈ।

ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਪਰਮਲ ਝੋਨੇ ਦੀ ਸਰਕਾਰੀ ਖਰੀਦ ਤੁਰੰਤ ਪ੍ਰਭਾਵ ਨਾਲ ਸ਼ੁਰੂ ਕੀਤੀ ਜਾਵੇ ਅਤੇ ਖਰੀਦ ਸਮੇਂ ਨਮੀ ਦੀ ਨਿਰਧਾਰਤ ਹੱਦ 17 ਫ਼ੀਸਦੀ ਤੋਂ ਵਧਾ ਕੇ 20 ਫ਼ੀਸਦੀ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਨਮੀ ਦੀ ਜਾਂਚ ਲਈ ਸਿਰਫ਼ ਮੰਡੀ ਬੋਰਡ ਦੀਆਂ ਅਧਿਕਾਰਤ ਮਸ਼ੀਨਾਂ ਦੀ ਵਰਤੋਂ ਕੀਤੀ ਜਾਵੇ ਅਤੇ ਨਿੱਜੀ ਚੌਲ ਮਿੱਲ ਮਾਲਕਾਂ ਜਾਂ ਆੜ੍ਹਤੀਆਂ ਵੱਲੋਂ ਵਰਤੀਆਂ ਜਾਂਦੀਆਂ ਮਸ਼ੀਨਾਂ ਦੀ ਵਰਤੋਂ 'ਤੇ ਤੁਰੰਤ ਰੋਕ ਲਗਾਈ ਜਾਵੇ। ਇਸ ਤੋਂ ਇਲਾਵਾ ਖਰੀਦ ਦੌਰਾਨ ਕਿਸਮ ਦੇ ਨਾਂ 'ਤੇ ਲਗਾਏ ਜਾਂਦੇ ਅਣਉਚਿਤ ਕੱਟ ਨੂੰ ਬੰਦ ਕਰਨ, ਤੋਲ ਵਿੱਚ ਹੋਣ ਵਾਲੀ ਗੜਬੜੀ ਨੂੰ ਰੋਕਣ, ਸਮੇਂ ਸਿਰ ਬਾਰਦਾਨੇ ਦਾ ਪ੍ਰਬੰਧ ਕਰਨ ਅਤੇ ਕਿਸਾਨਾਂ ਦੀ ਫ਼ਸਲ ਦੀ ਨਿਰਵਿਘਨ ਚੁਕਾਈ ਯਕੀਨੀ ਬਣਾਉਣ ਦੀ ਵੀ ਮੰਗ ਕੀਤੀ ਗਈ। ਪਰਾਲੀ ਪ੍ਰਬੰਧਨ ਸਬੰਧੀ ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ 6 ਹਜ਼ਾਰ ਰੁਪਏ ਪ੍ਰਤੀ ਏਕੜ ਸਹਾਇਤਾ ਰਾਸ਼ੀ ਜਾਂ ਮੁਆਵਜ਼ਾ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਮੰਗ ਕੀਤੀ ਕਿ ਝੋਨੇ ਦੀ ਕਟਾਈ ਤੋਂ ਸੱਤ ਦਿਨਾਂ ਦੇ ਅੰਦਰ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਲੋੜੀਂਦੀ ਮਸ਼ੀਨਰੀ ਉਪਲਬਧ ਕਰਵਾਈ ਜਾਵੇ ਅਤੇ ਪਰਾਲੀ ਪ੍ਰਬੰਧਨ ਦੀ ਪ੍ਰਕਿਰਿਆ ਅਤੇ ਖੇਤੀ ਮਸ਼ੀਨਰੀ ਸਬੰਧੀ ਸਹਾਇਤਾ ਲਈ ਬਲਾਕ ਅਤੇ ਜ਼ਿਲ੍ਹਾ ਪੱਧਰ 'ਤੇ ਸਰਕਾਰੀ ਸਹਾਇਤਾ ਨੰਬਰ ਜਾਰੀ ਕੀਤੇ ਜਾਣ।

ਕਿਸਾਨ ਆਗੂਆਂ ਨੇ ਆਉਣ ਵਾਲੀਆਂ ਫ਼ਸਲਾਂ ਕਣਕ, ਸਰ੍ਹੋਂ, ਗੰਨਾ ਅਤੇ ਸਬਜ਼ੀਆਂ ਦੀ ਬਿਜਾਈ ਲਈ ਡੀ.ਏ.ਪੀ. ਖਾਦ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਉਣ ਦੀ ਵੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਡੀ.ਏ.ਪੀ. ਖਾਦ ਦੀ ਕਾਲਾਬਾਜ਼ਾਰੀ ਨੂੰ ਤੁਰੰਤ ਰੋਕਿਆ ਜਾਵੇ ਅਤੇ ਖਾਦ ਦੇ ਨਾਲ ਹੋਰ ਉਤਪਾਦਾਂ ਦੀ ਕੀਤੀ ਜਾਂਦੀ ਜਬਰੀ ਜੋੜੀ ਵਿਕਰੀ ਬੰਦ ਕਰਵਾਈ ਜਾਵੇ, ਤਾਂ ਜੋ ਕਿਸਾਨਾਂ ਨੂੰ ਲੋੜ ਅਨੁਸਾਰ ਸਮੇਂ ਸਿਰ ਖਾਦ ਮੁਹੱਈਆ ਹੋ ਸਕੇ।

# ਸਥਾਨਕ ਪ੍ਰਸ਼ਾਸਨ ਨਗਰ ਨਿਗਮ ਫਗਵਾੜਾ ਵੱਲੋਂ ਪੱਤਰਕਾਰਾਂ ਨਾਲ ਦੁਰਵਿਹਾਰ ਕਰਨਾ ਮੰਦਭਾਗਾ : ਸੈਣੀ

ਮੁਕੇਰੀਆਂ, 2 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-



ਦਿ ਵਰਕਿੰਗ ਰਿਪੋਰਟਰ ਐਸੋਸੀਏਸ਼ਨ ( ਰਜਿ.) ਪੰਜਾਬ ਇੰਡੀਆ ਦੇ ਆਗੂਆਂ ਕੌਮੀ ਜਨਰਲ ਸਕੱਤਰ ਵਿਨੋਦ ਕੌਸ਼ਲ ਵਧੀਕ ਜਨਰਲ ਸਕੱਤਰ ਤਰਸੇਮ ਦੀਵਾਨਾ ਸੁਬਾਈ ਪ੍ਰਧਾਨ ਬਲਵੀਰ ਸਿੰਘ ਸੈਣੀ ਸੁਬਾਈ ਮੀਤ ਚੇਅਰਮੈਨ ਗੁਰਵਿੰਦਰ ਸਿੰਘ ਪਲਾਹਾ ਅਤੇ ਜਿਲਾ ਮੀਤ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਇੱਕ ਸਾਂਝੇ ਪ੍ਰੈਸ ਬਿਆਨ ਰਾਹੀਂ ਨਗਰ ਨਿਗਮ ਫਗਵਾੜਾ ਦੀ ਹਾਊਸ ਮੀਟਿੰਗ ਦੌਰਾਨ ਪੱਤਰਕਾਰਾਂ ਨਾਲ ਕਥਿਤ ਤੌਰ @ਤੇ ਹੋਏ ਦੁਰਵਿਹਾਰ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।ਸੂਬਾ ਪ੍ਰਧਾਨ ਬਲਵੀਰ ਸਿੰਘ ਸੈਣੀ ਨੇ ਕਿਹਾ ਕਿ ਲੋਕਤੰਤਰ ਦੇ ਚੌਥੇ ਥੰਮ੍ਹ ਵਜੋਂ ਪੱਤਰਕਾਰਤਾ ਦੀ ਆਪਣੀ ਮਹੱਤਵਪੂਰਨ ਭੂਮਿਕਾ ਹੈ ਅਤੇ ਪੱਤਰਕਾਰਾਂ ਨਾਲ ਕਿਸੇ ਵੀ ਤਰ੍ਹਾਂ ਦਾ ਦੁਰਵਿਵਹਾਰ ਲੋਕਤੰਤਰ ਦੀ ਮਰਿਆਦਾ ਦੇ ਅਨੁਕੂਲ ਨਹੀਂ ਹੈ। ਉਨ੍ਹਾਂ ਕਿਹਾ ਕਿ ਨਗਰ ਨਿਗਮ ਦੀ ਹਾਊਸ ਮੀਟਿੰਗ ਵਿੱਚ ਮੇਅਰ, ਕੌਂਸਲਰਾਂ ਅਤੇ ਹੋਰ ਅਧਿਕਾਰੀਆਂ ਦੀ ਮੌਜੂਦਗੀ ਦੌਰਾਨ ਪੱਤਰਕਾਰ ਵੀ ਮੀਟਿੰਗ ਦੀ ਕਾਰਵਾਈ ਨੂੰ ਕਵਰ ਕਰਨ ਲਈ ਪਹੁੰਚੇ ਸਨ। ਉਨ੍ਹਾਂ ਅਨੁਸਾਰ ਇਸ ਦੌਰਾਨ ਪੱਤਰਕਾਰਾਂ ਨੂੰ ਬਾਹਰ ਜਾਣ ਲਈ ਕਿਹਾ ਗਿਆ, ਜਿਸ ਕਾਰਨ ਪੱਤਰਕਾਰਾਂ ਅਤੇ ਸੱਤਾ ਧਿਰ ਨਾਲ ਕੁਝ ਤਲਖੀ ਵੀ ਹੋਈ ਜੋ ਕਿ ਮੰਦਭਾਗੀ ਗੱਲ ਹੈ। ਉਨ੍ਹਾਂ ਕਿਹਾ ਕਿ ਚੁਣੇ ਹੋਏ ਲੀਡਰ ਆਉਂਦੇ-ਜਾਂਦੇ ਰਹਿੰਦੇ ਹਨ, ਪਰ ਨਗਰ ਨਿਗਮ ਦੀ ਸੰਸਥਾਗਤ ਮਰਿਆਦਾ ਨੂੰ ਕਾਇਮ ਰੱਖਣ ਦੀ ਜ਼ਿੰਮੇਵਾਰੀ ਸਬੰਧਤ ਅਧਿਕਾਰੀਆਂ ਦੀ ਹੁੰਦੀ ਹੈ। ਨਿਗਮ ਕਮਿਸ਼ਨਰ ਇੱਕ ਪ੍ਰਸ਼ਾਸਨਿਕ ਅਧਿਕਾਰੀ ਹੋਣ ਦੇ ਨਾਤੇ ਕਿਸੇ ਵੀ ਪੱਖ ਨਾਲ ਪੱਖਪਾਤ ਕੀਤੇ ਬਿਨਾਂ ਸਾਰਿਆਂ ਨਾਲ ਨਿਰਪੱਖ ਵਿਵਹਾਰ ਕਰਨ ਲਈ ਜ਼ਿੰਮੇਵਾਰ ਹੁੰਦੇ ਹਨ। ਪਰ ਵੇਖਣ ਵਿੱਚ ਆਇਆ ਹੈ ਕਿ ਅੱਜ ਦੇ ਅਧਿਕਾਰੀ ਭਰਿਸ਼ਟ ਤੰਤਰ ਦਾ ਹਿੱਸਾ ਹੁੰਦੇ ਹੋਏ ਰਾਜਨੀਤਿਕ ਆਗੂਆਂ ਦੀਆਂ ਕਠਪੁਤਲੀਆਂ ਬਣ ਕੇ ਹੀ ਕੰਮ ਕਰਦੇ ਹਨ ਅਤੇ ਆਪਣੇ ਭ੍ਰਿਸ਼ਟਾਚਾਰ ਨੂੰ ਉਜਾਗਰ ਹੋਣ ਤੋਂ ਬਚਾਉਣ ਲਈ ਇਹ ਪੱਤਰਕਾਰਾਂ ਨੂੰ ਆਪਣੀ ਅਹਿਮ ਭੂਮਿਕਾ ਨਿਭਾਉਣ ਨਹੀਂ ਦਿੰਦੇ। ਪੱਤਰਕਾਰ ਨਗਰ ਨਿਗਮ ਦੀਆਂ ਮੀਟਿੰਗਾਂ ਅਤੇ ਸਰਕਾਰੀ ਕੰਮਕਾਜ ਨਾਲ ਸਬੰਧਤ ਜਾਣਕਾਰੀ ਲੋਕਾਂ ਤੱਕ ਪਹੁੰਚਾਉਣ ਦਾ ਕੰਮ ਕਰਦੇ ਹਨ। ਲੋਕ ਇਹ ਜਾਣਨਾ ਚਾਹੁੰਦੇ ਹਨ ਕਿ ਉਨ੍ਹਾਂ ਦੇ ਚੁਣੇ ਹੋਏ ਨੁਮਾਇੰਦੇ ਅਤੇ ਨਗਰ ਨਿਗਮ ਪ੍ਰਸ਼ਾਸ਼ਨ ਲੋਕਾਂ ਲਈ ਕੀ ਕੰਮ ਕਰ ਰਹੇ ਹਨ ਅਤੇ ਸਰਕਾਰੀ ਸਹੂਲਤਾਂ ਦਾ ਲਾਭ ਕਿਵੇਂ ਲੋਕਾਂ ਤੱਕ ਪਹੁੰਚ ਰਿਹਾ ਹੈ। ਜੇਕਰ ਪੱਤਰਕਾਰਾਂ ਨੂੰ ਹੀ ਨਗਰ ਨਿਗਮ ਦੀ ਹਾਊਸ ਮੀਟਿੰਗ ਦੀ ਕਾਰਵਾਈ ਤੋਂ ਦੂਰ ਰੱਖਿਆ ਜਾਵੇਗਾ ਤਾਂ ਆਮ ਲੋਕਾਂ ਤੱਕ ਨਿਗਮ ਦੇ ਕੰਮਕਾਜ ਅਤੇ ਫੈਸਲਿਆਂ ਦੀ ਜਾਣਕਾਰੀ ਕਿਵੇਂ ਪਹੁੰਚੇਗੀ।

ਉਨ੍ਹਾਂ ਕਿਹਾ ਕਿ ਪੱਤਰਕਾਰਾਂ ਨੂੰ ਆਪਣੀ ਡਿਊਟੀ ਨਿਭਾਉਣ ਤੋਂ ਰੋਕਣਾ ਕਿਸੇ ਵੀ ਤਰ੍ਹਾਂ ਉਚਿਤ ਨਹੀਂ ਕਿਹਾ ਜਾ ਸਕਦਾ।

ਆਗੂਆਂ ਨੇ ਕਿਹਾ ਕਿ *ਦਿ ਵਰਕਿੰਗ ਰਿਪੋਰਟਰਸ ਐਸੋਸੀਏਸ਼ਨ (ਰਜਿ:) ਪੰਜਾਬ ਇੰਡੀਆ* ਹਮੇਸ਼ਾ ਪੱਤਰਕਾਰਾਂ ਦੇ ਹੱਕਾਂ, ਆਜ਼ਾਦੀ ਅਤੇ ਸਨਮਾਨ ਨੂੰ ਬਰਕਰਾਰ ਰੱਖਣ ਲਈ ਪੱਤਰਕਾਰਾਂ ਨਾਲ ਖੜ੍ਹੀ ਹੈ। ਪੱਤਰਕਾਰਾਂ ਨਾਲ ਹੋਏ ਇਸ ਮਾੜੇ ਵਿਵਹਾਰ ਦੀ ਜਥੇਬੰਦੀ ਵੱਲੋਂ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੇ ਹੋਏ ਨਗਰ ਨਿਗਮ ਕਮਿਸ਼ਨਰ ਤੋਂ ਮਾਫ਼ੀ ਦੀ ਮੰਗ ਕੀਤੀ ਅਤੇ ਤਾੜਨਾ ਕੀਤੀ ਕਿ ਭਵਿੱਖ ਵਿੱਚ ਮੀਡੀਆ ਨਾਲ ਅਜਿਹੀ ਘਟਨਾ ਦੁਬਾਰਾ ਨਹੀਂ ਵਾਪਰਨੀ ਚਾਹੀਦੀ। ਉਨ੍ਹਾਂ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਪੱਤਰਕਾਰਾਂ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਬਣਦਾ ਸਨਮਾਨ ਅਤੇ ਆਜ਼ਾਦ ਮਾਹੌਲ ਮੁਹੱਈਆ ਕਰਵਾਇਆ ਜਾਵੇ, ਤਾਂ ਜੋ ਨਗਰ ਨਿਗਮ ਦੇ ਕੰਮਕਾਜ ਦੀ ਸਹੀ ਜਾਣਕਾਰੀ ਲੋਕਾਂ ਤੱਕ ਪਹੁੰਚ ਸਕੇ।

# ਸੇਵਾ ਦੀ ਖੁਸ਼ਬੂ ਨੂੰ ਮਿਲਿਆ ਸਨਮਾਨ, ਸੰਤ ਰਿਸ਼ੀ ਰਾਮ ਦਾ ਜੈਤੋ ਪੁੱਜਣ 'ਤੇ ਭਰਵਾਂ ਸਵਾਗਤ

ਜੈਤੋ, 26 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਸਮਾਜ ਭਲਾਈ ਦੇ ਖੇਤਰ ਵਿੱਚ ਨਿਰੰਤਰ ਸੇਵਾ ਕਾਰਜ ਕਰਨ ਵਾਲੀ ਮਾਤਾ ਅਮਰ ਕੌਰ ਵਿਵੇਕ ਚੈਰੀਟੇਬਲ ਸੁਸਾਇਟੀ ਜੈਤੋ ਦੇ ਸੰਚਾਲਕ ਸੰਤ ਰਿਸ਼ੀ ਰਾਮ ਨੂੰ ਬਾਬਾ ਫ਼ਰੀਦ ਆਗਮਨ ਪੁਰਬ ਮੌਕੇ ਇੰਦਰਜੀਤ ਸਿੰਘ ਖਾਲਸਾ ਯਾਦਗਾਰੀ ਪੁਰਸਕਾਰ ਨਾਲ ਸਨਮਾਨਿਤ ਕੀਤੇ ਜਾਣ 'ਤੇ ਇਲਾਕੇ ਵਿੱਚ ਖੁਸ਼ੀ ਦਾ ਮਾਹੌਲ ਹੈ। ਪੁਰਸਕਾਰ ਪ੍ਰਾਪਤ ਕਰਕੇ ਜੈਤੋ ਪਰਤਣ 'ਤੇ ਸੰਤ ਰਿਸ਼ੀ ਰਾਮ ਦਾ ਪਤਵੰਤੇ ਸੱਜਣਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਹਲਕਾ ਜੈਤੋ ਦੇ ਸੀਨੀਅਰ ਕਾਂਗਰਸੀ ਆਗੂ ਦਰਸ਼ਨ ਸਿੰਘ ਢਿਲਵਾਂ ਨੇ ਸੰਤ ਰਿਸ਼ੀ ਰਾਮ ਨੂੰ ਸਨਮਾਨ ਮਿਲਣ 'ਤੇ ਵਧਾਈ ਦਿੰਦਿਆਂ ਕਿਹਾ ਕਿ ਇਹ ਪੁਰਸਕਾਰ ਸੰਤ ਜੀ ਵੱਲੋਂ ਸਮਾਜ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਪ੍ਰਸ਼ੰਸਾ ਹੈ।

ਉਨ੍ਹਾਂ ਕਿਹਾ ਕਿ ਸੰਤ ਰਿਸ਼ੀ ਰਾਮ ਨੂੰ ਮਿਲੇ ਇਸ ਸਨਮਾਨ ਨਾਲ ਸਮੁੱਚੇ ਹਲਕਾ ਨਿਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ ਅਤੇ ਇਲਾਕੇ ਦੇ ਲੋਕਾਂ ਵੱਲੋਂ ਉਨ੍ਹਾਂ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਹ ਇਲਾਕੇ ਲਈ ਮਾਣ ਵਾਲੀ ਗੱਲ ਹੈ ਕਿ ਇੱਥੋਂ ਦੀ ਸੰਸਥਾ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕਾਰਜਾਂ ਨੂੰ ਵਿਆਪਕ ਪੱਧਰ 'ਤੇ ਮਾਨਤਾ ਮਿਲੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਨਮਾਨ ਸਮਾਜ ਸੇਵਾ ਦੇ ਕਾਰਜਾਂ ਨੂੰ ਹੋਰ ਉਤਸ਼ਾਹ ਦਿੰਦੇ ਹਨ ਅਤੇ ਸੰਸਥਾ ਦਾ ਨਾਮ ਦੇਸ਼-ਵਿਦੇਸ਼ ਵਿੱਚ ਰੌਸ਼ਨ ਕਰਦੇ ਹਨ।

# ਸ੍ਰੀ ਗਨੇਸ਼ ਵਿਸਰਜਨ ਮਹਾ ਉਤਸਵ ਦੀਆਂ ਹਾਰਦਿਕ ਸ਼ੁਭਕਾਮਨਾਵਾ: ਸਤਨਾਮ ਹਸੀਜਾ



ਪਟਿਆਲਾ, 2 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਸੁਧਾਰ ਸਭਾ ਸ੍ਰੀ ਕੇਦਾਰ ਨਾਥ ਜੀ ਰਜਿ: ਅਤੇ ਭਗਤਾਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗਣੇਸ਼ ਮਹਾ ਉਤਸਵ ਬੜੀ ਧੂਮ ਧਾਮ ਨਾਲ ਮਨਾਇਆ। ਪਹਿਲੇ ਗਣੇਸ਼ ਉਤਸਵ 5—7 ਦਿਨ ਹੀ ਮਨਾਉਂਦੇ ਸੀ ਪਰ ਇਸ ਸਾਲ ਸੁਧਾਰ ਸਭਾ ਦੇ ਸਾਰੇ ਮੈਂਬਰਾਂ ਵਿੱਚ ਕਾਫੀ ਜੋਸ਼ ਸੀ, ਇਹ ਉਤਸਵ ਗਣੇਸ਼ ਚੁਤਰਥੀ ਤੋਂ ਅਨੰਦ ਚੁਤਰਥੀ ਤੱਕ ਮਨਾਇਆ ਗਿਆ। ਇਨ੍ਹਾਂ ਦਿਨਾਂ ਵਿੱਚ ਵਿਸ਼ਵ ਕਰਮਾ ਪੂਜਾ, ਰਾਧਾ ਅਸ਼ਟਮੀ, ਬਾਵਨਵਾਸੀ ਆਦਿ ਉਤਸਵ ਵੀ ਧੂਮ ਧਾਮ ਨਾਲ ਮਨਾਏ ਗਏ। ਸ਼ਾਮ ਨੂੰ ਆਰਤੀ ਉਪਰੰਤ ਹਸੀਜਾ ਪਰਿਵਾਰ ਵਲੋਂ ਅਤੁੱਟ ਭੰਡਾਰਾ ਵਰਤਾਇਆ ਗਿਆ ਜਿਸ ਵਿੱਚ ਤਰ੍ਹਾਂ ਤਰ੍ਹਾਂ ਦੇ ਵਿਅੰਜਨ ਬਣਾਏ ਗਏ। ਅਨੰਦ ਚੁਤਰਥੀ ਵਾਲੇ ਦਿਨ ਸ਼ਿਵ ਮੰਡਲੀ ਦੁਆਰਾ 11 ਤੋਂ 12 ਵਜੇ ਤੱਕ ਕੀਰਤਨ ਕੀਤਾ ਗਿਆ। ਆਰਤੀ ਉਪਰੰਤ ਮੰਦਿਰ ਵਿੱਚ ਭੋਗ ਲਗਾ ਕੇ ਕੜੀ ਚਾਵਲ ਅਤੇ ਲੱਡੂਆਂ ਦਾ ਲੰਗਰ ਮੰਦਿਰ ਦੇ ਪ੍ਰਾਂਗਣ ਅਤੇ ਵਿਸ਼ਾਲ ਸ਼ਿਵ ਜੀ ਦੀ ਮੂਰਤੀ ਦੇ ਕੋਲ 3:00 ਵਜੇ ਤੱਕ ਵਰਤਾਇਆ ਗਿਆ। ਗਣੇਸ਼ ਵਿਸਰਜਨ ਵਿੱਚ ਭਾਰੀ ਸੰਖਿਆ ਵਿੱਚ ਭਗਤਾਂ ਨੇ ਅਤੇ ਕਲੋਨੀ ਨਿਵਾਸੀਆਂ ਨੇ ਹਿੱਸਾ ਲਿਆ। ਖਾਸ ਕਰਕੇ ਇਸ ਮੌਕੇ ਮੇਅਰ ਕੁੰਦਨ ਗੋਗੀਆ ਦੇ ਨਾਲ ਐਮ.ਸੀ. ਰਣਜੀਤ ਸਿੰਘ ਚੰਡੋਕ, ਬਲਾਕ ਪ੍ਰਧਾਨ ਅਮਨ ਬਾਂਸਲ ਆਦਿ ਗਣਪਤੀ ਬਾਬਾ ਨੂੰ ਵਿਦਾਈ ਦਿੱਤੀ। ਮੇਅਰ ਸਾਹਿਬ ਨੇ ਸ਼ਲਾਘਾ ਕੀਤੀ ਜਦੋਂ ਦੀ ਹਸੀਜਾ ਪਰਿਵਾਰ ਨੇ ਵਿਸ਼ਾਲ ਸ਼ਿਵ ਜੀ ਦੀ ਮੂਰਤੀ ਦੀ ਸੇਵਾ ਕੀਤੀ ਹੈ ਉਦੋਂ ਤੋਂ ਹੀ ਇਹ ਮੰਦਿਰ ਬਹੁਤ ਪ੍ਰਸਿੱਧ ਹੋ ਗਿਆ ਹੈ। ਸਤਨਾਮ ਹਸੀਜਾ ਨੇ ਜਦੋਂ ਤੋਂ ਸੁਧਾਰ ਸਭਾ ਸੰਸਥਾ ਦਾ ਗਠਨ ਕੀਤਾ ਹੈ ਸੁਧਾਰ ਸਭਾ ਦੇ ਸਾਰੇ ਮੈਂਬਰ ਦਿਨ ਰਾਤ ਕਰਕੇ ਵਿਕਾਸ ਦਾ ਕੰਮ ਅਤੇ ਵਾਰ ਤਿਉਹਾਰ ਵਿੱਚ ਵੱਧ ਚੜ੍ਹਕੇ ਹਿੱਸਾ ਲੈ ਰਹੇ ਹਨ। ਮੰਦਿਰ ਵਿੱਚ ਚਿੱਤਰਕਾਰੀ, ਝੂਮਰ ਆਦਿ, ਬਾਹਰ ਮੰਦਿਰ ਉਪਰ ਲਾਇਟਾਂ, ਗੁੰਮਦ ਜਗਮਗਾਉਂਦੀਆਂ ਹਨ। ਖਾਸ ਕਰਕੇ ਰਾਤ ਨੂੰ ਨਜਾਰਾ ਦੇਖਣ ਯੋਗ ਹੈ। ਵਿਸਰਜਨ ਦੇ ਸਮੇਂ ਭਗਤਾਂ ਨੇ ਗਣਪਤੀ ਬਾਬਾ ਮੋਰਿਆ, ਅਗਲੇ ਵਰਸ਼ ਤੂੰ ਜਲਦੀ ਆ ਦੇ ਜੈਘੋਸ਼ ਨਾਲ ਵਿਸਰਜਨ ਕੀਤਾ।

# ਪੰਜਾਬ ਹਾਈ ਕੋਰਟ ਨੇ ਰੈਗੂਲਰ ਡੀਜੀਪੀ ਦੀ ਨਿਯੁਕਤੀ ਨੂੰ ਲੈ ਕੇ ਮੁੱਖ ਸਕੱਤਰ ਨੂੰ ਜਾਰੀ ਕੀਤਾ ਨੋਟਿਸ

**ਚੰਡੀਗੜ੍ਹ, 2 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਵਿਚ ਨਿਯਮਤ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਦੀ ਨਿਯੁਕਤੀ ਨਾ ਹੋਣ ਦੇ ਮੁੱਦੇ 'ਤੇ ਸਖ਼ਤ ਰੁਖ਼ ਅਪਣਾਉਂਦੇ ਹੋਏ ਮੁੱਖ ਸਕੱਤਰ ਤੋਂ ਜਵਾਬ ਮੰਗਿਆ ਹੈ। ਹਾਈ ਕੋਰਟ ਨੇ ਮੁੱਖ ਸਕੱਤਰ ਨੂੰ 10 ਦਿਨਾਂ ਦੇ ਅੰਦਰ ਸਪੱਸ਼ਟ ਕਰਨ ਦੇ ਨਿਰਦੇਸ਼ ਦਿੱਤੇ ਹਨ ਕਿ ਸੂਬੇ 'ਚ ਨਿਯਮਤ ਡੀ.ਜੀ.ਪੀ. ਕਦੋਂ ਨਿਯੁਕਤ ਕੀਤਾ ਜਾਵੇਗਾ।

ਅਦਾਲਤ ਨੇ ਕਿਹਾ ਕਿ ਡੀ.ਜੀ.ਪੀ. ਦਾ ਅਹੁਦਾ ਬਹੁਤ ਮਹੱਤਵਪੂਰਨ ਹੈ ਅਤੇ ਸਿੱਧੇ ਤੌਰ 'ਤੇ ਪੂਰੇ ਸੂਬੇ ਦੇ ਕਾਨੂੰਨ ਵਿਵਸਥਾ ਨਾਲ ਜੁੜਿਆ ਹੋਇਆ ਹੈ। ਅਜਿਹੇ ਮਹੱਤਵਪੂਰਨ ਅਹੁਦੇ ਨੂੰ ਅੰਤਰਿਮ ਜਾਂ ਅਸਥਾਈ ਪ੍ਰਬੰਧਾਂ ਰਾਹੀਂ ਅਣਮਿੱਥੇ ਸਮੇਂ ਲਈ ਪ੍ਰਬੰਧਿਤ ਨਹੀਂ ਕੀਤਾ ਜਾ ਸਕਦਾ।

ਸਰਕਾਰ ਨੇ ਬੇਅਦਬੀ ਸੰਬੰਧੀ ਕਾਨੂੰਨ ਨਾਲ ਸੰਬੰਧਿਤ ਕਮੇਟੀ ਦੇ ਗਠਨ ਦੀ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਦਿੱਤੀ ਜਾਣਕਾਰੀ

ਚੰਡੀਗੜ੍ਹ, 2 ਅਕਤੂਬਰ– ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਖੋਜ) ਐਕਟ 2026 ਸੰਬੰਧੀ ਵੱਡੀ ਖ਼ਬਰ ਸਾਹਮਣੇ ਆਈ ਹੈ। ਪੰਜਾਬ ਸਰਕਾਰ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਪੱਤਰ ਲਿਖ ਕੇ 7 ਮੈਂਬਰੀ ਕਮੇਟੀ ਦੇ ਗਠਨ ਦੀ ਜਾਣਕਾਰੀ ਦਿੱਤੀ ਹੈ।

# ਤਿੰਨ ਉੱਤਰਾਖੰਡ ਨਿਵਾਸੀਆਂ ਸਣੇ ਚਾਰ ਵਿਅਕਤੀ ਗ੍ਰਿਫ਼ਤਾਰ ; ਸੱਤ ਆਧੁਨਿਕ ਪਿਸਤੌਲਾਂ ਬਰਾਮਦ

**➢ ਦੁਬਈ ਅਤੇ ਅਮਰੀਕਾ ਅਧਾਰਤ ਹੈਂਡਲਰਾਂ ਦੇ ਸੰਪਰਕ ਵਿੱਚ ਸਨ ਗ੍ਰਿਫ਼ਤਾਰ ਕੀਤੇ ਦੋਸ਼ੀ : ਡੀਜੀਪੀ ਗੌਰਵ ਯਾਦਵ ➢ ਵਿਦੇਸ਼ੀ ਹੈਂਡਲਰਾਂ ਦੇ ਇਸ਼ਾਰੇ ਤੇ ਗੈਰ-ਕਾਨੂੰਨੀ ਹਥਿਆਰ ਇਕੱਠੇ ਕਰਨ ਦਾ ਕੰਮ ਕਰ ਰਹੇ ਸਨ ਦੋਸ਼ੀ : ਆਈਜੀਪੀ ਗੁਰਪ੍ਰੀਤ ਭੁੱਲਰ**

**ਚੰਡੀਗੜ੍ਹ, 2 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਤੇ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਤਹਿਤ ਗੁਰਦਾਸਪੁਰ ਪੁਲਿਸ ਨੇ ਅੰਤਰਰਾਜੀ ਹਥਿਆਰ ਤਸਕਰੀ ਕਰਨ ਵਾਲੇ ਰੈਕੇਟ ਦਾ ਪਰਦਾਫਾਸ਼ ਕਰਦਿਆਂ ਚਾਰ ਵਿਅਕਤੀਆਂ, ਜਿਨਾਂ ਵਿੱਚੋਂ ਤਿੰਨ ਉਤਰਾਖੰਡ ਦੇ ਰਹਿਣ ਵਾਲੇ ਹਨ, ਨੂੰ ਸੱਤ ਆਧੁਨਿਕ ਪਿਸਤੌਲਾਂ ਨਾਲ ਗ੍ਰਿਫਤਾਰ ਕੀਤਾ ਹੈ 9 ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਦਿਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਲਵਪ੍ਰੀਤ ਸਿੰਘ (26), ਲਵਪ੍ਰੀਤ ਸਿੰਘ (25) ਅਤੇ ਜਸ਼ਨਦੀਪ ਸਿੰਘ (25), ਸਾਰੇ ਵਾਸੀ ਸਿਤਾਰਗੰਜ, ਊਧਮ ਸਿੰਘ ਨਗਰ, ਉੱਤਰਾਖੰਡ ਅਤੇ ਹਰਜਿੰਦਰ ਸਿੰਘ (23), ਵਾਸੀ ਲਖਨ ਕਲਾਂ, ਕਲਾਨੌਰ, ਗੁਰਦਾਸਪੁਰ, ਵਜੋਂ ਹੋਈ ਹੈ।

ਬਰਾਮਦ ਕੀਤੇ ਗਏ ਹਥਿਆਰਾਂ ਵਿੱਚ ਇੱਕ ਗਲੋਕ (ਆਸਟ੍ਰੀਆ ਦਾ ਬਣਿਆ), ਚਾਰ .30 ਬੋਰ (ਚੀਨ ਦੇ ਬਣੇ ) ਅਤੇ ਦੋ .30 ਬੋਰ ਪਿਸਤੌਲਾਂ ਸਮੇਤ ਅੱਠ ਮੈਗਜ਼ੀਨ ਸ਼ਾਮਲ ਹਨ। ਹਥਿਆਰ ਬਰਾਮਦ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ ਉਨ੍ਹਾਂ ਦੀ ਸਿਲਵਰ ਮਾਰੂਤੀ ਸਵਿਫਟ ਕਾਰ (ਯੂਕੇ 16 ਸੀ 0040) ਨੂੰ ਵੀ ਜ਼ਬਤ ਕਰ ਲਿਆ ਹੈ, ਜਿਸਦੀ ਵਰਤੋਂ ਉਹ ਅਪਰਾਧਿਕ ਗਤੀਵਿਧੀਆਂ ਨੂੰ ਅੰਜਾਮ ਦੇਣ ਲਈ ਕਰ ਰਹੇ ਸਨ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੇ ਦੁਬਈ ਅਤੇ ਅਮਰੀਕਾ ਸਥਿਤ ਹੈਂਡਲਰਾਂ ਨਾਲ ਸਬੰਧ ਸਨ, ਜਿਨਾਂ ਵੱਲੋਂ ਮੁਲਜ਼ਮਾਂ ਨੂੰ ਗੈਰ-ਕਾਨੂੰਨੀ ਹਥਿਆਰ ਬਰਾਮਦ ਕਰਨ ਦਾ ਕੰਮ ਸੌਂਪਿਆ ਗਿਆ ਸੀ ।

ਆਪ੍ਰੇਸ਼ਨ ਬਾਰੇ ਵੇਰਵੇ ਸਾਂਝੇ ਕਰਦੇ ਹੋਏ, ਇੰਸਪੈਕਟਰ ਜਨਰਲ ਆਫ਼ ਪੁਲਿਸ (ਆਈਜੀਪੀ) ਬਾਰਡਰ ਰੇਂਜ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ ਕਿ ਗੁਰਦਾਸਪੁਰ ਪੁਲਿਸ ਨੂੰ ਪੁਖ਼ਤਾ ਇਤਲਾਹ ਮਿਲੀ ਸੀ ਕਿ ਲਵਪ੍ਰੀਤ ਸਿੰਘ, ਲਵਪ੍ਰੀਤ ਸਿੰਘ, ਜਸ਼ਨਦੀਪ ਸਿੰਘ ਅਤੇ ਹਰਜਿੰਦਰ ਸਿੰਘ ਵਜੋਂ ਪਛਾਣੇ ਗਏ ਸ਼ੱਕੀਆਂ ਨੇ ਹਥਿਆਰਾਂ ਦੀ ਇੱਕ ਖੇਪ ਬਰਾਮਦ ਕੀਤੀ ਹੈ, ਜਿਸਨੂੰ ਉਹ ਅੱਗੇ ਸਪਲਾਈ ਕਰਨ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਤੇਜ਼ੀ ਨਾਲ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਨਾਕਾਬੰਦੀ ਕੀਤੀ ਅਤੇ ਆਪਣੀ ਕਾਰ ਵਿੱਚ ਜਾ ਰਹੇ ਚਾਰੇ ਦੋਸ਼ੀਆਂ ਨੂੰ ਸੱਤ ਗੈਰ-ਕਾਨੂੰਨੀ ਪਿਸਤੌਲਾਂ ਅਤੇ ਅੱਠ ਮੈਗਜ਼ੀਨਾਂ ਸਮੇਤ ਗ੍ਰਿਫ਼ਤਾਰ ਕਰ ਲਿਆ।

ਆਈਜੀਪੀ ਨੇ ਦੱਸਿਆ ਕਿ ਇਹ ਕਾਰਵਾਈ ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ) ਗੁਰਦਾਸਪੁਰ ਆਦਿੱਤਿਆ ਦੀ ਨਿਗਰਾਨੀ ਹੇਠ ਕੀਤੀ ਗਈ । ਉਨ੍ਹਾਂ ਅੱਗੇ ਕਿਹਾ ਕਿ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਅਗਲੇਰੀ ਜਾਂਚ ਜਾਰੀ ਹੈ ਅਤੇ ਅਗਲੇ -ਪਿਛਲੇ ਸਬੰਧ ਸਥਾਪਿਤ ਕੀਤੇ ਜਾ ਰਹੇ ਹਨ ।

ਇਸ ਸਬੰਧ ਵਿੱਚ ਐਫਆਈਆਰ ਨੰਬਰ 130 ਮਿਤੀ 1/10/2026 ਨੂੰ ਗੁਰਦਾਸਪੁਰ ਦੇ ਕਲਾਨੌਰ ਪੁਲਿਸ ਸਟੇਸ਼ਨ ਵਿਖੇ ਆਰਮਜ਼ ਐਕਟ ਦੀ ਧਾਰਾ 25 ਤਹਿਤ ਕੇਸ ਦਰਜ ਕੀਤਾ ਗਿਆ ਹੈ।

# ਹਰ ਕਿਸੇ ਨੂੰ ਨਿਆਂ ਦਾ ਬਰਾਬਰ ਹੱਕ: ਸੁਪਰੀਮ ਕੋਰਟ ਨੇ ਸਾਬਕਾ ਜੁਡੀਸ਼ੀਅਲ ਅਧਿਕਾਰੀ ਦੀ ਅਰਜ਼ੀ ਕੀਤੀ ਰੱਦ

**ਨਵੀਂ ਦਿੱਲੀ, 2 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਪਰੀਮ ਕੋਰਟ ਨੇ ਇੱਕ ਜੁਡੀਸ਼ੀਅਲ ਅਧਿਕਾਰੀ ਦੀ ਪਟੀਸ਼ਨ 'ਤੇ ਸੁਣਵਾਈ ਕਰਨ ਤੋਂ ਇਨਕਾਰ ਕਰਦਿਆਂ ਇਹ ਕਿਹਾ ਕਿ ਸਭ ਨੂੰ ਨਿਆਂ ਤੱਕ ਪਹੁੰਚਣ ਦਾ ਬਰਾਬਰ ਹੱਕ ਹੈ। ਦੱਸ ਦਈਏ ਕਿ ਸੁਪਰੀਮ ਕੋਰਟ ਨੇ ਵੀਰਵਾਰ ਨੂੰ ਇੱਕ ਸਾਬਕਾ ਨਿਆਂਇਕ ਅਧਿਕਾਰੀ ਦੀ ਉਸ ਪਟੀਸ਼ਨ 'ਤੇ ਸੁਣਵਾਈ ਕਰਨ ਤੋਂ ਇਨਕਾਰ ਕਰ ਦਿੱਤਾ, ਜਿਸ ਵਿੱਚ ਉਸ ਨੇ ਇਲਾਹਾਬਾਦ ਹਾਈ ਕੋਰਟ ਵਿੱਚ ਲੰਬਿਤ ਆਪਣੀ ਅਰਜ਼ੀ 'ਤੇ ਜਲਦੀ ਸੁਣਵਾਈ ਦੀ ਮੰਗ ਕੀਤੀ ਸੀ।



ਜਸਟਿਸ ਜੋਇਮਾਲਿਆ ਬਾਗਚੀ ਅਤੇ ਜਸਟਿਸ ਵੀ. ਮੋਹਨਾ ਦੇ ਬੈਂਚ ਨੇ ਪਟੀਸ਼ਨਰ ਵੱਲੋਂ ਪੇਸ਼ ਹੋਏ ਵਕੀਲ ਨੂੰ ਕਿਹਾ, ਭਾਵੇਂ ਕੋਈ ਵਿਅਕਤੀ ਬੱਸ ਕੰਡਕਟਰ ਹੋਵੇ ਜਾਂ ਰਾਜ ਦਾ ਸੱਕਤਰ, ਹਰ ਕਿਸੇ ਨੂੰ ਨਿਆਂ ਤੱਕ ਪਹੁੰਚਣ ਦਾ ਬਰਾਬਰ ਅਧਿਕਾਰ ਹੈ। ਹਾਈ ਕੋਰਟ ਵਿੱਚ, ਸਾਬਕਾ ਨਿਆਂਇਕ ਅਧਿਕਾਰੀ ਨੇ ਨੌਕਰੀ ਤੋਂ ਬਰਖ਼ਾਸਤਗੀ ਨੂੰ ਚੁਣੌਤੀ ਦਿੱਤੀ ਹੈ।

ਸਿਖ਼ਰਲੀ ਅਦਾਲਤ ਨੇ ਸ਼ੁਰੂ ਵਿੱਚ ਟਿੱਪਣੀ ਕੀਤੀ ਕਿ ਪਟੀਸ਼ਨਰ ਨੂੰ ਹਾਈ ਕੋਰਟ ਨਾਲ ਰਾਬਤਾ ਕਾਇਮ ਕਰਨਾ ਚਾਹੀਦਾ ਹੈ ਅਤੇ ਉੱਥੇ ਬੇਨਤੀ ਕਰਨੀ ਚਾਹੀਦੀ ਹੈ। ਪਟੀਸ਼ਨਰ ਦੇ ਵਕੀਲ ਨੇ ਬੈਂਚ ਨੂੰ ਦੱਸਿਆ ਕਿ ਹਾਈ ਕੋਰਟ ਵਿੱਚ ਕੇਸਾਂ ਦਾ ਭਾਰ ਬਹੁਤ ਜ਼ਿਆਦਾ ਹੋਣ ਕਾਰਨ ਉਸ ਦੀ ਅਰਜ਼ੀ ਦਾ ਫ਼ੈਸਲਾ ਨਹੀਂ ਹੋ ਸਕਿਆ।

ਬੈਂਚ ਨੇ ਟਿੱਪਣੀ ਕੀਤੀ ਕਿ ਹਾਈ ਕੋਰਟ ਨੂੰ ਪਟੀਸ਼ਨਰ ਦੀ ਅਰਜ਼ੀ ਨੂੰ ਪਹਿਲ ਦੇਣ ਲਈ ਕਹਿਣਾ ਉਨ੍ਹਾਂ ਹੋਰ ਮੁਕੱਦਮੇਬਾਜ਼ਾਂ ਨਾਲ ਇਨਸਾਫ ਨਹੀਂ ਹੋਵੇਗਾ ਜੋ ਆਪਣੇ ਕੇਸਾਂ ਦੇ ਫ਼ੈਸਲੇ ਲਈ ਆਪਣੀ ਵਾਰੀ ਦੀ ਉਡੀਕ ਕਰ ਰਹੇ ਹਨ।

ਬੈਂਚ ਨੇ ਕਿਹਾ, ਸੰਵਿਧਾਨਕ ਬਰਾਬਰੀ ਦੇ ਇਸ ਦਾਇਰੇ ਵਿੱਚ, ਅਸੀਂ ਵਿਅਕਤੀਗਤ ਦਖ਼ਲਅੰਦਾਜ਼ੀ ਨਹੀਂ ਕਰਾਂਗੇ। ਅਦਾਲਤ ਨੇ ਕਿਹਾ ਕਿ ਪਟੀਸ਼ਨਰ ਸਬੰਧਤ ਅਦਾਲਤ ਵਿੱਚ ਮਾਮਲੇ ਦੀ ਪੈਰਵੀ ਜਾਰੀ ਰੱਖ ਸਕਦਾ ਹੈ।

# ਸੰਜੀਵ ਅਰੋੜਾ ਨੂੰ ਨਹੀਂ ਮਿਲੀ ਰਾਹਤ ! ਜ਼ਮਾਨਤ ਅਰਜ਼ੀ 'ਤੇ ਸੁਣਵਾਈ 6 ਅਕਤੂਬਰ ਤੱਕ ਮੁਲਤਵੀ

**ਚੰਡੀਗੜ੍ਹ, 2 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਸਾਬਕਾ ਮੰਤਰੀ/$*1 ਸੰਜੀਵ ਅਰੋੜਾ ਨੂੰ ਅੱਜ ਵੀ ਕੋਈ ਰਾਹਤ ਨਹੀਂ ਮਿਲੀ। ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਉਨ੍ਹਾਂ ਵੱਲੋਂ ਦਾਇਰ ਕੀਤੀ ਗਈ ਜ਼ਮਾਨਤ ਅਰਜ਼ੀ 'ਤੇ ਹੋਣ ਵਾਲੀ ਸੁਣਵਾਈ ਨੂੰ ਮੁਲਤਵੀ ਕਰ ਦਿੱਤਾ ਗਿਆ ਹੈ। ਹੁਣ ਇਸ ਮਾਮਲੇ ਦੀ ਅਗਲੀ ਸੁਣਵਾਈ 6 ਅਕਤੂਬਰ ਨੂੰ ਹੋਵੇਗੀ।

ਸੰਜੀਵ ਅਰੋੜਾ ਨਾਲ ਸਬੰਧਤ ਮਾਮਲੇ ਵਿੱਚ ਉਨ੍ਹਾਂ ਦੀ ਜ਼ਮਾਨਤ ਨੂੰ ਲੈ ਕੇ ਹਾਈਕੋਰਟ ਵਿੱਚ ਕਾਨੂੰਨੀ ਕਾਰਵਾਈ ਚੱਲ ਰਹੀ ਹੈ। ਅੱਜ ਦੀ ਸੁਣਵਾਈ ਦੌਰਾਨ ਅਦਾਲਤ ਨੇ ਮਾਮਲੇ ਨੂੰ ਅੱਗੇ ਦੀ ਸੁਣਵਾਈ ਲਈ 6 ਅਕਤੂਬਰ ਤੱਕ ਟਾਲ ਦਿੱਤਾ।

ਜ਼ਮਾਨਤ ਅਰਜ਼ੀ 'ਤੇ ਅਗਲੀ ਸੁਣਵਾਈ ਦੌਰਾਨ ਅਦਾਲਤ ਵੱਲੋਂ ਦੋਵਾਂ ਧਿਰਾਂ ਦੀਆਂ ਦਲੀਲਾਂ ਸੁਣੀਆਂ ਜਾਣ ਦੀ ਉਮੀਦ ਹੈ।

ਇਸ ਮਾਮਲੇ ਵਿੱਚ ਸੰਜੀਵ ਅਰੋੜਾ ਨੂੰ ਹਾਲੇ ਤੱਕ ਅਦਾਲਤ ਵੱਲੋਂ ਕੋਈ ਰਾਹਤ ਨਹੀਂ ਮਿਲੀ ਹੈ। ਮਾਮਲੇ ਦੀ ਅਗਲੀ ਸੁਣਵਾਈ ਹੁਣ 6 ਅਕਤੂਬਰ ਨੂੰ ਹੋਵੇਗੀ, ਜਿਸ 'ਤੇ ਸਾਰਿਆਂ ਦੀਆਂ ਨਜ਼ਰਾਂ ਟਿਕੀਆਂ ਹੋਈਆਂ ਹਨ।

# ਪ੍ਰਧਾਨ ਮੰਤਰੀ ਨੇ ਕੈਪਟਨ ਸਮਿਤ ਮੱਛਾਰ ਦੇ ਪਰਿਵਾਰ ਨਾਲ ਗੱਲਬਾਤ ਕੀਤੀ



**ਨਵੀਂ ਦਿੱਲੀ, 2 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀਰਵਾਰ ਨੂੰ ਕੈਪਟਨ ਸਮਿਤ ਮੱਛਾਰ ਦੀ ਪਤਨੀ ਅਤੇ ਮਾਪਿਆਂ ਨਾਲ ਗੱਲਬਾਤ ਕੀਤੀ, ਜਿਨ੍ਹਾਂ ਨੇ ਆਪਣੇ ਕੋ-ਪਾਇਲਟ ਦੇ ਫਲਾਈਦੁਬਈ ਦੀ ਉਡਾਣ ਨੂੰ ਕਰੈਸ਼ ਕਰਨ ਦੀ ਕਥਿਤ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ ਸੀ। ਇਸ ਦੌਰਾਨ ਪ੍ਰਧਾਨ ਮੰਤਰੀ ਨੇ ਪਾਇਲਟ ਦੀ ਬਹਾਦਰੀ ਦੀ ਸ਼ਲਾਘਾ ਕੀਤੀ ਜਿਸ ਨਾਲ ਸੈਂਕੜੇ ਜਾਨਾਂ ਬਚੀਆਂ।

ਪਾਇਲਟ ਦੀ ਪਤਨੀ ਅਤੇ ਮਾਪਿਆਂ ਨਾਲ ਆਪਣੀ ਟੈਲੀਫੋਨਿਕ ਗੱਲਬਾਤ ਵਿੱਚ ਮੋਦੀ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਭਾਰਤੀ ਮਿਸ਼ਨ ਜ਼ਖਮੀ ਪਾਇਲਟ ਨੂੰ ਹਰ ਸੰਭਵ ਮਦਦ ਮੁਹੱਈਆ ਕਰਵਾ ਰਹੇ ਹਨ, ਜੋ ਕਿ ਸਾਊਦੀ ਅਰਬ ਦੇ ਇੱਕ ਹਸਪਤਾਲ ਵਿੱਚ ਇਲਾਜ ਅਧੀਨ ਹੈ।

ਸਰਕਾਰੀ ਸੂਤਰਾਂ ਨੇ ਦੱਸਿਆ ਕਿ ਫ਼ੋਨ 'ਤੇ ਗੱਲਬਾਤ ਦੌਰਾਨ ਪ੍ਰਧਾਨ ਮੰਤਰੀ ਨੇ ਪਾਇਲਟ ਦੀ ਬਹਾਦਰੀ ਦੀ ਸ਼ਲਾਘਾ ਕੀਤੀ ਜਿਸ ਨਾਲ ਸੈਂਕੜੇ ਜਾਨਾਂ ਬਚੀਆਂ।

ਇਸ ਤੋਂ ਪਹਿਲਾਂ, ਮੋਦੀ ਨੇ ਭਾਰਤੀ ਪਾਇਲਟ ਨੂੰ ਹੀਰੋ ਦੱਸਿਆ ਸੀ ਅਤੇ ਕਿਹਾ ਸੀ ਕਿ ਦੇਸ਼ ਨੂੰ ਉਸ ਦੀ ਬਹਾਦਰੀ 'ਤੇ ਮਾਣ ਹੈ। ਦੁਬਈ ਤੋਂ ਤਲ ਅਵੀਵ ਜਾ ਰਹੀ ਫਲਾਈਦੁਬਈ ਦੀ ਉਡਾਣ 6➢1073 ਨੇ ਬੁੱਧਵਾਰ ਨੂੰ ਐਮਰਜੈਂਸੀ ਸਿਗਨਲ ਭੇਜੇ ਸਨ ਅਤੇ ਸਾਊਦੀ ਅਰਬ ਦੇ ਤਬੁਕ ਸ਼ਹਿਰ ਵਿੱਚ ਪ੍ਰਿੰਸ ਸੁਲਤਾਨ ਬਿਨ ਅਬਦੁਲ ਅਜ਼ੀਜ਼ ਹਵਾਈ ਅੱਡੇ ਵੱਲ ਮੋੜੇ ਜਾਣ ਤੋਂ ਪਹਿਲਾਂ 34,000 ਫੁੱਟ ਤੋਂ 17,000 ਫੁੱਟ ਤੋਂ ਵੱਧ ਦੀ ਤੇਜ਼ੀ ਨਾਲ ਹੇਠਾਂ ਉਤਰਾਣ ਕੀਤਾ ਸੀ।

ਉਡਾਣ ਵਿੱਚ 27 ਬੱਚਿਆਂ ਸਮੇਤ 174 ਯਾਤਰੀ ਸਵਾਰ ਸਨ।

# ਸ਼੍ਰੀਮਦ ਭਾਗਵਤ ਕਥਾ ਆਤਮਾ ਦੇ ਪਰਮ ਕਲਿਆਣ ਅਤੇ ਜੀਵਨ ਨੂੰ ਸਹੀ ਦਿਸ਼ਾ ਦੇਣ ਦੀ ਪਵਿੱਤਰ ਯਾਤਰਾ: ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਪਟਿਆਲਾ, 2 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸ਼੍ਰੀਮਦ ਭਾਗਵਤ ਕਥਾ ਆਤਮਾ ਨੂੰ ਜਾਗਰੂਕ ਕਰਨ, ਜੀਵਨ ਨੂੰ ਸਹੀ ਮਾਰਗ ਦਿਖਾਉਣ ਅਤੇ ਸਮਾਜ ਵਿੱਚ ਸਦਭਾਵਨਾ ਅਤੇ ਧਰਮ ਦੀ ਸਥਾਪਨਾ ਦਾ ਮਾਧਿਅਮ ਹੈ। ਸ਼੍ਰੀਮਦ ਭਾਗਵਤ ਮਹਾਪੁਰਾਣ ਨੂੰ ਭਾਰਤੀ ਸੱਭਿਆਚਾਰ ਦਾ ਦਿਲ ਕਿਹਾ ਜਾਵੇ ਤਾਂ ਕੋਈ ਅਤਿਕਥਨੀ ਨਹੀਂ ਹੋਵੇਗੀ। ਭਗਵਾਨ ਸ਼੍ਰੀ ਕ੍ਰਿਸ਼ਨ ਦੀਆਂ ਲੀਲਾਵਾਂ ਰਾਹੀਂ ਇਸ ਵਿੱਚ ਜੀਵਨ ਦੇ ਗੂੜ੍ਹ ਸਤਿ, ਕਰਮ, ਭਗਤੀ, ਗਿਆਨ ਅਤੇ ਵੈਰਾਗ ਦਾ ਅਦਭੁਤ ਤਾਲਮੇਲ ਪੇਸ਼ ਕੀਤਾ ਗਿਆ ਹੈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਵੀਰਵਾਰ ਨੂੰ ਪੰਜਾਬ ਦੇ ਪੰਜੋਲਾ (ਪਟਿਆਲਾ) ਵਿੱਚ ਆਯੋਜਿਤ ਸ਼੍ਰੀਮਦ ਭਾਗਵਤ ਕਥਾ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ ਕਥਾ ਵਾਚਕ ਸ੍ਰੀ ਸੀਤਾਪਾਲ ਸ਼ਾਸਤਰੀ ਜੀ, ਸੰਤ-ਮਹਾਤਮਾ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਮੌਜੂਦ ਸਨ।



ਉਨ੍ਹਾਂ ਕਿਹਾ ਕਿ ਸ਼੍ਰੀਮਦ ਭਾਗਵਤ ਕਥਾ ਆਤਮਾ ਦੇ ਪਰਮ ਕਲਿਆਣ ਦੀ ਪਵਿੱਤਰ ਯਾਤਰਾ ਹੈ। ਇਸ ਦਾ ਪ੍ਰਸੰਗ ਉਸ ਪਾਵਨ ਵੇਲੇ ਨਾਲ ਜੁੜਿਆ ਹੈ, ਜਦੋਂ ਮਹਿਰਸ਼ੀ ਵੇਦਵਿਆਸ ਦੇ ਪੁੱਤਰ ਭਗਵਾਨ ਸ਼ੁਕਦੇਵ ਜੀ ਨੇ ਗੰਗਾ ਦੇ ਪਾਵਨ ਤੱਟ 'ਤੇ ਮਹਾਰਾਜ ਪ੍ਰੀਖਿਤ ਨੂੰ ਇਹ ਕਥਾ ਸੁਣਾਈ ਸੀ। ਮਹਾਰਾਜ ਪ੍ਰੀਖਿਤ ਨੂੰ ਸੱਤ ਦਿਨਾਂ ਦੇ ਅੰਦਰ ਤਕਸ਼ਕ ਨਾਗ ਦੇ ਡੰਗਣ ਦਾ ਸਰਾਪ ਪ੍ਰਾਪਤ ਸੀ, ਪਰ ਉਨ੍ਹਾਂ ਨੇ ਮੌਤ ਦੇ ਡਰ ਤੋਂ ਪਰੇ ਹੋ ਕੇ ਇਨ੍ਹਾਂ ਸੱਤ ਦਿਨਾਂ ਵਿੱਚ ਭਾਗਵਤ ਦਾ ਅੰਮ੍ਰਿਤ ਰਸ ਪੀਤਾ। ਇਸੇ ਕਾਰਨ ਭਾਰਤੀ ਸੰਸਕ੍ਰਿਤੀ ਵਿੱਚ ਭਾਗਵਤ ਕਥਾ ਆਮ ਤੌਰ 'ਤੇ ਸੱਤ ਦਿਨਾਂ ਦੇ ਅਨੁਸਾਰ ਵਜੋਂ ਆਯੋਜਿਤ ਕੀਤੀ ਜਾਂਦੀ ਹੈ।

**ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਰਾਸ਼ਟਰ ਨਿਰਮਾਣ ਵਿੱਚ ਯੋਗਦਾਨ ਪਾਉਣ ਦਾ ਸੱਦਾ**

ਮੁੱਖ ਮੰਤਰੀ ਨੇ ਕਿਹਾ ਕਿ ਸ਼੍ਰੀਮਦ ਭਾਗਵਤ ਕਥਾ ਮਨੁੱਖ ਦੇ ਭੌਤਿਕ ਅਤੇ ਅਧਿਆਤਮਿਕ ਜੀਵਨ ਵਿਚਕਾਰ ਸੰਤੁਲਨ ਬਣਾਉਣ ਦਾ ਕੰਮ ਕਰਦੀ ਹੈ ਅਤੇ ਨੌਜਵਾਨ ਪੀੜ੍ਹੀ ਨੂੰ ਆਪਣੀ ਸੱਭਿਆਚਾਰਕ ਵਿਰਸੇ ਅਤੇ ਨੈਤਿਕ ਕਦਰਾਂ-ਕੀਮਤਾਂ ਨਾਲ ਜੋੜਦੀ ਹੈ।

ਉਨ੍ਹਾਂ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ ਨਸ਼ੇ ਵਰਗੀ ਸਮਾਜਿਕ ਬੁਰਾਈ ਤੋਂ ਖੁਦ ਵੀ ਦੂਰ ਰਹਿਣ ਅਤੇ ਆਪਣੇ ਸਾਥੀਆਂ ਨੂੰ ਵੀ ਇਸ ਤੋਂ ਬਚਾਉਣ। ਨਸ਼ਾ ਵਿਅਕਤੀ ਦੇ ਸਰੀਰ ਅਤੇ ਮਨ ਦੇ ਨਾਲ-ਨਾਲ ਪਰਿਵਾਰ ਅਤੇ ਸਮਾਜ ਨੂੰ ਵੀ ਪ੍ਰਭਾਵਿਤ ਕਰਦਾ ਹੈ। ਨੌਜਵਾਨਾਂ ਨੂੰ ਆਪਣੀ ਊਰਜਾ ਨਸ਼ਿਆਂ ਵਿੱਚ ਬਰਬਾਦ ਕਰਨ ਦੀ ਬਜਾਏ ਸਿੱਖਿਆ, ਖੇਡਾਂ, ਹੁਨਰ ਵਿਕਾਸ, ਸਮਾਜ ਸੇਵਾ ਅਤੇ ਰਾਸ਼ਟਰ ਨਿਰਮਾਣ ਵਰਗੇ ਸ਼੍ਰੇਸ਼ਠ ਕੰਮਾਂ ਵਿੱਚ ਲਗਾਉਣੀ ਚਾਹੀਦੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਸਰਕਾਰ ਸੰਤਾਂ, ਮਹਾਪੁਰਸ਼ਾਂ ਅਤੇ ਸਾਡੇ ਸਨਾਤਨ ਸੱਭਿਆਚਾਰ ਦੇ ਵਿਚਾਰਾਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਵਚਨਬੱਧ ਹੈ। ਰਾਜ ਵਿੱਚ 'ਸੰਤ-ਮਹਾਪੁਰਸ਼ ਵਿਚਾਰ ਪ੍ਰਸਾਰ ਅਤੇ ਸਨਮਾਨ ਯੋਜਨਾ' ਚਲਾਈ ਜਾ ਰਹੀ ਹੈ, ਜਿਸ ਤਹਿਤ ਮਹਾਨ ਸੰਤਾਂ, ਰਿਸ਼ੀਆਂ ਅਤੇ ਮਹਾਪੁਰਸ਼ਾਂ ਦੀਆਂ ਜਯੰਤੀਆਂ ਰਾਜ ਪੱਧਰ 'ਤੇ ਸ਼ਰਧਾ ਨਾਲ ਮਨਾਈਆਂ ਜਾਂਦੀਆਂ ਹਨ।

# ਸੰਗਰੂਰ: ਨਹਿਰ 'ਚ 40-50 ਫੁੱਟ ਦਾ ਪਾੜ, ਕਈ ਏਕੜ ਫ਼ਸਲ ਡੁੱਬੀ

**ਸੰਗਰੂਰ, 2 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੰਗਰੂਰ ਜ਼ਿਲ੍ਹੇ ਦੇ ਅਧੀਨ ਆਉਂਦੇ ਨੀਲੋਵਾਲ ਤੋਂ ਉਗਰਾਹਾਂ ਨੇੜੇ ਨਹਿਰ ਵਿੱਚ ਵੱਡਾ ਪਾੜ ਪੈਣ ਕਾਰਨ ਆਸ-ਪਾਸ ਦੇ ਖੇਤਾਂ ਵਿੱਚ ਕਈ ਫੁੱਟ ਤੱਕ ਪਾਣੀ ਭਰ ਗਿਆ ਹੈ। ਪਾਣੀ ਦਾ ਵਹਾਅ ਤੇਜ਼ ਹੋਣ ਕਾਰਨ ਪੱਕਣ ਕਿਨਾਰੇ ਖੜ੍ਹੀ ਝੋਨੇ ਦੀ ਫਸਲ ਨੂੰ ਭਾਰੀ ਨੁਕਸਾਨ ਦਾ ਖਦਸ਼ਾ ਬਣਿਆ ਹੋਇਆ ਹੈ। ਮੁੱਢਲੀ ਜਾਣਕਾਰੀ ਅਨੁਸਾਰ 50 ਏਕੜ ਤੋਂ ਵੱਧ ਰਕਬਾ ਪਾਣੀ ਦੀ ਮਾਰ ਹੇਠ ਆ ਗਿਆ ਹੈ।



ਮੌਕੇ 'ਤੇ ਪਹੁੰਚੇ ਪਿੰਡ ਵਾਸੀਆਂ ਨੇ ਰੇਤ ਦੀਆਂ ਬੋਰੀਆਂ ਲਗਾ ਕੇ ਪਾੜ ਨੂੰ ਪੂਰਨ ਦੀ ਕੋਸ਼ਿਸ਼ ਸ਼ੁਰੂ ਕਰ ਦਿੱਤੀ ਹੈ। ਤੇਜ਼ ਵਹਾਅ ਕਾਰਨ ਨਹਿਰ ਕੰਢੇ ਲੱਗਾ ਇੱਕ ਦਰੱਖਤ ਵੀ ਜੜ੍ਹੋਂ ਉਖੜ ਗਿਆ। ਦੱਸਿਆ ਜਾ ਰਿਹਾ ਹੈ ਕਿ ਨਹਿਰ ਵਿੱਚ ਕਰੀਬ 40 ਤੋਂ 50 ਫੁੱਟ ਲੰਬਾ ਪਾੜ ਪਿਆ ਹੈ। ਨਹਿਰੀ ਵਿਭਾਗ ਦੇ ਅਧਿਕਾਰੀ ਅਤੇ ਪ੍ਰਸ਼ਾਸਨਿਕ ਅਧਿਕਾਰੀ ਵੀ ਮੌਕੇ 'ਤੇ ਪਹੁੰਚ ਕੇ ਸਥਿਤੀ ਨੂੰ ਕਾਬੂ ਕਰਨ ਵਿੱਚ ਜੁਟੇ ਹੋਏ ਹਨ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਪਿਛਲੇ ਸਾਲ ਵੀ ਇਸ ਨਹਿਰ ਵਿੱਚ ਪਾੜ ਪਿਆ ਸੀ। ਉਨ੍ਹਾਂ ਨਹਿਰ ਦੀ ਮੁਰੰਮਤ ਅਤੇ ਸਥਾਈ ਹੱਲ ਦੀ ਲੋੜ 'ਤੇ ਸਵਾਲ ਉਠਾਏ ਹਨ। ਕਿਸਾਨਾਂ ਨੂੰ ਡਰ ਹੈ ਕਿ ਖੇਤਾਂ ਵਿੱਚ ਲੰਬੇ ਸਮੇਂ ਤੱਕ ਪਾਣੀ ਖੜ੍ਹਾ ਰਹਿਣ ਨਾਲ ਉਨ੍ਹਾਂ ਦੀ ਪੱਕੀ ਫਸਲ ਬਰਬਾਦ ਹੋ ਸਕਦੀ ਹੈ।

# ਕਾਂਗਰਸ ਹਾਈਕਮਾਂਡ ਵੱਲੋਂ ਰਾਜਾ ਵੜਿੰਗ ਦੀ ਛੁੱਟੀ ! ਵੜਿੰਗ ਨੇ ਖ਼ੁਦ ਨੂੰ ਸਾਬਕਾ ਪ੍ਰਧਾਨ ਐਲਾਨਿਆ

**ਚੰਡੀਗੜ੍ਹ, 2 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਕਾਂਗਰਸ ਦੀ ਪ੍ਰਧਾਨਗੀ ਦੀ ਨਵੀਂ ਕਮਾਨ ਦੇ ਐਲਾਨ ਤੋਂ ਐਨ ਪਹਿਲਾਂ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਖ਼ੁਦ ਹੀ ਆਪਣੇ ਆਪ ਨੂੰ ਹੁਣ ਪੰਜਾਬ ਕਾਂਗਰਸ ਦੇ ਸਾਬਕਾ ਪ੍ਰਧਾਨ ਹੋਣ ਦੀ ਪੁਸ਼ਟੀ ਕਰ ਦਿੱਤੀ ਹੈ। ਕਾਂਗਰਸੀ ਆਗੂ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਅੱਜ ਆਪਣੇ ਐਕਸ (✓) ਖਾਤੇ 'ਤੇ ਖ਼ੁਦ ਹੀ ਆਪਣੇ ਆਪ ਨੂੰ 'ਸਾਬਕਾ ਪ੍ਰਧਾਨ' ਐਲਾਨ ਦਿੱਤਾ ਹੈ। ਰਾਜਾ ਵੜਿੰਗ ਦੇ ਇਸ ਐਲਾਨ ਤੋਂ ਸਾਫ਼ ਹੈ ਕਿ ਕਾਂਗਰਸ ਹਾਈਕਮਾਂਡ ਨੇ ਉਨ੍ਹਾਂ ਦਾ ਅਸਤੀਫ਼ਾ ਪ੍ਰਵਾਨ ਕਰ ਲਿਆ ਹੈ।



ਕਾਂਗਰਸ ਹਾਈਕਮਾਂਡ ਵੱਲੋਂ ਹੁਣ ਪੰਜਾਬ ਕਾਂਗਰਸ ਦੀ ਪ੍ਰਧਾਨਗੀ ਦਾ ਨਵਾਂ ਐਲਾਨ ਕਿਸੇ ਵੇਲੇ ਵੀ ਸੰਭਵ ਹੈ। ਰਾਜਾ ਵੜਿੰਗ ਦੇ ਅਸਤੀਫ਼ੇ ਮਗਰੋਂ ਕਾਂਗਰਸੀ ਸਫ਼ਾਂ ਵਿੱਚ ਸਿਆਸੀ ਸਰਗਰਮੀ ਤੇਜ਼ ਹੋ ਗਈ ਹੈ। ਪੰਜਾਬ ਕਾਂਗਰਸ ਦੀ ਅੰਦਰੂਨੀ ਖਿੱਚੋਤਾਣ ਨੂੰ ਬ੍ਰੇਕ ਲਾਉਣ ਲਈ ਆਖ਼ਰਕਾਰ ਹਾਈਕਮਾਂਡ ਨੇ ਆਪਣੇ ਪੁਰਾਣੇ ਫ਼ੈਸਲੇ ਨੂੰ ਬਦਲ ਦਿੱਤਾ ਹੈ। ਜਦੋਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਧੜੇ ਨੇ ਜਨਤਕ ਤੌਰ 'ਤੇ ਰਾਜਾ ਵੜਿੰਗ ਖ਼ਿਲਾਫ਼ ਪੈਂਤੜਾ ਲੈ ਲਿਆ ਸੀ, ਤਾਂ ਹਾਈਕਮਾਂਡ ਨੇ ਇੱਕ ਦਫ਼ਾ ਕਿਸੇ ਧੜੇ ਦੇ ਦਬਾਅ ਹੇਠ ਝੁਕਣ ਤੋਂ ਇਨਕਾਰ ਕਰ ਦਿੱਤਾ ਸੀ। ਆਖ਼ਰਕਾਰ ਹਾਈਕਮਾਂਡ ਨੇ ਪਹਿਲਾਂ ਪੱਖਪਾਤੀ ਭੂਮਿਕਾ ਵਿੱਚ ਰਹੇ ਪੰਜਾਬ ਕਾਂਗਰਸ ਦੇ ਇੰਚਾਰਜ ਭੂਪੇਸ਼ ਬਘੇਲ ਨੂੰ ਬਦਲਿਆ ਅਤੇ ਹੁਣ ਰਾਜਾ ਵੜਿੰਗ ਦੀ ਵੀ ਛੁੱਟੀ ਕਰ ਦਿੱਤੀ ਹੈ। ਚੰਨੀ ਧੜੇ ਦੀ ਇਹ ਦੂਸਰੀ ਜਿੱਤ ਹੈ ਕਿ ਉਹ ਵੜਿੰਗ ਨੂੰ ਪ੍ਰਧਾਨਗੀ ਤੋਂ ਲਾਹੁਣ ਵਿੱਚ ਸਫ਼ਲ ਰਹੇ ਹਨ ਅਤੇ ਇਸ ਤੋਂ ਪਹਿਲਾਂ ਬਘੇਲ ਨੂੰ ਬਦਲੇ ਜਾਣ ਨਾਲ ਵੀ ਚੰਨੀ ਧੜੇ ਨੇ ਰਾਹਤ ਮਹਿਸੂਸ ਕੀਤੀ ਸੀ। ਹੁਣ ਸਭ ਦੀਆਂ ਨਜ਼ਰਾਂ ਹਾਈਕਮਾਂਡ ਦੇ ਅਗਲੇ ਫ਼ੈਸਲੇ 'ਤੇ ਹਨ ਕਿ ਨਵੀਂ ਕਮਾਨ ਕਿਸ ਚਿਹਰੇ ਦੇ ਹੱਥ ਦਿੱਤੀ ਜਾਂਦੀ ਹੈ। ਕਾਂਗਰਸੀ ਵਿਧਾਇਕ ਪਰਗਟ ਸਿੰਘ ਅਤੇ ਵਿਧਾਇਕ ਸੁਖਬਿੰਦਰ ਸਿੰਘ ਸੁੱਖ ਸਰਕਾਰੀਆ ਤੋਂ ਇਲਾਵਾ ਸਾਬਕਾ ਮੰਤਰੀ ਵਿਜੈਇੰਦਰ ਸਿੰਗਲਾ ਦਾ ਨਾਮ ਸਭ ਤੋਂ ਅੱਗੇ ਦੱਸਿਆ ਜਾ ਰਿਹਾ ਹੈ।

# ਸਰਕਾਰ ਨੇ ਬੇਅਦਬੀ ਸੰਬੰਧੀ ਕਾਨੂੰਨ ਨਾਲ ਸੰਬੰਧਿਤ ਕਮੇਟੀ ਦੇ ਗਠਨ ਦੀ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਦਿੱਤੀ ਜਾਣਕਾਰੀ

**ਚੰਡੀਗੜ੍ਹ, 2 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਬੇਅਦਬੀ ਸੰਬੰਧੀ ਕਾਨੂੰਨ ਨੂੰ ਲੈ ਕੇ ਵੱਡੀ ਖ਼ਬਰ ਸਾਹਮਣੇ ਆਈ ਹੈ। ਪੰਜਾਬ ਸਰਕਾਰ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਪੱਤਰ ਲਿਖ ਕੇ 7 ਮੈਂਬਰੀ ਕਮੇਟੀ ਦੇ ਗਠਨ ਦੀ ਜਾਣਕਾਰੀ ਦਿੱਤੀ ਹੈ। ਕਮੇਟੀ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ, ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਅਤੇ ਸੰਤ ਬਾਬਾ ਸੇਵਾ ਸਿੰਘ ਰਾਮਪੁਰ ਖੇੜਾ ਸ਼ਾਮਿਲ ਹਨ।

ਸੇਵਾਮੁਕਤ ਜਸਟਿਸ ਜਸਪਾਲ ਸਿੰਘ, ਸੇਵਾਮੁਕਤ ਜਸਟਿਸ ਗੁਰਬੀਰ ਸਿੰਘ, ਸੇਵਾਮੁਕਤ ਆਈ.ਪੀ.ਐਸ. ਅਤੇ ਪੀ.ਪੀ.ਐਸ.ਸੀ. ਦੇ ਸਾਬਕਾ ਚੇਅਰਮੈਨ ਜਤਿੰਦਰ ਸਿੰਘ ਔਲਖ ਅਤੇ ਕਾਨੂੰਨ ਅਧਿਕਾਰੀ ਪ੍ਰੀਤ ਇੰਦਰ ਪਾਲ ਸਿੰਘ ਸ਼ਾਮਿਲ ਹਨ।

ਪੰਜਾਬ ਸਰਕਾਰ ਨੇ ਦੋਵਾਂ ਕਮੇਟੀਆਂ ਵਿਚਕਾਰ ਤਾਲਮੇਲ ਬਣਾਉਣ ਲਈ ਪੀ.ਸੀ.ਐਸ. ਅਧਿਕਾਰੀ ਹਰਜੀਤ ਸਿੰਘ ਸੰਧੂ ਨੂੰ ਨੋਡਲ ਅਧਿਕਾਰੀ ਨਿਯੁਕਤ ਕੀਤਾ ਹੈ।

7 ਮੈਂਬਰੀ ਕਮੇਟੀ ਸ੍ਰੀ ਅਕਾਲ ਤਖ਼ਤ ਸਾਹਿਬ ਕਮੇਟੀ ਨਾਲ ਮੀਟਿੰਗਾਂ ਕਰੇਗੀ ਅਤੇ ਸੋਧਾਂ 'ਤੇ ਸਹਿਮਤੀ ਬਣਾਏਗੀ।

# ਫਲਾਈਦੁਬਈ ਜਹਾਜ਼ ਹਾਦਸੇ 'ਚ ਕੋ-ਪਾਇਲਟ ਦੀ ਗ੍ਰਿਫ਼ਤਾਰੀ ਦੇ ਬਾਵਜੂਦ ਸਾਜ਼ਿਸ਼ ਪਿਛਲਾ ਕਾਰਨ ਰਹੱਸ ਬਣਿਆ

**ਯੇਰੂਸ਼ਲਮ, 2 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਇਜ਼ਰਾਈਲ ਜਾ ਰਹੀ ਉਡਾਣ ਵਿੱਚ ਆਪਣੇ ਕਪਤਾਨ ਨੂੰ ਚਾਕੂ ਮਾਰਨ ਵਾਲੇ ਓਮਾਨੀ ਕੋ-ਪਾਇਲਟ ਦੀ ਪਛਾਣ ਅਤੇ ਮਕਸਦ ਅਣਪਛਾਤੇ ਬਣੇ ਹੋਏ ਹਨ। ਹਾਲਾਂਕਿ ਵੀਰਵਾਰ ਨੂੰ ਜਾਂਚਕਰਤਾਵਾਂ ਵੱਲੋਂ ਹੋਰ ਜਾਣਕਾਰੀ ਹਾਸਲ ਕਰਨ ਲਈ ਜੱਦੋ ਜਹਿਦ ਕੀਤੀ ਜਾ ਰਹੀ ਹੈ। ਇਸ ਹਾਦਸੇ ਕਾਰਨ ਜਹਾਜ਼ ਖਤਰਨਾਕ ਤਰੀਕੇ ਨਾਲ ਹੇਠਾਂ ਡਿੱਗ ਗਿਆ ਸੀ ਅਤੇ ਇਸ ਨੂੰ ਸਾਊਦੀ ਅਰਬ ਵਿੱਚ ਉਤਰਨ ਲਈ ਮਜਬੂਰ ਹੋਣਾ ਪਿਆ ਸੀ।

ਸੰਯੁਕਤ ਅਰਬ ਅਮੀਰਾਤ (ਯੂ.ਏ.ਈ.) ਤੋਂ ਇਜ਼ਰਾਈਲ ਦੇ ਸ਼ਹਿਰ ਤਲ ਅਵੀਵ ਜਾ ਰਹੇ 174 ਲੋਕਾਂ ਨੂੰ ਲੈ ਕੇ ਜਾ ਰਹੀ ਫਲਾਈਦੁਬਈ ਦੀ ਉਡਾਣ ਵਿੱਚ ਸਵਾਰ ਇਜ਼ਰਾਈਲੀ ਯਾਤਰੀਆਂ ਨੇ ਦੱਸਿਆ ਹੈ ਕਿ ਕਿਵੇਂ ਲਹੂ-ਲੁਹਾਣ ਭਾਰਤੀ ਕਪਤਾਨ ਨੇ ਉਨ੍ਹਾਂ ਨੂੰ ਅੰਦਰ ਆਉਣ ਲਈ ਕਾਕਪਿਟ ਦਾ ਦਰਵਾਜ਼ਾ ਖੋਲ੍ਹਣ ਵਿੱਚ ਕਾਮਯਾਬੀ ਹਾਸਲ ਕੀਤੀ, ਜਿਸ ਤੋਂ ਬਾਅਦ ਉਨ੍ਹਾਂ ਨੇ ਕੋ-ਪਾਇਲਟ ਨਾਲ ਹੱਥੋਪਾਈ ਕੀਤੀ ਅਤੇ ਇੰਨੇ ਤਿੱਖੇ ਉਤਰਾਣ ਨੂੰ ਸਥਿਰ ਕੀਤਾ ਕਿ ਜਹਾਜ਼ ਦਾ ਰਡਾਰ (ਰਡਰ) ਉਖੜ ਗਿਆ ਸੀ।



ਇਜ਼ਰਾਈਲ ਦੀ ਪ੍ਰਧਾਨਗੀ ਅਧੀਨ ਸਾਂਝੇ ਕੀਤੇ ਗਏ ਇੱਕ ਨਵੇਂ ਬਿਆਨ ਵਿੱਚ ਬਚਾਅ ਕਰਨ ਵਾਲਿਆਂ ਵਿੱਚੋਂ ਇੱਕ, ਅਸਾਫ ਰਾਜੁਆਨ ਨੇ ਕਿਹਾ, ਅਸੀਂ ਬੇਵੱਸ ਮਹਿਸੂਸ ਕੀਤਾ, ਅਸਮਾਨ ਵਿੱਚ ਲਟਕ ਰਹੇ ਸਾਂ, ਅਤੇ ਮੈਨੂੰ ਨਹੀਂ ਪਤਾ ਸੀ ਕਿ ਕਿਸ ਵੱਲ ਰੁਖ ਕਰੀਏ। ਪਰ ਇਹ ਸਭ ਬਚਣ ਲਈ ਇੱਕ ਸਹਿਜ ਪ੍ਰਵਿਰਤੀ ਸੀ।

ਸਾਊਦੀ ਅਤੇ ਯੂ.ਏ.ਈ. ਦੇ ਅਧਿਕਾਰੀਆਂ ਨੇ ਇਹ ਪੁਸ਼ਟੀ ਕਰਨ ਤੋਂ ਇਲਾਵਾ ਕਿ ਜਾਂਚ ਚੱਲ ਰਹੀ ਹੈ, ਜਨਤਕ ਤੌਰ 'ਤੇ ਬਹੁਤ ਘੱਟ ਕਿਹਾ ਹੈ। ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਕਿਹਾ ਹੈ ਕਿ ਕੋ-ਪਾਇਲਟ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਸਾਊਦੀ ਅਰਬ ਵਿੱਚ ਭਾਰਤੀ ਦੂਤਾਵਾਸ ਨੇ ਰਾਤੋ-ਰਾਤ ਕਿਹਾ ਕਿ ਕੈਪਟਨ ਸਮਿਤ ਮੱਛਾਰ, ਜਿਨ੍ਹਾਂ ਨੂੰ ਉਡਾਣ ਦੇ ਇੱਕ ਹੋਰ ਹੀਰੋ ਵਜੋਂ ਵਿਆਪਕ ਤੌਰ 'ਤੇ ਸ਼ਲਾਘਾ ਮਿਲੀ ਹੈ, ਕਥਿਤ ਤੌਰ 'ਤੇ ਸਥਿਰ ਹਾਲਤ ਵਿੱਚ ਸਨ। ਗ੍ਰਿਫਤਾਰ ਕੀਤੇ ਗਏ ਕੋ-ਪਾਇਲਟ ਦੀ ਹਾਲਤ ਸਪੱਸ਼ਟ ਨਹੀਂ ਸੀ।

ਪ੍ਰਸਾਰਿਤ ਇੱਕ ਸੀ.ਐਨ.ਐਨ. ਇੰਟਰਵਿਊ ਵਿੱਚ ਨੇਤਨਯਾਹੂ ਨੇ ਕਿਹਾ ਕਿ ਹਮਲਾਵਰ ਓਮਾਨ ਦਾ ਨਾਗਰਿਕ ਸੀ ਅਤੇ ਸਾਊਦੀ ਅਰਬ ਵਿੱਚ ਉਸਦੀ ਪੁੱਛਗਿੱਛ ਕੀਤੀ ਜਾ ਰਹੀ ਹੈ। ਅਮਰੀਕੀ ਰਾਸ਼ਟਰਪਤੀ ਡੋਨਲਡ ਟ੍ਰੰਪ ਨੇ ਵ੍ਹਾਈਟ ਹਾਊਸ ਵਿੱਚ ਪੱਤਰਕਾਰਾਂ ਨੂੰ ਦੱਸਿਆ ਕਿ ਉਨ੍ਹਾਂ ਅਤੇ ਨੇਤਨਯਾਹੂ ਨੇ ਫੋਨ 'ਤੇ ਇਸ ਘਟਨਾ ਬਾਰੇ ਵਿਸਤਾਰ ਨਾਲ ਚਰਚਾ ਕੀਤੀ ਅਤੇ ਇਹ ਜਾਪਦਾ ਸੀ ਕਿ ਕੋ-ਪਾਇਲਟ ਸ਼ਾਇਦ ਕੋਈ ਅਤਿਵਾਦੀ ਸੀ ਜਾਂ ਸ਼ਾਇਦ ਕੋਈ ਪਾਗਲ ਵਿਅਕਤੀ।

ਨੇਤਨਯਾਹੂ ਨੇ ਕਿਹਾ ਕਿ ਉਨ੍ਹਾਂ ਨੇ ਯੂ.ਏ.ਈ. ਦੇ ਰਾਸ਼ਟਰਪਤੀ ਸ਼ੇਖ ਮੁਹੰਮਦ ਬਿਨ ਜ਼ਾਇਦ ਅਲ ਨਾਹਯਾਨ ਨਾਲ ਗੱਲ ਕੀਤੀ, ਜਿਨ੍ਹਾਂ ਨੇ ਸਹਿਮਤੀ ਪ੍ਰਗਟਾਈ ਕਿ ਇਜ਼ਰਾਈਲ ਸ਼ੱਕੀ ਵਿਅਕਤੀ ਦੀ ਪੁੱਛਗਿੱਛ ਵਿੱਚ ਸ਼ਾਮਲ ਹੋਵੇਗਾ। ਇਜ਼ਰਾਈਲ ਦੇ ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਜਹਾਜ਼ ਵਿੱਚ ਸਵਾਰ ਲੋਕ ਇਜ਼ਰਾਈਲ, ਭਾਰਤ ਅਤੇ ਯੂ.ਏ.ਈ. ਤੋਂ ਸਨ। ਅਮਰੀਕੀ ਵਿਦੇਸ਼ ਵਿਭਾਗ ਨੇ ਕਿਹਾ ਕਿ ਚਾਰ ਯਾਤਰੀਆਂ ਕੋਲ ਅਮਰੀਕੀ ਨਾਗਰਿਕਤਾ ਸੀ।

ਫਲਾਈਦੁਬਈ ਨੇ ਕਿਹਾ ਹੈ ਕਿ ਜਾਂਚ ਹੋਣ ਤੱਕ ਇਜ਼ਰਾਈਲ ਲਈ ਅਤੇ ਇੱਥੋਂ ਆਉਣ ਵਾਲੀਆਂ ਉਸਦੀਆਂ ਉਡਾਣਾਂ ਮੁਅੱਤਲ ਰਹਿਣਗੀਆਂ। ਨੇਤਨਯਾਹੂ ਨੇ ਪਿਛਲੇ ਦਿਨਾਂ ਵਿੱਚ ਅਸਪਸ਼ਟ ਵਧੀਆਂ ਸੁਰੱਖਿਆ ਖਤਰਿਆਂ ਬਾਰੇ ਚਿਤਾਵਨੀ ਦਿੱਤੀ ਸੀ।

ਫਲਾਈਟਰਾਡਾਰ24 ਦੇ ਅਨੁਸਾਰ ਦੁਬਈ ਛੱਡਣ ਤੋਂ ਲਗਪਗ ਢਾਈ ਘੰਟੇ ਬਾਅਦ ਹੋਈ ਹਫੜਾ-ਦਫੜੀ ਵਿੱਚ, ਉਡਾਣ ਲਗਪਗ ਇੱਕ ਮਿੰਟ ਵਿੱਚ 33,000 ਫੁੱਟ ਤੋਂ 17,000 ਫੁੱਟ (ਲਗਪਗ 10,000 ਮੀਟਰ ਤੋਂ 5,100 ਮੀਟਰ) ਤੱਕ ਹੇਠਾਂ ਉਤਰੀ, ਜਿਸ ਤੋਂ ਬਾਅਦ ਜਾਰਡਨ ਦੀ ਸਰਹੱਦ ਦੇ ਨੇੜੇ ਇੱਕ ਅਨਿਯਮਿਤ ਚੱਕਰ ਲਗਾਇਆ ਅਤੇ ਲਗਪਗ ਇੱਕ ਘੰਟੇ ਬਾਅਦ ਸਾਊਦੀ ਸ਼ਹਿਰ ਤਬੁਕ ਵਿੱਚ ਉਤਰੀ। ਫਲਾਈਟਰਾਡਾਰ24 ਨੇ ਜਹਾਜ਼ ਦੀ ਪਛਾਣ ਬੋਇੰਗ 737 ਮੈਕਸ 8 ਵਜੋਂ ਕੀਤੀ ਹੈ।

ਇੱਕ ਵਿਅਕਤੀ ਜਿਸਨੇ ਏਅਰ ਟ੍ਰੈਫਿਕ ਕੰਟਰੋਲ ਨਾਲ ਉਡਾਣ ਦੇ ਸੰਚਾਰ ਨੂੰ ਸੁਣਿਆ ਸੀ, ਨੇ ਦੱਸਿਆ ਕਿ ਪਿਛੋਕੜ ਵਿੱਚ ਯਾਤਰੀਆਂ ਦੇ ਚੀਕਣ ਦੌਰਾਨ ਆਖਿਰਕਾਰ ਤਬੁਕ ਵਿੱਚ ਉਤਰਨ ਤੋਂ ਪਹਿਲਾਂ ਸਾਊਦੀ ਅਰਬ ਅਤੇ ਜਾਰਡਨ ਦੁਆਰਾ ਜਹਾਜ਼ ਨੂੰ ਮੋੜ ਦਿੱਤਾ ਗਿਆ ਸੀ। ਪਾਇਲਟ ਦੀ ਆਵਾਜ਼ ਕੰਬ ਰਹੀ ਸੀ ਜਦੋਂ ਉਸਨੇ ਮੇਡੇ (mayday) ਬੁਲਾਇਆ ਅਤੇ ਕਿਹਾ ਕਿ ਅਗਵਾ (ਹਾਇਜੈਕਿੰਗ) ਹੋ ਰਹੀ ਹੈ।

ਏਅਰ ਟ੍ਰੈਫਿਕ ਕੰਟਰੋਲ ਆਪਰੇਟਰਾਂ ਨੇ ਇਨਕਾਰ ਕਰਨ ਦਾ ਕੋਈ ਕਾਰਨ ਨਹੀਂ ਦੱਸਿਆ। ਸੰਚਾਰ ਸੁਣਨ ਵਾਲੇ ਵਿਅਕਤੀ ਨੇ ਆਪਣੀ ਪਛਾਣ ਗੁਪਤ ਰੱਖਣ ਦੀ ਸ਼ਰਤ 'ਤੇ ਗੱਲ ਕੀਤੀ ਕਿਉਂਕਿ ਉਨ੍ਹਾਂ ਕੋਲ ਮੀਡੀਆ ਨਾਲ ਗੱਲ ਕਰਨ ਦਾ ਅਧਿਕਾਰ ਨਹੀਂ ਸੀ।

# ਭਾਜਪਾ ਦਾ ਪੰਜਾਬ ਚੋਣਾਂ ਨੂੰ ਲੈ ਕੇ ਦੋ ਦਿਨਾਂ ਮੰਥਨ ਸ਼ੁਰੂ; ਬੀ.ਐੱਲ. ਸੰਤੋਸ਼ ਸੰਭਾਲਣਗੇ ਮੋਰਚਾ

**ਨਵੀਂ ਦਿੱਲੀ, 2 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬੇ ਵਿੱਚ ਨਸ਼ੇ ਖ਼ਿਲਾਫ਼ ਆਪਣੀ ਮੁਹਿੰਮ ਖ਼ਤਮ ਕਰਨ ਤੋਂ ਬਾਅਦ, ਭਾਜਪਾ ਅੱਜ ਤੋਂ 2027 ਦੀਆਂ ਪੰਜਾਬ ਚੋਣਾਂ ਦੀ ਰਣਨੀਤੀ ਬਾਰੇ ਦੋ ਦਿਨਾਂ ਦੀ ਅਹਿਮ ਮੰਥਨ ਸ਼ੁਰੂ ਕਰੇਗੀ।

ਹਰਿਆਣਾ ਦੇ ਪੰਚਕੂਲਾ ਵਿੱਚ ਰੈੱਡ ਬਿਸ਼ਪ ਰਿਜੋਰਟ ਵਿਖੇ ਅੱਜ ਅਤੇ ਭਲਕ ਨੂੰ ਹੋਣ ਵਾਲੀਆਂ ਇਨ੍ਹਾਂ ਵਿਚਾਰ-ਚਰਚਾਵਾਂ ਦੀ ਅਗਵਾਈ ਭਾਜਪਾ ਦੇ ਕੌਮੀ ਜਨਰਲ ਸਕੱਤਰ (ਸੰਗਠਨ) ਬੀ.ਐੱਲ. ਸੰਤੋਸ਼ ਕਰਨਗੇ, ਜੋ ਕਿ ਕੌਮੀ ਪੱਧਰ 'ਤੇ ਭਾਜਪਾ ਅਤੇ ਆਰ.ਐੱਸ.ਐੱਸ. ਵਿਚਕਾਰ ਮੁੱਖ ਆਗੂ ਅਤੇ ਕੜੀ ਹਨ।




ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਅੱਜ 'ਦਿ ਟ੍ਰਿਬਿਊਨ' ਨਾਲ ਗੱਲਬਾਤ ਕਰਦਿਆਂ ਕਿਹਾ, ਇਸ ਮੀਟਿੰਗ ਵਿੱਚ ਨਸ਼ੇ ਦੇ ਮੁੱਦੇ 'ਤੇ ਚਲਾਈ ਗਈ ਸਾਡੀ ਜਨਤਕ ਮੁਹਿੰਮ ਦੇ ਹੁੰਗਾਰੇ ਅਤੇ ਸਫ਼ਲਤਾ ਦਾ ਜਾਇਜ਼ਾ ਲਿਆ ਜਾਵੇਗਾ ਅਤੇ ਨਾਲ ਹੀ ਅਗਲੇ ਸਾਲ ਹੋਣ ਵਾਲੀਆਂ ਪੰਜਾਬ ਚੋਣਾਂ ਦੀ ਰਣਨੀਤੀ ਬਾਰੇ ਵੀ ਚਰਚਾ ਕੀਤੀ ਜਾਵੇਗੀ।

ਭਾਜਪਾ ਪਹਿਲਾਂ ਹੀ ਉਨ੍ਹਾਂ ਮਜ਼ਬੂਤ ਸੀਟਾਂ ਦੀ ਪਛਾਣ ਕਰਨ ਵਿੱਚ ਲੱਗੀ ਹੋਈ ਹੈ ਜਿੱਥੇ ਉਨ੍ਹਾਂ ਨੂੰ ਆਪਣੀ ਜਿੱਤ ਦੀ ਸੰਭਾਵਨਾ ਨਜ਼ਰ ਆਉਂਦੀ ਹੈ।ਸੂਤਰਾਂ ਅਨੁਸਾਰ ਇਹ ਚਰਚਾਵਾਂ ਅੱਜ ਸ਼ਾਮ ਨੂੰ ਸ਼ੁਰੂ ਹੋਣਗੀਆਂ ਅਤੇ ਭਲਕ ਤੱਕ ਜਾਰੀ ਰਹਿਣਗੀਆਂ। ਭਾਜਪਾ ਦੀ ਸੰਗਠਨਾਤਮਕ ਤਾਕਤ ਦੇ ਦਾਇਰੇ, ਖਾਸ ਕਰਕੇ ਪੇਂਡੂ ਖੇਤਰਾਂ ਵਿੱਚ ਜਿੱਥੇ ਪਾਰਟੀ ਰਵਾਇਤੀ ਤੌਰ 'ਤੇ ਕਮਜ਼ੋਰ ਰਹੀ ਹੈ, ਬਾਰੇ ਜ਼ਮੀਨੀ ਪੱਧਰ ਦਾ ਫ਼ੀਡਬੈਕ ਲਿਆ ਜਾਵੇਗਾ।

ਗੱਠਜੋੜ ਦੀ ਰਣਨੀਤੀ ਅਤੇ ਕੀ ਭਾਜਪਾ ਨੂੰ ਸ਼੍ਰੋਮਣੀ ਅਕਾਲੀ ਦਲ ਅਤੇ ਅਕਾਲੀ ਪੁਨਰ ਸੁਰਜੀਤ ਧੜੇ ਨਾਲ ਮਿਲ ਕੇ ਚੱਲਣਾ ਚਾਹੀਦਾ ਹੈ, ਇਹ ਮੁੱਦਾ ਵੀ ਵਿਚਾਰ ਅਧੀਨ ਆਉਣਾ ਤੈਅ ਹੈ।

ਭਾਜਪਾ ਦੇ ਸੂਬਾ ਪ੍ਰਧਾਨ ਨਿਤਿਨ ਨਬੀਨ ਵਾਰ-ਵਾਰ ਇਹ ਕਹਿੰਦੇ ਆਏ ਹਨ ਕਿ ਹਾਲਾਂਕਿ ਪਾਰਟੀ ਪੰਜਾਬ ਦੀਆਂ ਸਾਰੀਆਂ 117 ਸੀਟਾਂ 'ਤੇ ਆਪਣੀ ਤਾਕਤ ਵਧਾ ਰਹੀ ਹੈ, ਪਰ ਗੱਠਜੋੜ ਬਾਰੇ ਫ਼ੈਸਲੇ ਨੂੰ ਜ਼ਮੀਨੀ ਫ਼ੀਡਬੈਕ, ਸਰਵੇਖਣਾਂ ਅਤੇ ਵੋਟਰਾਂ ਦੀਆਂ ਇੱਛਾਵਾਂ ਦੇ ਆਧਾਰ 'ਤੇ ਹੀ ਅੰਤਿਮ ਰੂਪ ਦਿੱਤਾ ਜਾਵੇਗਾ।

ਭਾਜਪਾ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਵੱਲੋਂ ਸਿਆਸੀ ਰੈਲੀਆਂ ਵਿੱਚ ਇੱਕ-ਦੂਜੇ ਉੱਤੇ ਹਮਲੇ ਨਾ ਕਰਨਾ ਇਸ ਗੱਲ ਦਾ ਸੰਕੇਤ ਹੈ ਕਿ ਪਰਦੇ ਪਿੱਛੇ ਗੱਲਬਾਤ ਚੱਲ ਰਹੀ ਹੈ, ਭਾਵੇਂ ਕਿ ਇਹ ਹਾਲੇ ਸਮੇਂ ਤੋਂ ਪਹਿਲਾਂ ਦੀ ਗੱਲ ਹੈ।

# ਰਾਸ਼ਟਰੀ ਆਈਜੀਓਟੀ ਕਰਮਯੋਗੀ ਰੈਂਕਿੰਗ ਵਿੱਚ ਸ਼੍ਰੇਣੀ-ਬੀ ਵਿੱਚ ਹਰਿਆਣਾ ਪਹਿਲੇ ਸਥਾਨ 'ਤੇ, 60.72 ਅੰਕ ਕੀਤੇ ਹਾਸਲ

**ਚੰਡੀਗੜ੍ਹ, 2 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਨੇ ਰਾਸ਼ਟਰੀ ਆਈਜੀਓਟੀ ਕਰਮਯੋਗੀ ਮੰਚ 'ਤੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀ ਰੈਂਕਿੰਗ ਵਿੱਚ ਸ਼੍ਰੇਣੀ-ਬੀ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ। ਹਰਿਆਣਾ ਨੇ 60.72 ਅੰਕ ਪ੍ਰਾਪਤ ਕੀਤੇ ਹਨ। ਇਹ ਰੈਂਕਿੰਗ ਸਰਕਾਰੀ ਕਰਮਚਾਰੀਆਂ ਦੇ ਸਮਰੱਥਾ ਨਿਰਮਾਣ ਅਤੇ ਲਗਾਤਾਰ ਸਿੱਖਣ ਦੀਆਂ ਗਤੀਵਿਧੀਆਂ ਦੇ ਮੁਲਾਂਕਣ 'ਤੇ ਆਧਾਰਿਤ ਹੈ।

ਮੁੱਖ ਸਕੱਤਰ ਸ਼੍ਰੀ ਅਨੁਰਾਗ ਰਸਤੋਗੀ ਵੱਲੋਂ ਜਾਰੀ ਇੱਕ ਪੱਤਰ ਵਿੱਚ ਕਿਹਾ ਗਿਆ ਹੈ ਕਿ ਕੇਂਦਰੀ ਪ੍ਰਸੋਨਲ ਅਤੇ ਸਿਖਲਾਈ ਵਿਭਾਗ ਦੇ ਅਧੀਨ ਕਰਮ ਯੋਗੀ ਭਾਰਤ ਵੱਲੋਂ ਜਾਰੀ ਸੂਚਨਾ ਅਨੁਸਾਰ, 31 ਅਗਸਤ, 2026 ਤੱਕ ਦੇ ਅੰਕੜਿਆਂ ਦੇ ਆਧਾਰ 'ਤੇ ਤਿਆਰ ਰੈਂਕਿੰਗ ਵਿੱਚ ਹਰਿਆਣਾ ਨੇ ਸ਼੍ਰੇਣੀ-ਬੀ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਇਸ ਸ਼੍ਰੇਣੀ ਵਿੱਚ 1,00,001 ਤੋਂ 5,00,000 ਤੱਕ ਸਰਕਾਰੀ ਕਰਮਚਾਰੀਆਂ ਵਾਲੇ ਰਾਜ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਸ਼ਾਮਲ ਹਨ। ਹਰਿਆਣਾ ਤੋਂ ਬਾਅਦ ਕਰਨਾਟਕ ਨੇ 60.47, ਤੇਲੰਗਾਨਾ ਨੇ 60.39, ਗੁਜਰਾਤ ਨੇ 60.18 ਅਤੇ ਪੰਜਾਬ ਨੇ 60.06 ਅੰਕ ਪ੍ਰਾਪਤ ਕੀਤੇ ਹਨ। ਇਹ ਰੈਂਕਿੰਗ ਆਈਜੀਓਟੀ ਕਰਮਯੋਗੀ ਮੰਚ ਦੇ ਮਾਧਿਅਮ ਨਾਲ ਸਰਕਾਰੀ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਭੂਮਿਕਾ-ਆਧਾਰਿਤ ਸਿਖਲਾਈ, ਸਮਰੱਥਾ ਨਿਰਮਾਣ ਅਤੇ ਲਗਾਤਾਰ ਸਿੱਖਣ ਵਿੱਚ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀ ਭਾਗੀਦਾਰੀ ਨੂੰ ਮਾਪਣ ਦੇ ਉਦੇਸ਼ ਨਾਲ ਤਿਆਰ ਕੀਤੀ ਗਈ ਹੈ। ਕੇਂਦਰ ਸਰਕਾਰ ਵੱਲੋਂ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਸਮੇਂ-ਸਮੇਂ 'ਤੇ ਇਹ ਰੈਂਕਿੰਗ ਦਿੱਤੀ ਜਾਵੇਗੀ, ਤਾਂ ਜੋ ਉਹ ਆਪਣੀ ਪ੍ਰਗਤੀ ਦਾ ਮੁਲਾਂਕਣ ਕਰਦੇ ਹੋਏ ਲਗਾਤਾਰ ਸੁਧਾਰ ਕਰ ਸਕਣ।

ਕੁੱਲ ਰੈਂਕਿੰਗ ਤਿੰਨ ਮੁੱਖ ਪ੍ਰਦਰਸ਼ਨ ਮਾਪਦੰਡਾਂ 'ਤੇ ਆਧਾਰਿਤ ਹੈ, ਜਿਨ੍ਹਾਂ ਲਈ ਕੁੱਲ 100 ਅੰਕ ਨਿਰਧਾਰਿਤ ਹਨ। ਰਾਜਾਂ ਦੇ ਵਿਭਾਗਾਂ ਦੁਆਰਾ ਆਰਟੀਫਿਸ਼ੀਅਲ ਇੰਟੈਲੀਜੈਂਸ ਆਧਾਰਿਤ ਸਮਰੱਥਾ ਨਿਰਮਾਣ ਯੋਜਨਾਵਾਂ ਤਿਆਰ ਕਰਨ ਲਈ 30 ਪ੍ਰਤੀਸ਼ਤ, ਭੂਮਿਕਾ-ਆਧਾਰਿਤ ਗਿਆਨ ਦੇ ਨਿਰਮਾਣ ਲਈ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੁਆਰਾ ਕੋਰਸ ਉਪਲਬਧ ਕਰਵਾਉਣ ਲਈ 30 ਪ੍ਰਤੀਸ਼ਤ, ਜਦਕਿ ਰਜਿਸਟਰਡ ਅਧਿਕਾਰੀਆਂ ਵਿੱਚੋਂ ਪਿਛਲੇ ਮਹੀਨੇ ਘੱਟੋ-ਘੱਟ ਇੱਕ ਘੰਟੇ ਦੀ ਸਿਖਲਾਈ ਪੂਰੀ ਕਰਨ ਵਾਲੇ ਅਧਿਕਾਰੀਆਂ ਲਈ 40 ਪ੍ਰਤੀਸ਼ਤ ਵੇਟੇਜ ਨਿਰਧਾਰਿਤ ਕੀਤੀ ਗਈ ਹੈ। ਜਿਨ੍ਹਾਂ ਰਾਜਾਂ ਦੇ ਘੱਟੋ-ਘੱਟ 25 ਪ੍ਰਤੀਸ਼ਤ ਵਿਭਾਗਾਂ ਦੁਆਰਾ ਆਰਟੀਫਿਸ਼ੀਅਲ ਇੰਟੈਲੀਜੈਂਸ ਆਧਾਰਿਤ ਸਮਰੱਥਾ ਨਿਰਮਾਣ ਯੋਜਨਾਵਾਂ ਤਿਆਰ ਕੀਤੀਆਂ ਗਈਆਂ ਹਨ, ਉਹ ਪਹਿਲੇ ਮਾਪਦੰਡ ਦੇ ਤਹਿਤ ਪੂਰੇ 30 ਅੰਕ ਪ੍ਰਾਪਤ ਕਰ ਸਕਦੇ ਹਨ।

# ਪਹਿਲਾਂ ਪੰਜਾਬ ਵਿਚ ਧਰਮਿੰਦਰ ਵਰਗੇ ਗੱਭਰੂ ਦਿਖਦੇ ਸਨ, ਹੁਣ ਨਸ਼ੇ ਵਿਚ ਝੂਮਦੇ ਨੌਜਵਾਨ: ਆਸ਼ੀਸ਼ ਸੂਦ

**ਕੌਮੀ ਪਤ੍ਰਿਕਾ**

ਮੋਹਾਲੀ 2 ਅਕਤੂਬਰ। ਪਹਿਲਾਂ ਪੰਜਾਬ ਦਾ ਨਾਂ ਲੈਂਦਿਆਂ ਹੀ ਇੱਥੋਂ ਦਾ ਰੰਗਲਾ ਸੱਭਿਆਚਾਰ ਨਜ਼ਰ ਆਉਂਦਾ ਸੀ। ਲਹਿਰਾਉਂਦੇ ਖੇਤ ਦਿਖਾਈ ਦਿੰਦੇ ਸਨ। ਧਰਮਿੰਦਰ ਵਰਗੇ ਗੱਭਰੂ ਨੌਜਵਾਨ ਦਿਖਾਈ ਦਿੰਦੇ ਸਨ, ਜੋ ਫੌਜ ਵਿਚ ਭਰਤੀ ਹੋਣ ਦੀ ਤਿਆਰੀ ਕਰਦੇ ਸਨ। ਪਰ ਅੱਜ ਹਾਲਾਤ ਬਦਲ ਗਏ ਹਨ। ਹੁਣ ਪੰਜਾਬ ਦਾ ਨਾਮ ਲੈਂਦਿਆਂ ਚਿੱਟੇ ਕਾਰਨ ਆਪਣੇ ਪੁੱਤਰ ਗੁਆ ਚੁੱਕੀਆਂ ਮਾਵਾਂ ਦਿਖਾਈ ਦਿੰਦੀਆਂ ਹਨ। ਅਜਿਹੇ ਹੋਣਹਾਰ ਖਿਡਾਰੀਆਂ ਦੀਆਂ ਕਹਾਣੀਆਂ ਸੁਣਨ ਨੂੰ ਮਿਲਦੀਆਂ ਹਨ, ਜੋ ਨਸ਼ੇ ਦੀ ਭੇਟ ਚੜ੍ਹ ਗਏ। ਗੁਲਜ਼ਾਰ ਸਿੰਘ ਵਰਗੇ ਲੋਕ ਯਾਦ ਆਉਂਦੇ ਹਨ, ਜਿਨ੍ਹਾਂ ਨੇ ਨਸ਼ਿਆਂ ਬਾਰੇ ਸਵਾਲ ਪੁੱਛਿਆ ਤਾਂ ਉਨ੍ਹਾਂ ਨੂੰ ਆਪਣੀ ਜਾਨ ਤੋਂ ਹੱਥ ਧੋਣਾ ਪਿਆ। ਇਹ ਬਹੁਤ ਹੀ ਦੁੱਖਦਾਈ ਹੈ। ਪੰਜਾਬ ਸਰਕਾਰ ਨਸ਼ਾ ਤਸਕਰਾਂ ਨੂੰ ਸੁਰੱਖਿਆ ਦੇ ਰਹੀ ਹੈ। ਇਹ ਗੱਲਾਂ ਮੋਹਾਲੀ ਵਿਚ ਭਾਜਪਾ ਦੀ ਨਸ਼ਾ ਮੁਕਤ ਪੰਜਾਬ ਯਾਤਰਾ ਦੇ ਚੌਥੇ ਦਿਨ ਦਿੱਲੀ ਦੇ ਸਿੱਖਿਆ ਮੰਤਰੀ ਆਸ਼ੀਸ਼ ਸੂਦ ਨੇ ਕਹੀਆਂ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੰਜੀਵ ਵਸ਼ਿਸ਼ਠ, ਰਾਕੇਸ਼ ਸ਼ਰਮਾ, ਮੀਨੂ ਸੇਠੀ, ਸੁਖਵਿੰਦਰ ਗੋਲਡੀ, ਅਜੇ ਕੌਸ਼ਲ, ਜਸਵਿੰਦਰ ਪਾਲ, ਆਸ਼ੀਸ਼ ਬਾਂਸਲ, ਬਿੱਲੂ, ਹਰਦੇਵ, ਮਨੋਜ ਸ਼ਰਮਾ, ਖੁਸ਼ਵੰਤ ਰਾਏ ਗੀਗਾ, ਇਕਬਾਲ ਸਿੰਘ ਚੰਨੀ ਸਮੇਤ ਕਈ ਭਾਜਪਾ ਆਗੂ ਅਤੇ ਅਹੁਦੇਦਾਰ ਮੌਜੂਦ ਰਹੇ। ਸੂਦ ਨੇ ਅੰਕੜੇ ਪੇਸ਼ ਕਰਦਿਆਂ ਕਿਹਾ ਕਿ 2023 ਵਿਚ



ਭਾਰਤ ਵਿਚ ਇਕ ਲੱਖ ਤੋਂ ਵੱਧ NDPS ਦੇ ਮਾਮਲੇ ਦਰਜ ਕੀਤੇ ਗਏ। ਇਨ੍ਹਾਂ ਵਿੱਚੋਂ ਇਕੱਲੇ ਪੰਜਾਬ ਵਿਚ 33 ਹਜ਼ਾਰ ਮਾਮਲੇ ਦਰਜ ਹੋਏ। ਪਿਛਲੇ ਸਾਲ ਪੰਜਾਬ ਵਿਚ 11 ਹਜ਼ਾਰ ਮਾਮਲੇ ਦਰਜ ਕੀਤੇ ਗਏ ਹਨ। ਨਸ਼ੇ ਵਿਚ ਝੂਮਦੇ ਪੰਜਾਬ ਦੇ ਨੌਜਵਾਨਾਂ ਅਤੇ ਮੁਟਿਆਰਾਂ ਦੀਆਂ ਤਸਵੀਰਾਂ ਇੰਟਰਨੈੱਟ ’ਤੇ ਆਏ ਦਿਨ ਵਾਇਰਲ ਹੁੰਦੀਆਂ ਹਨ। ਇਹ ਰੰਗਲਾ ਪੰਜਾਬ ਨਹੀਂ ਹੈ। ਉਨ੍ਹਾਂ ਕਿਹਾ ਕਿ ਹਾਈ ਕੋਰਟ ਵੀ ਪੰਜਾਬ ਸਰਕਾਰ ਨੂੰ ਕਟਹਿਰੇ ਵਿਚ ਖੜ੍ਹਾ ਕਰ ਚੁੱਕੀ ਹੈ। ਸਰਕਾਰ ਨੇ ਕਈ ਵਾਰ ਦਾਅਵਾ ਕੀਤਾ ਕਿ ਪੰਜਾਬ ਨੂੰ ਨਸ਼ਾ ਮੁਕਤ ਕਰਨਗੇ, ਪਰ ਇੰਨੇ ਸਾਲਾਂ ਵਿੱਚ ਕੁਝ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਇਹ ਬਹਾਨਾ ਲਾਉਂਦੀ ਹੈ ਕਿ ਸਰਹੱਦ ਪਾਰੋਂ ਪੰਜਾਬ ਵਿਚ ਨਸ਼ਾ ਆ ਰਿਹਾ ਹੈ। ਜੇਕਰ ਅਜਿਹਾ ਹੈ ਤਾਂ ਇਨ੍ਹਾਂ ਦੀ ਪੁਲਸ ਕਿੱਥੇ ਹੈ? ਕੋਈ ਕਾਰਵਾਈ ਕਿਉਂ ਨਹੀਂ ਕੀਤੀ ਜਾ ਰਹੀ? ਉਨ੍ਹਾਂ ਲੋਕਾਂ ਨੂੰ ਪੁੱਛਿਆ ਕਿ ਉਹ ਪੰਜਾਬ ਵਿਚ ਮਜ਼ਬੂਤ ਸਰਕਾਰ ਚਾਹੁੰਦੇ ਹਨ ਜਾਂ ਅਜਿਹੀ ਸਰਕਾਰ, ਜਿਸ ਨੂੰ ਫਰਾਗੀ ਕੱਟਣ ਵਾਲੇ ਬਾਹਰੀ ਲੋਕ ਚਲਾਉਣ। ਪੰਜਾਬ ਦਾ ਭਲਾ ਸਿਰਫ਼ ਭਾਜਪਾ ਹੀ ਕਰ ਸਕਦੀ ਹੈ। ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬ ਨੂੰ ਡਬਲ ਇੰਜਣ ਵਾਲੀ ਸਰਕਾਰ ਦੀ ਲੋੜ ਹੈ। ਮੌਜੂਦਾ ਸਰਕਾਰ ਨੇ ਪੰਜਾਬ ਨੂੰ ਬਰਬਾਦ ਕਰ ਦਿੱਤਾ ਹੈ। ਸੂਬਾ ਨਸ਼ਿਆਂ, ਭ੍ਰਿਸ਼ਟਾਚਾਰ ਅਤੇ ਗੈਂਗਸਟਰਵਾਦ ਨਾਲ ਜੂਝ ਰਿਹਾ ਹੈ। ਹਰ ਵਰਗ, ਭਾਵੇਂ ਉਹ ਮਜ਼ਦੂਰ ਹੋਵੇ, ਕਿਸਾਨ ਹੋਵੇ ਜਾਂ ਸਰਕਾਰੀ ਕਰਮਚਾਰੀ, ਸਾਰੇ ਸੂਬਾ ਸਰਕਾਰ ਦੀਆਂ ਗਲਤ ਨੀਤੀਆਂ ਤੋਂ ਪਰੇਸ਼ਾਨ ਹਨ। ਇੱਥੇ ਕੋਈ ਉਦਯੋਗ ਨਹੀਂ ਆ ਰਿਹਾ। ਕਿਸੇ ਮਾਂ ਦੇ ਛੇ ਦੇ ਛੇ ਪੁੱਤਰ ਨਸ਼ੇ ਦੀ ਭੇਟ ਚੜ੍ਹ ਗਏ ਹਨ ਤਾਂ ਕਿਸੇ ਦੇ ਪੰਜ। ਕਈ ਪਰਿਵਾਰ ਬਰਬਾਦ ਹੋ ਚੁੱਕੇ ਹਨ। ਨਸਲਾਂ ਖਤਮ ਹੋ ਗਈਆਂ ਹਨ। ਇਸ ਲਈ ਪੰਜਾਬ ਵਿੱਚੋਂ ਨਸ਼ੇ ਨੂੰ ਜੜ੍ਹ ਤੋਂ ਮਿਟਾਉਣਾ ਹੀ ਹੋਵੇਗਾ। ਉਨ੍ਹਾਂ ਕਿਹਾ ਕਿ ਭਾਜਪਾ ਦਾ ਟਰੈਕ ਰਿਕਾਰਡ ਹੈ ਕਿ ਜਿਸ ਵੀ ਸੂਬੇ ਵਿੱਚ ਉਹ ਸੱਤਾ ਵਿਚ ਆਈ, ਉੱਥੋਂ ਗੈਂਗਸਟਰਵਾਦ ਅਤੇ ਨਕਸਲਵਾਦ ਨੂੰ ਖ਼ਤਮ ਕੀਤਾ ਹੈ। ਪੰਜਾਬ ਭਾਜਪਾ ਦੇ ਉਪ ਪ੍ਰਧਾਨ ਸੁਭਾਸ਼ ਸ਼ਰਮਾ ਨੇ ਕਿਹਾ ਕਿ ਅੰਮ੍ਰਿਤਾ ਪ੍ਰੀਤਮ ਨੇ ਵੰਡ ਦੇ ਸਮੇਂ ਔਰਤਾਂ ਦੇ ਦਰਦ ਨੂੰ ਲੈ ਕੇ ‘ਅੱਜ ਆਖਾਂ ਵਾਰਿਸ ਸ਼ਾਹ ਨੂੰ’ ਕਵਿਤਾ ਲਿਖੀ ਸੀ। ਅੱਜ ਪੰਜਾਬ ਦੇ ਹਾਲਾਤ ਹੋਰ ਵੀ ਖਰਾਬ ਹਨ। ਹੁਣ ਲੜਕੀਆਂ ਵੀ ਇਸ ਦੀ ਚਪੇਟ ਵਿੱਚ ਆ ਰਹੀਆਂ ਹਨ। ਪਿੰਡ-ਪਿੰਡ ਨਸ਼ਾ ਵਿਕ ਰਿਹਾ ਹੈ। ‘ਆਪ’ ਨੇ ਤਿੰਨ ਮਹੀਨਿਆਂ ਵਿਚ ਨਸ਼ਿਆਂ ਦੇ ਨੈੱਟਵਰਕ ਦੀ ਕਮਰ ਤੋੜਨ ਦੀ ਗਾਰੰਟੀ ਦਿੱਤੀ ਸੀ, ਪਰ ਅਜਿਹਾ ਨਹੀਂ ਹੋਇਆ। ਸ਼ਰਮਾ ਨੇ ਪੁੱਛਿਆ ਕਿ ਸਾਢੇ ਚਾਰ ਸਾਲਾਂ ਵਿਚ ਸਰਕਾਰ ਨੇ ਨਸ਼ਿਆਂ ਖ਼?ਲਾਫ਼ ਕੀ ਕੀਤਾ? ਭਾਜਪਾ ਦੇ ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਨੇ ਕਿਹਾ ਕਿ ਮਾਧੋਪੁਰ ਤੋਂ ਸ਼ੁਰੂ ਹੋਈ ਯਾਤਰਾ ਮੋਹਾਲੀ ਪਹੁੰਚ ਕੇ ਸਫਲ ਹੋਈ ਹੈ। ਮੋਹਾਲੀ ਦੇ ਲੋਕ ਪੰਜਾਬ ਦਾ ਦਰਦ ਸਭ ਤੋਂ ਵੱਧ ਸਮਝਦੇ ਹਨ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀਆਂ ਜੜ੍ਹਾਂ ਬਹੁਤ ਡੂੰਘੀਆਂ ਹਨ। ਪੰਜਾਬ ਵਿਧਾਨ ਸਭਾ ਵਿੱਚ ਸਰਕਾਰ ਨੇ ਮੰਨਿਆ ਹੈ ਕਿ ਕਰੀਬ ਪੌਣੇ 11 ਲੱਖ ਲੋਕ ਨਸ਼ਾ ਛੁਡਾਊ ਕੇਂਦਰਾਂ ਵਿਚ ਮਦਦ ਦੀ ਗੁਹਾਰ ਲਗਾ ਰਹੇ ਹਨ। ਨੈਸ਼ਨਲ ਇੰਸਟੀਚਿਊਟ ਦੀ ਰਿਪੋਰਟ ਅਨੁਸਾਰ ਸੂਬੇ ਦੇ 10 ਤੋਂ 17 ਸਾਲ ਦੀ ਉਮਰ ਦੇ ਕਰੀਬ ਸੱਤ ਲੱਖ ਬੱਚੇ ਨਸ਼ਿਆਂ ਦੀ ਜ਼ਦ ਵਿਚ ਹਨ। ਉਨ੍ਹਾਂ ਕਿਹਾ ਕਿ ਮਾਮਲਾ ਗੰਭੀਰ ਹੈ ਅਤੇ ਪੰਜਾਬੀਆਂ ਨੇ ਬਦਲਾਅ ਦਾ ਮਨ ਬਣਾ ਲਿਆ ਹੈ। ਪਰਮਿੰਦਰ ਸਿੰਘ ਬਰਾੜ ਨੇ ਕਿਹਾ ਕਿ ਜਦੋਂ ਯਾਤਰਾ ਸ਼ੁਰੂ ਹੋਈ ਤਾਂ ‘ਆਪ’ ਨੇ ਸਭ ਤੋਂ ਪਹਿਲਾਂ ਇਸ ਦਾ ਵਿਰੋਧ ਕੀਤਾ। ਇਸ ਤੋਂ ਪਤਾ ਲੱਗਦਾ ਹੈ ਕਿ ਉਹ ਡਰ ਚੁੱਕੇ ਹਨ। ਭਾਜਪਾ ਦਾ ਮਕਸਦ ਪੰਜਾਬ ਨੂੰ ਨਸ਼ਾ ਮੁਕਤ ਬਣਾਉਣਾ ਹੈ। ਭਾਜਪਾ ਦੇ ਮੋਹਾਲੀ ਜ਼ਿਲ੍ਹੇ ਦੇ ਪ੍ਰਧਾਨ ਸੰਜੀਵ ਵਸ਼ਿਸ਼ਟ ਨੇ ਕਿਹਾ ਕਿ ਇਹ ਯਾਤਰਾ ਨਹੀਂ, ਸਗੋਂ ਰੌਸ਼ਨੀ ਹੈ। ਇਹ ਇਕ ਇਨਕਲਾਬ ਹੈ। ਇਹ ਯਾਤਰਾ ਪੰਜਾਬ ਦੇ ਲੋਕਾਂ ਲਈ ਹੈ। ਅੱਜ ਪੰਜਾਬ ਦੇ ਨੌਜਵਾਨਾਂ ਨੂੰ ਨਾ ਬਿਹਤਰ ਸਿੱਖਿਆ ਮਿਲ ਰਹੀ ਹੈ ਅਤੇ ਨਾ ਹੀ ਨੌਕਰੀ। ਇਨ੍ਹਾਂ ਸਮੱਸਿਆਵਾਂ ਦਾ ਹੱਲ ਸਿਰਫ਼ ਭਾਜਪਾ ਹੀ ਕਰ ਸਕਦੀ ਹੈ।

## ਰਾਸ਼ਨ ਕਾਰਡਾਂ ਦੀ ਵੈਰੀਫ਼ਕੇਸ਼ਨ ਡਿਊਟੀ ਦਾ ਆਸ਼ਾ ਵਰਕਰਾਂ ਵੱਲੋਂ ਬਾਈਕਾਟ

ਗੁਰਦਾਸਪੁਰ 2 ਅਕਤੂਬਰ। ਡੈਮੋਕ੍ਰੇਟਿਕ ਆਸ਼ਾ ਵਰਕਰਜ਼ ਅਤੇ ਫੈਸਿਲੀਟੇਟਰਜ਼ ਯੂਨੀਅਨ ਗੁਰਦਾਸਪੁਰ ਵੱਲੋਂ ਜ਼ਿਲਾ ਪ੍ਰਸ਼ਾਸਨ ਵੱਲੋਂ ਉਨ੍ਹਾਂ ਦੀ ਸਹਿਮਤੀ ਤੋਂ ਬਿਨਾਂ ਪਿੰਡ ਪੱਧਰ ’ਤੇ ਥੋਕ ’ਚ ਬਣ ਰਹੇ ਰਾਸ਼ਨ ਕਾਰਡਾਂ ਦੀ ਵੈਰੀਫ਼?ਕੇਸ਼ਨ ਸਬੰਧੀ ਲਾਈਆਂ ਡਿਊਟੀਆਂ ਦਾ ਬਾਈਕਾਟ ਕੀਤਾ ਗਿਆ ਹੈ। ਆਗੂਆਂ ਨੇ ਚਿਤਾਵਨੀ ਦਿੱਤੀ ਹੈ ਕਿ ਜ਼ਿਲਾ ਪ੍ਰਸ਼ਾਸਨ ਉਨ੍ਹਾਂ ਨੂੰ ਸਿਹਤ ਸਬੰਧੀ ਕੰਮਾਂ ਤੋਂ ਹਟਾ ਕੇ ਵਾਧੂ ਕੰਮਾਂ ’ਚ ਉਲਝਾ ਰਿਹਾ ਹੈ। ਇਸ ਸਬੰਧੀ ਬਲਵਿੰਦਰ ਕੌਰ ਅਲੀਸ਼ੇਰ ਅਤੇ ਗੁਰਵਿੰਦਰ ਕੌਰ ਸ਼ਾਹਪੁਰ ਕੋਟਲੀ ਨੇ



ਦੱਸਿਆ ਕਿ ਸਿਹਤ ਵਿਭਾਗ ਵੱਲੋਂ ਉਨ੍ਹਾਂ ਨੂੰ ਪਹਿਲਾਂ ਹੀ ਨਿਗੂਣੀਆਂ ਤਨਖ਼ਾਹਾਂ ਦੇ ਕੇ ਵਾਧੂ ਕੰਮ ਲਿਆ ਜਾ ਰਿਹਾ ਹੈ। ਇਕ ਪਾਸੇ ਸਿਹਤ ਵਿਭਾਗ ਦੇ ਅਧਿਕਾਰੀਆਂ ਵੱਲੋਂ ਸਿਹਤ ਬੀਮਾ ਯੋਜਨਾ ਤਹਿਤ ਘਰ-ਘਰ ਕਾਰਡ ਵੰਡਣ ਅਤੇ ਉਨ੍ਹਾਂ ਨੂੰ ਐਪ ’ਤੇ ਆਨਲਾਈਨ ਕਰਨ ਦਾ ਕੰਮ ਦਿੱਤਾ ਗਿਆ ਹੈ ਜਦਕਿ ਦੂਜੇ ਪਾਸੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅਧਿਕਾਰੀਆਂ ’ਤੇ ਦਬਾਅ ਪਾ ਕੇ ਵਾਧੂ ਡਿਊਟੀ ਦੇ ਪੱਤਰ ਜਾਰੀ ਕਰਵਾਏ ਜਾ ਰਹੇ ਹਨ। ਜਥੇਬੰਦੀ ਦੇ ਆਗੂ ਗੁਰਵਿੰਦਰ ਕੌਰ ਬਹਿਰਾਮਪੁਰ, ਮੀਰਾਂ ਕਾਹਨੂੰਵਾਨ, ਕਾਂਤਾ ਦੇਵੀ ਭੁੱਲਰ, ਪਰਮਜੀਤ ਕੌਰ ਬਾਠਾਂਵਾਲਾ ਅਤੇ ਕੁਲਬੀਰ ਕੌਰ ਨੇ ਸਰਕਾਰ ’ਤੇ ਦੋਸ਼ ਲਾਇਆ ਕਿ ਘੱਟ-ਘੱਟ ਉਜਰਤ ਕਾਨੂੰਨ ਤਹਿਤ ਤਨਖ਼ਾਹ ਦੇਣ ਦੀ ਬਜਾਏ ਵਾਧੂ ਕੰਮ ਲੈ ਕੇ ਉਨ੍ਹਾਂ ਦਾ ਮਾਨਸਿਕ ਸ਼ੋਸ਼ਣ ਕੀਤਾ ਜਾ ਰਿਹਾ ਹੈ। ਜ਼ਿਕਰਯੋਗ ਹੈ ਕਿ ਰਾਸ਼ਨ ਕਾਰਡ ਵੈਰੀਫ਼?ਕੇਸ਼ਨ ਲਈ ਪਹਿਲਾਂ ਆਂਗਣਵਾੜੀ ਵਰਕਰਾਂ ਅਤੇ ਫਿਰ ਸਕੂਲ ਅਧਿਆਪਕਾਂ ਵੱਲੋਂ ਵੀ ਵਿਰੋਧ ਕੀਤਾ ਜਾ ਚੁੱਕਾ ਹੈ।

# ਰੇਸ਼ਮ ਉਤਪਾਦਨ ’ਚ ਚੀਨ ਨੂੰ ਪਛਾੜ ਕੇ ਭਾਰਤ ਬਣੇਗਾ ਨੰਬਰ ਵਨ, ਰੇਸ਼ਮ ਕਿਸਾਨਾਂ ਦੀ ਆਮਦਨ 12 ਲੱਖ ਕਰਨ ਦੀ ਤਿਆਰੀ !

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 2 ਅਕਤੂਬਰ। ਭਾਰਤ ਦੀ ਗਾਰਮੈਂਟ ਇੰਡਸਟਰੀ ਦੁਨੀਆ ਭਰ ’ਚ ਮਸ਼ਹੂਰ ਹੈ। ਇੱਥੋਂ ਦੇ ਕਈ ਫੈਬਰਿਕ ਅੰਤਰਰਾਸ਼ਟਰੀ ਬਾਜ਼ਾਰਾਂ ’ਚ ਕਾਫ਼ੀ ਡਿਮਾਂਡ ’ਚ ਰਹਿੰਦੇ ਹਨ, ਜਿਨ੍ਹਾਂ ’ਚੋਂ ਰੇਸ਼ਮ ਵੀ ਪ੍ਰਮੁੱਖ ਹੈ। ਕੇਂਦਰ ਸਰਕਾਰ ਨੇ ਦੇਸ਼ ’ਚ ਰੇਸ਼ਮ ਦਾ ਉਤਪਾਦਨ ਵਧਾਉਣ ਲਈ ਖਾਸ ਤਿਆਰੀ ਕਰ ਲਈ ਹੈ। ਸਰਕਾਰ ਦਾ ਟੀਚਾ 2030-31 ਤੱਕ ਦੇਸ਼ ਦਾ ਰੇਸ਼ਮ ਉਤਪਾਦਨ ਵਧਾ ਕੇ 60,000 ਟਨ ਕਰਨਾ ਹੈ। ਨਾਲ ਹੀ 2028-29 ਤੱਕ ਭਾਰਤ ਨੂੰ ਦੁਨੀਆ ਦਾ ਸਭ ਤੋਂ ਵੱਡਾ ਰੇਸ਼ਮ ਉਤਪਾਦਕ ਦੇਸ਼ ਬਣਾਉਣ ਦਾ ਸੰਕਲਪ ਲਿਆ ਗਿਆ ਹੈ। ਇਸ ਦੇ ਨਾਲ ਹੀ ਗਲੋਬਲ ਮਾਰਕੀਟ ’ਚ ਡਿਮਾਂਡ ਦੇ ਅਨੁਸਾਰ ਗੁਣਵੱਤਾ ਵਧਾਉਣ ’ਤੇ ਵੀ ਜ਼ੋਰ ਦਿੱਤਾ ਗਿਆ ਹੈ। ਬੈਂਗਲੁਰੂ ’ਚ ਕੇਂਦਰੀ ਰੇਸ਼ਮ ਬੋਰਡ ਫਾਊਂਡਰਜ਼ ਡੇ ਦੌਰਾਨ ਕੇਂਦਰੀ ਕੱਪੜਾ ਮੰਤਰੀ ਗਿਰਿਰਾਜ ਸਿੰਘ ਨੇ ਕਿਹਾ ਕਿ ਦੇਸ਼ ’ਚ ਰੇਸ਼ਮ ਉਤਪਾਦਨ 2014 ਦੇ 26,000 ਟਨ ਤੋਂ ਵਧ ਕੇ ਮੌਜੂਦਾ ਸਮੇਂ ’ਚ 42,000 ਟਨ ਤੱਕ ਪਹੁੰਚ ਗਿਆ ਹੈ। ਸਰਕਾਰ ਰੇਸ਼ਮ ਕਿਸਾਨਾਂ ਦੀ ਆਮਦਨ ਵਧਾਉਣ ਅਤੇ ਹੈ, ਜਦਕਿ ਚੀਨ ’ਚ ਉਤਪਾਦਨ ਘਟਣ ਦੀਆਂ ਖ਼ਬਰਾਂ ਹਨ। ਅਜਿਹੇ ’ਚ ਭਾਰਤ ਕੋਲ ਗਲੋਬਲ ਮਾਰਕੀਟ



ਸੇਰੀਕਲਚਰ (ਰੇਸ਼ਮ ਪਾਲਣ) ਖੇਤਰ ਦੇ ਵਿਸਥਾਰ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸ਼ਹਿਤੂਤ ਦੇ ਪੱਤਿਆਂ ਦਾ ਉਤਪਾਦਨ ਵਧਾਉਣ ਅਤੇ ਕੋਕੂਨ ਪਾਲਣ ਦੇ ਸਾਈਕਲ ’ਚ ਵਾਧੇ ਰਾਹੀਂ ਉਤਪਾਦਨ ਵਧਾਇਆ ਜਾਵੇਗਾ। ਸਰਕਾਰ ਦੀ ਕੋਸ਼ਿਸ਼ ਹੈ ਕਿ ਰੇਸ਼ਮ ਕਿਸਾਨਾਂ ਦੀ ਸਾਲਾਨਾ ਆਮਦਨ ?10 ਲੱਖ ਤੋਂ ਵਧਾ ਕੇ ?12 ਲੱਖ ਤੱਕ ਪਹੁੰਚਾਈ ਜਾਵੇ। ਗਿਰਿਰਾਜ ਸਿੰਘ ਨੇ ਕਿਹਾ ਕਿ ਅੰਤਰਰਾਸ਼ਟਰੀ ਬਾਜ਼ਾਰ ’ਚ ਭਾਰਤੀ ਰੇਸ਼ਮ ਦੀ ਮੰਗ ਵਧ ਰਹੀ ’ਚ ਆਪਣੀ ਹਿੱਸੇਦਾਰੀ ਵਧਾਉਣ ਦਾ ਵੱਡਾ ਮੌਕਾ ਹੈ। ਉਨ੍ਹਾਂ ਨੇ ਵਿਗਿਆਨੀਆਂ ਵੱਲੋਂ ਵਿਕਸਤ ਨਵੀਆਂ ਤਕਨੀਕਾਂ, ਉੱਨਤ ਹਾਈਬ੍ਰਿਡ ਕਿਸਮਾਂ ਅਤੇ ਆਧੁਨਿਕ ਮਸ਼ੀਨਰੀ ਨੂੰ ਸਿੱਧੇ ਕਿਸਾਨਾਂ ਤੱਕ ਪਹੁੰਚਾਉਣ ’ਤੇ ਜ਼ੋਰ ਦਿੱਤਾ। ਟੈਕਸਟਾਈਲ ਮੰਤਰਾਲੇ ’ਚ ਜੁਆਇੰਟ ਸੈਕਟਰੀ (ਸਿਲਕ) ਅਤੇ ਕੇਂਦਰੀ ਰੇਸ਼ਮ ਬੋਰਡ ਦੀ ਉਪ ਪ੍ਰਧਾਨ ਪਦਮਿਨੀ ਸਿੰਗਲਾ ਨੇ ਕਿਹਾ ਕਿ 2030-31 ਤੱਕ 60,000 ਮੀਟ੍ਰਿਕ ਟਨ ਰੇਸ਼ਮ ਉਤਪਾਦਨ ਦੇ ਟੀਚੇ ਨੂੰ ਹਾਸਲ ਕਰਨ ਲਈ ਉੱਚ ਉਤਪਾਦਕਤਾ ਵਾਲੇ ਰੇਸ਼ਮ ਕੀੜਿਆਂ ਦੀਆਂ ਕਿਸਮਾਂ ਅਤੇ ਆਧੁਨਿਕ ਮਸ਼ੀਨਰੀ ਲਿਆਂਦੀ ਜਾ ਰਹੀ ਹੈ। ਇਸ ਦੇ ਨਾਲ ਹੀ ਕੁਆਲਿਟੀ ਜਾਂਚ ਅਤੇ ਉਤਪਾਦਨ ਵਧਾਉਣ ਲਈ ਆਰਟੀਫਿਸ਼ੀਅਲ ਇੰਟੈਲੀਜੈਂਸ, ਅਤੇ ਮਸ਼ੀਨ ਲਰਨਿੰਗ ਵਰਗੀਆਂ ਤਕਨੀਕਾਂ ਦੀ ਵਰਤੋਂ ਕੀਤੀ ਜਾਵੇਗੀ। ਸੂਖਮ, ਲਘੂ ਅਤੇ ਦਰਮਿਆਨੇ ਉਦਯੋਗ ਰਾਜ ਮੰਤਰੀ ਸ਼ੋਭਾ ਕਰੰਦਲਾਜੇ ਨੇ ਕਿਹਾ ਕਿ ਕਰਨਾਟਕ ਦੇਸ਼ ਦੇ ਕੁੱਲ ਰੇਸ਼ਮ ਉਤਪਾਦਨ ’ਚ ਨੰਬਰ ਵਨ ਸੂਬਾ ਹੈ। ਸਰਕਾਰ ਇਸ ਖੇਤਰ ਨੂੰ ਮਜ਼ਬੂਤ ਬਣਾਉਣ ਲਈ ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਇੰਡਸਟਰੀ ਦੇ ਵਿਕਾਸ ’ਤੇ ਵਿਸ਼ੇਸ਼ ਧਿਆਨ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਮਾਡਰਨ ਟੈਕਨਾਲੋਜੀ ਅਤੇ ਹਾਈ ਡੈਂਸਿਟੀ ਪ੍ਰੋਡਕਸ਼ਨ ਮੈਥਡ ਨੂੰ ਅਪਨਾ ਕੇ ਗਲੋਬਲ ਐਕਸਪੋਰਟ ਮਾਪਦੰਡਾਂ ਦੇ ਅਨੁਕੂਲ ਰੇਸ਼ਮ ਉਤਪਾਦਨ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਇਸ ਨਾਲ ਘਰੇਲੂ ਉਤਪਾਦਨ ਵਧੇਗਾ ਅਤੇ ਆਯਾਤ ’ਤੇ ਨਿਰਭਰਤਾ ਘੱਟ ਹੋਵੇਗੀ। ਸਰਕਾਰ ਤਹਿਤ ਰਜਿਸਟ?ਰੇਸ਼ਨ ਕਰਵਾਉਣ ਵਾਲੇ ਉੱਦਮੀਆਂ ਨੂੰ ਸਬਸਿਡੀ ਅਤੇ ਗੁਣਵੱਤਾ ਸੁਧਾਰ ਯੋਜਨਾਵਾਂ ਰਾਹੀਂ ਵੀ ਸਹਾਇਤਾ ਪ੍ਰਦਾਨ ਕਰ ਰਹੀ ਹੈ।

# ਸੁਰਜੀਤ ਜਿਆਣੀ ਦੀਆਂ ਮੁਸ਼ਕਲਾਂ ’ਚ ਵਾਧਾ, ਕਥਿਤ ਇਤਰਾਜ਼ਯੋਗ ਟਿੱਪਣੀ ਮਾਮਲੇ ’ਚ ਡਾ. ਸੁਹਾਨੀ ਡੋਡਾ ਨੇ ਮਹਿਲਾ ਕਮਿਸ਼ਨ ਕੋਲ ਦਰਜ ਕਰਵਾਈ ਸ਼ਿਕਾਇਤ

ਅਬੋਹਰ 2 ਅਕਤੂਬਰ। ਸਾਬਕਾ ਕੈਬਨਿਟ ਮੰਤਰੀ ਸੁਰਜੀਤ ਕੁਮਾਰ ਜਿਆਣੀ ਵੱਲੋਂ ਆਪਣੇ ਖ਼?ਲਾਫ਼ ਕੀਤੀ ਗਈ ਕਥਿਤ ਅਭਦਰ ਅਤੇ ਇਤਰਾਜ਼ਯੋਗ ਟਿੱਪਣੀ ਦੇ ਮਾਮਲੇ ਨੂੰ ਲੈ ਕੇ ਆਮ ਆਦਮੀ ਪਾਰਟੀ ਦੀ ਅਬੋਹਰ ਹਲਕਾ ਇੰਚਾਰਜ ਡਾ. ਸੁਹਾਨੀ ਡੋਡਾ ਨੇ ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਕੋਲ ਸ਼ਿਕਾਇਤ ਦਰਜ ਕਰਵਾਈ ਹੈ। ਡਾ. ਸੁਹਾਨੀ ਡੋਡਾ ਨੇ ਦੱਸਿਆ ਕਿ ਉਹ ਇਸ ਮਾਮਲੇ ਸਬੰਧੀ ਅੱਜ ਮਹਿਲਾ ਕਮਿਸ਼ਨ ਦੇ ਸਮਕਸ਼ ਪੇਸ਼ ਹੋਈ ਅਤੇ ਆਪਣੀ ਸ਼ਿਕਾਇਤ ਦਰਜ ਕਰਵਾਈ। ਡਾ. ਸੁਹਾਨੀ ਡੋਡਾ ਨੇ ਕਿਹਾ ਕਿ ਕਿਸੇ ਮਹਿਲਾ ਪ੍ਰਤੀ ਅਜਿਹੀ ਭਾਸ਼ਾ ਦੀ ਵਰਤੋਂ ਕਿਸੇ ਵੀ ਸੂਰਤ ਵਿੱਚ ਸਵੀਕਾਰਯੋਗ ਨਹੀਂ ਹੈ। ਉਨ੍ਹਾਂ ਕਿਹਾ ਕਿ ਰਾਜਨੀਤਿਕ ਮਤਭੇਦ ਆਪਣੀ ਥਾਂ ’ਤੇ ਹਨ, ਪਰ ਕਿਸੇ ਵੀ ਮਹਿਲਾ ਦੀ ਇੱਜ਼ਤ, ਸਨਮਾਨ ਅਤੇ ਗਰਿਮਾ ਨਾਲ ਸਮਝੌਤਾ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਜਨਤਕ ਜੀਵਨ ਵਿੱਚ ਸਰਗਰਮ ਵਿਅਕਤੀਆਂ ਵੱਲੋਂ ਬਿਆਨਬਾਜ਼ੀ ਕਰਦੇ ਸਮੇਂ ਭਾਸ਼ਾ ਦੀ ਮਰਿਆਦਾ ਅਤੇ ਸਮਾਜਿਕ ਜ਼ਿੰਮੇਵਾਰੀ ਦਾ ਧਿਆਨ ਰੱਖਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਕਿਸੇ ਮਹਿਲਾ ਪ੍ਰਤੀ ਇਤਰਾਜ਼ਯੋਗ ਸ਼ਬਦਾਵਲੀ ਦੀ ਵਰਤੋਂ ਨੂੰ ਸਿਰਫ਼ ਸਿਆਸੀ ਜਾਂ ਨਿੱਜੀ ਵਿਵਾਦ ਤੱਕ ਸੀਮਤ ਨਹੀਂ ਕੀਤਾ ਜਾ ਸਕਦਾ, ਸਗੋਂ ਅਜਿਹੇ ਬਿਆਨਾਂ ਦਾ ਸਮਾਜ ’ਤੇ ਵੀ ਪ੍ਰਭਾਵ ਪੈਂਦਾ ਹੈ। ਡਾ. ਸੁਹਾਨੀ ਡੋਡਾ ਨੇ ਕਿਹਾ ਕਿ ਉਨ੍ਹਾਂ ਨੂੰ ਉਮੀਦ ਹੈ ਕਿ ਪੰਜਾਬ ਰਾਜ ਮਹਿਲਾ ਕਮਿਸ਼ਨ ਵੱਲੋਂ ਇਸ ਮਾਮਲੇ ਦਾ ਗੰਭੀਰਤਾ ਨਾਲ ਨੋਟਿਸ ਲੈਂਦਿਆਂ ਸ਼ਿਕਾਇਤ ’ਤੇ ਤੱਥਾਂ ਦੀ ਜਾਂਚ ਕੀਤੀ ਜਾਵੇਗੀ ਅਤੇ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਮਾਮਲਾ ਸਿਰਫ਼ ਉਨ੍ਹਾਂ ਦੇ ਨਿੱਜੀ ਸਨਮਾਨ ਨਾਲ ਸਬੰਧਤ ਨਹੀਂ ਹੈ, ਸਗੋਂ ਹਰ ਮਹਿਲਾ ਦੇ ਸਨਮਾਨ ਅਤੇ ਗਰਿਮਾ ਨਾਲ ਜੁੜਿਆ ਮੁੱਦਾ ਹੈ। ਉਨ੍ਹਾਂ ਕਿਹਾ ਕਿ ਮਹਿਲਾਵਾਂ ਪ੍ਰਤੀ ਸਤਿਕਾਰ ਅਤੇ ਸਨਮਾਨ ਦੀ ਭਾਵਨਾ ਨੂੰ ਸਮਾਜ ਵਿੱਚ ਮਜ਼ਬੂਤ ਕਰਨਾ ਹਰ ਵਿਅਕਤੀ ਦੀ ਸਾਂਝੀ ਜ਼ਿੰਮੇਵਾਰੀ ਹੈ। ਇਸ ਮਾਮਲੇ ਨੂੰ ਲੈ ਕੇ ਅਬੋਹਰ ਵਿੱਚ ਸਿਆਸੀ ਮਾਹੌਲ ਗਰਮਾਇਆ ਹੋਇਆ ਹੈ। ਡਾ. ਸੁਹਾਨੀ ਡੋਡਾ ਵੱਲੋਂ ਮਹਿਲਾ ਕਮਿਸ਼ਨ ਕੋਲ ਸ਼ਿਕਾਇਤ ਦਰਜ ਕਰਵਾਏ ਜਾਣ ਤੋਂ ਬਾਅਦ ਮਾਮਲਾ ਹੋਰ ਚਰਚਾ ਵਿੱਚ ਆ ਗਿਆ ਹੈ। ਹੁਣ ਇਸ ਮਾਮਲੇ ਵਿੱਚ ਸੁਰਜੀਤ ਕੁਮਾਰ ਜਿਆਣੀ ਵੱਲੋਂ ਦਿੱਤਾ ਜਾਣ ਵਾਲਾ ਪੱਖ ਅਤੇ ਮਹਿਲਾ ਕਮਿਸ਼ਨ ਵੱਲੋਂ ਕੀਤੀ ਜਾਣ ਵਾਲੀ ਅਗਲੀ ਕਾਰਵਾਈ ’ਤੇ ਨਜ਼ਰ ਰਹੇਗੀ।

# 47.3 ਕਿਲੋ ਹੈਰੋਇਨ ਤੋਂ ਬਾਅਦ 6.7 ਕਿਲੋ ਹੋਰ ਬਰਾਮਦ, ਕੁੱਲ 54 ਕਿਲੋ ਹੈਰੋਇਨ ਦੀ ਬਰਾਮਦਗੀ

**ਕੌਮੀ ਪਤ੍ਰਿਕਾ**

ਫਰੀਦਕੋਟ 2 ਅਕਤੂਬਰ। ਐੱਸ.ਐੱਸ. ਪੀ. ਗੁਰਬੰਸ ਸਿੰਘ ਬੈਂਸ ਦੀ ਅਗਵਾਈ ਹੇਠ ਫਰੀਦਕੋਟ ਪੁਲਸ ਵੱਲੋਂ ਨਸ਼ਾ ਤਸਕਰੀ ਖ਼?ਲਾਫ਼ ਚਲਾਈ ਮੁਹਿੰਮ ਤਹਿਤ ਸਰਹੱਦ ਪਾਰੋਂ ਹੈਰੋਇਨ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ ਪਹਿਲਾਂ 4 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ’ਚੋਂ 47.3 ਕਿਲੋ ਹੈਰੋਇਨ, .30 ਬੋਰ ਦੇ 3 ਪਿਸਤੌਲ, 3 ਮੈਗਜ਼ੀਨ ਅਤੇ 15 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ ਸਨ। ਹੁਣ ਇਸ ਮਾਮਲੇ ਦੀ ਤਫਤੀਸ਼ ਨੂੰ ਅੱਗੇ ਤੋਰਦਿਆਂ ਮੁੱਖ ਮੁਲਜ਼ਮ ਦੀ ਨਿਸ਼ਾਨਦੇਹੀ ’ਤੇ 6.7 ਕਿਲੋ ਹੋਰ ਹੈਰੋਇਨ ਬਰਾਮਦ ਕੀਤੀ ਗਈ ਹੈ। ਇਸ ਤਰ੍ਹਾਂ ਮਾਮਲੇ ਵਿੱਚ ਹੁਣ ਤੱਕ ਕੁੱਲ 54 ਕਿਲੋ ਹੈਰੋਇਨ ਬਰਾਮਦ ਹੋ ਚੁੱਕੀ ਹੈ। ਇਹ ਜਾਣਕਾਰੀ ਐੱਸ.ਪੀ. ਇਨਵੈਸਟੀਗੇਸ਼ਨ ਨਰਿੰਦਰ ਸਿੰਘ ਵੱਲੋਂ ਪ੍ਰੈੱਸ ਨਾਲ ਸਾਂਝੀ ਕੀਤੀ ਗਈ। ਉਨ੍ਹਾਂ ਦੱਸਿਆ ਕਿ ਬਾਬਾ ਫਰੀਦ ਆਗਮਨ ਪੁਰਬ ਦੇ ਮੱਦੇਨਜ਼ਰ ਜ਼ਿਲ੍ਹੇ ਵਿਚ ਵਿਸ਼ੇਸ਼ ਨਾਕਾਬੰਦੀ ਕੀਤੀ ਹੋਈ ਸੀ। ਇਸੇ ਦੌਰਾਨ ਸ਼ਨੀਵਾਰ ਅਤੇ ਐਤਵਾਰ ਦੀ ਦਰਮਿਆਨੀ ਰਾਤ ਨੂੰ ਸੀ.ਆਈ.ਏ. ਫਰੀਦਕੋਟ ਦੀ ਪੁਲਸ ਟੀਮ ਨੇ ਇੱਕ ਕਾਰ ਨੂੰ ਰੋਕ ਕੇ ਉਸ ਵਿੱਚ ਸਵਾਰ ਚਾਰ ਨੌਜਵਾਨਾਂ ਨੂੰ ਕਾਬੂ ਕੀਤਾ ਸੀ। ਕਾਰ ਦੀ ਤਲਾਸ਼ੀ ਦੌਰਾਨ ਭਾਰੀ ਮਾਤਰਾ ਵਿੱਚ ਹੈਰੋਇਨ, ਗੈਰ-ਕਾਨੂੰਨੀ ਹਥਿਆਰ ਅਤੇ ਜ਼ਿੰਦਾ ਰੌਂਦ ਬਰਾਮਦ ਕੀਤੇ ਗਏ ਸਨ। ਗ੍ਰਿਫ਼ਤਾਰ ਮੁਲਜ਼ਮਾਂ ਦੀ ਪਛਾਣ ਅੰਕੁਸ਼ ਵਾਸੀ ਘੁਬਾਇਆ, ਮੰਗਲ ਸਿੰਘ ਵਾਸੀ ਪੰਜੇ ਕੇ ਉੱਤਰ, ਸਚਿਨ ਉਰਫ਼ ਸੰਜੂ ਵਾਸੀ ਪਰਭਾਤ ਸਿੰਘ ਵਾਲਾ ਅਤੇ ਅਨਮੋਲ ਸਿੰਘ ਵਾਸੀ ਲਾਮੋਚੜ ਖੁਰਦ, ਸਾਰੇ ਜ਼ਿਲ੍ਹਾ ਫਿਰੋਜ਼ਪੁਰ ਵਜੋਂ ਹੋਈ ਸੀ। ਐੱਸ.ਪੀ. ਨਰਿੰਦਰ ਸਿੰਘ ਨੇ ਦੱਸਿਆ ਕਿ ਮੁਲਜ਼ਮਾਂ ਤੋਂ ਦੌਰਾਨੇ ਪੁੱਛਗਿੱਛ ਮੁੱਖ ਮੁਲਜ਼ਮ ਮੰਗਲ ਸਿੰਘ ਨੇ ਖੁਲਾਸਾ ਕੀਤਾ ਕਿ ਜਿਸ ਦਿਨ ਸਰਹੱਦ ਪਾਰੋਂ ਡਰੋਨ ਰਾਹੀਂ ਹੈਰੋਇਨ ਦੀ ਖੇਪ ਮੰਗਵਾਈ ਗਈ ਸੀ, ਉਸ ਦਿਨ ਖੇਪ ਦਾ ਕੁਝ ਹਿੱਸਾ ਸਰਹੱਦੀ ਇਲਾਕੇ



ਵਿਚ ਹੀ ਰਹਿ ਗਿਆ ਸੀ। ਮੁਲਜ਼ਮ ਨੇ ਪੁਲਸ ਨੂੰ ਦੱਸਿਆ ਕਿ ਉਹ ਬਾਕੀ ਰਹਿੰਦੀ ਕੰਸਾਇਨਮੈਂਟ ਬਰਾਮਦ ਕਰਵਾ ਸਕਦਾ ਹੈ। ਮੁਲਜ਼ਮ ਦੇ ਇਸ ਖੁਲਾਸੇ ਤੋਂ ਬਾਅਦ ਐੱਸ.ਐੱਸ.ਪੀ. ਗੁਰਬੰਸ ਸਿੰਘ ਬੈਂਸ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪੁਲਸ ਵੱਲੋਂ ਬੀ.ਐੱਸ.ਐੱਫ. ਨਾਲ ਤਾਲਮੇਲ ਕਰਕੇ ਮੰਗਲ ਸਿੰਘ ਦੀ ਨਿਸ਼ਾਨਦੇਹੀ ’ਤੇ ਸਰਹੱਦੀ ਇਲਾਕੇ ਵਿਚ ਤਲਾਸ਼ੀ ਮੁਹਿੰਮ ਚਲਾਈ ਗਈ। ਇਸ ਦੌਰਾਨ 6.7 ਕਿਲੋ ਹੈਰੋਇਨ ਬਰਾਮਦ ਕੀਤੀ ਗਈ। ਇਸ ਤਰ੍ਹਾਂ ਪਹਿਲਾਂ ਬਰਾਮਦ ਹੋਈ 47.3 ਕਿਲੋ ਹੈਰੋਇਨ ਸਮੇਤ ਕੁੱਲ ਬਰਾਮਦਗੀ 54 ਕਿਲੋ ਤੱਕ ਪਹੁੰਚ ਗਈ ਹੈ। ਐੱਸ.ਪੀ. ਨਰਿੰਦਰ ਸਿੰਘ ਨੇ ਦੱਸਿਆ ਕਿ ਬਾਕੀ ਮੁਲਜ਼ਮਾਂ ਤੋਂ ਪੁੱਛਗਿੱਛ ਜਾਰੀ ਹੈ। ਉਨ੍ਹਾਂ ਕਿਹਾ ਕਿ ਜੇਕਰ ਇਸ ਮਾਮਲੇ ਵਿਚ ਕੋਈ ਹੋਰ ਵਿਅਕਤੀ ਸ਼ਾਮਲ ਪਾਇਆ ਗਿਆ ਤਾਂ ਉਸ ਖ਼?ਲਾਫ਼ ਵੀ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਤਫਤੀਸ਼ ਦੌਰਾਨ ਜਿਵੇਂ-ਜਿਵੇਂ ਨਵੇਂ ਤੱਥ ਸਾਹਮਣੇ ਆਉਣਗੇ, ਉਸੇ ਅਨੁਸਾਰ ਅਗਲੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਪੁਲਸ ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਹੈ ਕਿ ਉਕਤ ਗਿਰੋਹ ਫਾਜ਼ਿਲਕਾ ਅਤੇ ਫਿਰੋਜ਼ਪੁਰ ਦੇ ਸਰਹੱਦੀ ਇਲਾਕਿਆਂ ਵਿਚ ਡਰੋਨ ਰਾਹੀਂ ਸਰਹੱਦ ਪਾਰੋਂ ਸੁੱਟੀਆਂ ਜਾਂਦੀਆਂ ਹੈਰੋਇਨ ਅਤੇ ਹਥਿਆਰਾਂ ਦੀਆਂ ਖੇਪਾਂ ਪ੍ਰਾਪਤ ਕਰਦਾ ਸੀ। ਇਸ ਤੋਂ ਬਾਅਦ ਇਹ ਖੇਪਾਂ ਸੂਬੇ ਦੇ ਵੱਖ-ਵੱਖ ਹਿੱਸਿਆਂ ਵਿੱਚ ਸਪਲਾਈ ਕੀਤੀਆਂ ਜਾਂਦੀਆਂ ਸਨ। ਪੁਲਸ ਵੱਲੋਂ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਦਿਆਂ ਨੈੱਟਵਰਕ ਨਾਲ ਜੁੜੇ ਹੋਰ ਵਿਅਕਤੀਆਂ ਦੀ ਭਾਲ ਕੀਤੀ ਜਾ ਰਹੀ ਹੈ।

## ਕਾਲਜਾਂ ਦੀਆਂ ਲਾਇਬ੍ਰੇਰੀਆਂ ’ਚੋਂ ਹਟਾਈਆਂ ਹਜ਼ਾਰਾਂ ਵਿਵਾਦਿਤ ਕਿਤਾਬਾਂ

ਨੈਸ਼ਨਲ ਡੈਸਕ 2 ਅਕਤੂਬਰ। ਜੰਮੂ-ਕਸ਼ਮੀਰ ਸਰਕਾਰ ਨੇ ਲਗਭਗ 22 ਲੱਖ ਕਿਤਾਬਾਂ ਅਤੇ ਪ੍ਰਕਾਸ਼ਨਾਂ ਦੀ ਜਾਂਚ ਕਰਨ ਤੋਂ ਬਾਅਦ ਕੇਂਦਰ ਸ਼ਾਸਤ ਪ੍ਰਦੇਸ਼ ਦੇ ਕਾਲਜਾਂ ਤੋਂ ਇਤਰਾਜ਼ਯੋਗ ਸਮੱਗਰੀ ਵਾਲੀਆਂ 4,700 ਤੋਂ ਵੱਧ ਕਿਤਾਬਾਂ ਹਟਾ ਦਿੱਤੀਆਂ ਹਨ, ਜਿਨ੍ਹਾਂ ਵਿੱਚ ਪਾਬੰਦੀਸ਼ੁਦਾ ਕਿਤਾਬਾਂ ਵੀ ਸ਼ਾਮਲ ਹਨ। ਲੰਗੇਟ ਤੋਂ ਅਵਾਮੀ ਇੱਤੇਹਾਦ ਪਾਰਟੀ (ਏਆਈਪੀ) ਦੇ ਵਿਧਾਇਕ ਖੁਰਸ਼ੀਦ ਅਹਿਮਦ ਸ਼ੇਖ ਦੁਆਰਾ ਵਿਧਾਨ ਸਭਾ ਵਿੱਚ ਪੁੱਛੇ ਗਏ ਇੱਕ ਸਵਾਲ ਦੇ ਲਿਖਤੀ ਜਵਾਬ ਵਿੱਚ ਸਰਕਾਰ ਨੇ ਕਿਹਾ ਕਿ ਹੁਣ ਤੱਕ 2,181,582 ਕਿਤਾਬਾਂ ਤੇ ਪ੍ਰਕਾਸ਼ਨਾਂ ਦੀ ਜਾਂਚ ਕੀਤੀ ਗਈ ਹੈ। ਉੱਚ ਸਿੱਖਿਆ ਵਿਭਾਗ ਨੇ ਆਪਣੇ ਜਵਾਬ ਵਿੱਚ ਕਿਹਾ ਕਿ ਇਨ੍ਹਾਂ ਵਿੱਚੋਂ 932,941 ਕਿਤਾਬਾਂ ਅਤੇ ਪ੍ਰਕਾਸ਼ਨਾਂ ਦੀ ਜਾਂਚ ਜੰਮੂ ਡਿਵੀਜ਼ਨ ਵਿੱਚ ਕੀਤੀ ਗਈ ਸੀ, ਜਦੋਂ ਕਿ 1,248,641 ਦੀ ਕਸ਼ਮੀਰ ਡਿਵੀਜ਼ਨ ਵਿੱਚ ਜਾਂਚ ਕੀਤੀ ਗਈ ਸੀ। ਸਰਕਾਰ ਨੇ ਕਿਹਾ ਕਿ ਉਸਨੇ 4,767 ਕਿਤਾਬਾਂ ਨੂੰ ਸਰਕੂਲੇਸ਼ਨ ਤੋਂ ਹਟਾ ਦਿੱਤਾ ਹੈ, ਜਿਸ ਵਿੱਚ 518 ਪਾਬੰਦੀਸ਼ੁਦਾ ਪ੍ਰਕਾਸ਼ਨ ਸ਼ਾਮਲ ਹਨ। ਇਸ ਵਿੱਚ ਦੱਸਿਆ ਗਿਆ ਹੈ ਕਿ ਜੰਮੂ ਖੇਤਰ ਵਿੱਚ 293 ਕਿਤਾਬਾਂ ਹਟਾ ਦਿੱਤੀਆਂ ਗਈਆਂ ਸਨ, ਜਦੋਂ ਕਿ ਕਸ਼ਮੀਰ ਘਾਟੀ ਤੋਂ 4,474 ਕਿਤਾਬਾਂ ਹਟਾ ਦਿੱਤੀਆਂ ਗਈਆਂ ਸਨ। ਸਰਕਾਰ ਨੇ ਮਾਹਿਰਾਂ ਦੀ ਜਾਂਚ ਲਈ ਕਾਲਜ ਡਾਇਰੈਕਟਰਾਂ ਨੂੰ 1,752 ਕਿਤਾਬਾਂ ਵੀ ਭੇਜੀਆਂ, ਜਿਨ੍ਹਾਂ ਵਿੱਚੋਂ 538 ਜੰਮੂ ਤੋਂ ਅਤੇ 1,214 ਕਸ਼ਮੀਰ ਤੋਂ ਹਨ। ਇਸ ਵਿੱਚ ਕਿਹਾ ਗਿਆ ਹੈ ਕਿ ਕਾਲਜਾਂ ਵਿੱਚ ਉਪਲਬਧ ਕਿਤਾਬਾਂ ਦੀ ਜਾਂਚ ਕਰਦੇ ਸਮੇਂ ਇਤਰਾਜ਼ਯੋਗ ਸਮੱਗਰੀ ਦੀ ਪਛਾਣ ਕਰਨ ਲਈ ਸਪੱਸ਼ਟ ਅਤੇ ਉਦੇਸ਼ਪੂਰਨ ਮਾਪਦੰਡ ਅਪਣਾਏ ਗਏ ਸਨ। ਹਾਲਾਂਕਿ, ਸਰਕਾਰ ਨੇ ਕਿਹਾ ਕਿ ਵਿਭਾਗ ਦੇ ਅੰਦਰ ਇਤਰਾਜ਼ਯੋਗ ਕਿਤਾਬਾਂ ਅਤੇ ਸਮੱਗਰੀ ਦੀ ਜਾਂਚ ਅਤੇ ਹਟਾਉਣ ਦੀ ਪ੍ਰਕਿਰਿਆ ਅਜੇ ਵੀ ਜਾਰੀ ਹੈ। ਸਰਕਾਰ ਨੇ ਕਿਹਾ ਕਿ ਅਜਿਹੀ ਕਾਰਵਾਈ ਇਸ ਤੱਥ ’ਤੇ ਅਧਾਰਤ ਹੈ ਕਿ ਉੱਚ ਸਿੱਖਿਆ ਸੰਸਥਾਵਾਂ ਉੱਚ ਸਿੱਖਿਆ, ਖੋਜ ਅਤੇ ਅਕਾਦਮਿਕ ਉੱਤਮਤਾ ਦੇ ਕੇਂਦਰ ਹਨ ਅਤੇ ਉਨ੍ਹਾਂ ਤੋਂ ਇੱਕ ਅਜਿਹਾ ਮਾਹੌਲ ਪੈਦਾ ਕਰਨ ਦੀ ਉਮੀਦ ਕੀਤੀ ਜਾਂਦੀ ਹੈ ਜੋ ਸੰਵਿਧਾਨਕ ਕਦਰਾਂ-ਕੀਮਤਾਂ, ਅਕਾਦਮਿਕ ਆਜ਼ਾਦੀ, ਵਿਗਿਆਨਕ ਸੁਭਾਅ, ਜ਼ਿੰਮੇਵਾਰ ਨਾਗਰਿਕਤਾ ਅਤੇ ਭਾਰਤ ਦੀ ਪ੍ਰਭੂਸੱਤਾ, ਏਕਤਾ ਅਤੇ ਅਖੰਡਤਾ ਲਈ ਸਤਿਕਾਰ ਨੂੰ ਬਰਕਰਾਰ ਰੱਖਦਾ ਹੈ। ਇਹ ਜਾਂਚ ਜੁਲਾਈ ਵਿੱਚ ਸਿੱਖਿਆ ਵਿਭਾਗ ਅਤੇ ਯੂਨੀਵਰਸਿਟੀਆਂ ਦੁਆਰਾ ਜਾਰੀ ਕੀਤੇ ਗਏ ਆਦੇਸ਼ਾਂ ਦੀ ਪਾਲਣਾ ਕਰਦੀ ਹੈ, ਜਿਸ ਵਿੱਚ ਉਨ੍ਹਾਂ ਨੂੰ ਸਾਰੀਆਂ ਕਿਤਾਬਾਂ ਦੀ ਜਾਂਚ ਕਰਨ ਦਾ ਨਿਰਦੇਸ਼ ਦਿੱਤਾ ਗਿਆ ਸੀ। ਇਹ ਆਦੇਸ਼ ਇਤਰਾਜ਼ਯੋਗ ਸਮੱਗਰੀ ਵਾਲੀਆਂ ਦੋ ਕਿਤਾਬਾਂ ਦੀ ਖਰੀਦ ’ਤੇ ਵਿਵਾਦ ਤੋਂ ਬਾਅਦ ਜਾਰੀ ਕੀਤੇ ਗਏ ਸਨ।

## ਪਿਓ ਦੇ ਕਤਲ ਦਾ ਬਦਲਾ ਲੈਣ ਲਈ 46 ਸਾਲ ਬਾਅਦ ਕਰਵਾਇਆ ਪੁੱਤ ਦਾ ਕਤਲ

ਟਾਂਡਾ ਉੜਮੁੜ 2 ਅਕਤੂਬਰ। ਟਾਂਡਾ ਦੇ ਲਹੌਰੀਆ ਮੁਹੱਲੇ ’ਚ 14 ਸਤੰਬਰ ਨੂੰ ਹੋਏ ਬਜ਼ੁਰਗ ਗੁਲਜ਼ਾਰ ਸਿੰਘ ਦੇ ਕਤਲ ਦੀ ਗੁੱਥੀ ਪੁਲਿਸ ਨੇ ਸੁਲਝਾ ਲਈ ਹੈ। ਪੁਲਿਸ ਨੇ ਹੁਣ ਤੱਕ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ, ਜਦਕਿ ਇੱਕ ਮੁਲਜ਼ਮ ਹਾਦਸੇ ’ਚ ਜ਼ਖ਼ਮੀ ਹੋਣ ਕਾਰਨ ਹਸਪਤਾਲ ’ਚ ਇਲਾਜ ਅਧੀਨ ਹੈ ਅਤੇ ਇੱਕ ਦੀ ਗ੍ਰਿਫ਼ਤਾਰੀ ਬਾਕੀ ਹੈ। ਡੀਐੱਸਪੀ ਟਾਂਡਾ ਦਵਿੰਦਰ ਸਿੰਘ ਬਾਜਵਾ ਨੇ ਪ੍ਰੈੱਸ ਕਾਨਫ਼ਰੰਸ ਦੌਰਾਨ ਇਹ ਜਾਣਕਾਰੀ ਦਿੱਤੀ। ਪੁਲਿਸ ਅਨੁਸਾਰ ਕਤਲ ਮਾਮਲੇ ’ਚ ਕਰਨ ਉਰਫ਼ ਭੀਚਾ ਨੂੰ 22 ਸਤੰਬਰ ਨੂੰ ਕਾਬੂ ਕੀਤਾ ਗਿਆ। ਪੁੱਛਗਿੱਛ ਦੌਰਾਨ ਉਸ ਨੇ ਦੱਸਿਆ ਕਿ ਕਤਲ ਦੀ ਵਾਰਦਾਤ ਬਾਬਾ ਤੇਜਿੰਦਰ ਸਿੰਘ ਉਰਫ਼ ਬਿੱਟੂ ਅਤੇ ਡਾਕਟਰ ਬਲਵਿੰਦਰ ਸਿੰਘ ਭਾਟੀਆ ਨੇ ਕਥਿਤ ਤੌਰ ’ਤੇ ਸੁਪਾਰੀ ਲੈ ਕੇ ਕੀਤੀ ਸੀ। ਇਸ ਮਗਰੋਂ ਪੁਲਿਸ ਨੇ ਕਤਲ ਦੇ ਕਥਿਤ ਮਾਸਟਰਮਾਈਂਡ ਤੇਜਿੰਦਰ ਸਿੰਘ ਉਰਫ਼ ਬਿੱਟੂ ਨੂੰ ਵੀ ਗ੍ਰਿਫ਼ਤਾਰ ਕਰ ਲਿਆ। ਡੀਐੱਸਪੀ ਮੁਤਾਬਕ ਪੁੱਛਗਿੱਛ ਦੌਰਾਨ ਬਿੱਟੂ ਨੇ ਦੱਸਿਆ ਕਿ ਗੁਲਜ਼ਾਰ ਸਿੰਘ ਦਾ ਕਤਲ ਅਮਰੀਕਾ ਰਹਿੰਦੇ ਜਗਜੀਤ ਸਿੰਘ ਦੇ ਕਹਿਣ ’ਤੇ ਕਰਵਾਇਆ ਗਿਆ। ਪੁਲਿਸ ਅਨੁਸਾਰ ਜਗਜੀਤ ਸਿੰਘ ਦੇ ਭਰਾ ਜੈ ਦੇਵ ਸਿੰਘ ਦਾ 1980 ’ਚ ਗੁਲਜ਼ਾਰ ਸਿੰਘ ਦੇ ਪਿਤਾ ਪ੍ਰਲਾਦ ਸਿੰਘ ਨੇ ਕਤਲ ਕੀਤਾ ਸੀ। ਇਸ ਪੁਰਾਣੀ ਰੰਜਿਸ਼ ਦੇ ਚੱਲਦਿਆਂ ਜਗਜੀਤ ਨੇ ਕਥਿਤ ਤੌਰ ’ਤੇ ਗੁਲਜ਼ਾਰ ਸਿੰਘ ਨੂੰ ਨਿਸ਼ਾਨਾ ਬਣਾਇਆ। ਪੁਲਿਸ ਮੁਤਾਬਕ ਜਗਜੀਤ ਸਿੰਘ ਨੇ ਵਿਦੇਸ਼ ਤੋਂ ਪੈਸੇ ਭੇਜੇ, ਜੋ ਬਿੱਟੂ ਰਾਹੀਂ ਜਤਿੰਦਰ ਸਿੰਘ ਉਰਫ਼ ਲਾਡਾ ਤੱਕ ਪਹੁੰਚੇ। ਲਾਡਾ ਇਸ ਮਾਮਲੇ ’ਚ ਲੋੜੀਂਦਾ ਹੈ ਅਤੇ ਹਾਦਸੇ ’ਚ ਜ਼ਖ਼ਮੀ ਹੋਣ ਕਾਰਨ ਹਸਪਤਾਲ ’ਚ ਇਲਾਜ ਅਧੀਨ ਹੈ। ਪੁਲਿਸ ਨੇ ਤੇਜਿੰਦਰ ਸਿੰਘ, ਕਰਨ ਉਰਫ਼ ਭੀਚਾ, ਸਾਹਿਬ ਸਿੰਘ ਅਤੇ ਬਲਵਿੰਦਰ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਹੈ। ਜਗਜੀਤ ਸਿੰਘ ਦੀ ਗ੍ਰਿਫ਼ਤਾਰੀ ਬਾਕੀ ਹੈ।

# ਸੁੱਖਮਿੰਦਰਪਾਲ ਸਿੰਘ ਗਰੇਵਾਲ ਭੂਖੜੀ ਕਲਾਂ ਲੋਕ ਜਨਸ਼ਕਤੀ ਪਾਰਟੀ ਵਿਚ ਸ਼ਾਮਲ

**ਕੌਮੀ ਪਤ੍ਰਿਕਾ**

ਜੈਤੋ 2 ਅਕਤੂਬਰ। ਇਕ ਅਹਿਮ ਸਿਆਸੀ ਘਟਨਾਕ੍ਰਮ ਤਹਿਤ ਪੰਜਾਬ ਦੇ ਸੀਨੀਅਰ ਰਾਸ਼ਟਰੀ ਸਿਆਸੀ ਆਗੂ, ਵਕੀਲ ਅਤੇ ਨੰਬਰਦਾਰ ਸੁੱਖਮਿੰਦਰਪਾਲ ਸਿੰਘ ਗਰੇਵਾਲ ਭੂਖੜੀ ਕਲਾਂ ਅੱਜ ਨਵੀਂ ਦਿੱਲੀ ਵਿਖੇ ਲੋਕ ਜਨਸ਼ਕਤੀ ਪਾਰਟੀ (ਰਾਮ ਵਿਲਾਸ) ਦੇ ਕੇਂਦਰੀ ਦਫ਼ਤਰ ਵਿਚ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਚਿਰਾਗ ਪਾਸਵਾਨ ਅਤੇ ਰਾਸ਼ਟਰੀ ਜਥੇਬੰਦਕ ਜਨਰਲ ਸਕੱਤਰ ਡਾ. ਕੇ.ਪੀ. ਚੌਧਰੀ ਦੀ ਮੌਜੂਦਗੀ ਵਿਚ ਲੋਕ ਜਨਸ਼ਕਤੀ ਪਾਰਟੀ (ਰਾਮ ਵਿਲਾਸ) ਵਿਚ ਸ਼ਾਮਲ ਹੋ ਗਏ। ਸੁੱਖਮਿੰਦਰਪਾਲ ਸਿੰਘ ਗਰੇਵਾਲ ਭੂਖੜੀ ਕਲਾਂ ਕਈ ਦਹਾਕਿਆਂ ਤੋਂ ਜਨਤਕ ਅਤੇ ਸਿਆਸੀ ਜੀਵਨ ਨਾਲ ਜੁੜੇ ਹੋਏ ਹਨ। ਉਹ ਪਿੰਡ ਭੂਖੜੀ ਕਲਾਂ, ਜ਼ਿਲ੍ਹਾ ਲੁਧਿਆਣਾ, ਪੰਜਾਬ ਦੇ ਪੱਕੇ ਵਸਨੀਕ ਹਨ। ਉਹ ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ ਵਿਖੇ ਵਕੀਲ ਵਜੋਂ ਪ੍ਰੈਕਟਿਸ ਕਰ ਰਹੇ ਹਨ। ਇਸ ਦੇ ਨਾਲ ਹੀ ਉਹ ਖੇਤੀਬਾੜੀ ਨਾਲ ਜੁੜੇ ਹੋਏ ਹਨ ਅਤੇ ਪਿੰਡ ਭੂਖੜੀ ਕਲਾਂ ਦੇ ਨੰਬਰਦਾਰ ਹਨ। ਉਨ੍ਹਾਂ ਦੇ ਜਨਤਕ ਜੀਵਨ ਦੌਰਾਨ ਕਿਸਾਨਾਂ, ਪੇਂਡੂ ਭਾਈਚਾਰੇ, ਨੌਜਵਾਨਾਂ, ਸਮਾਜ ਭਲਾਈ, ਕੌਮੀ ਸੁਰੱਖਿਆ ਅਤੇ ਪੰਜਾਬ ਨਾਲ ਸਬੰਧਤ ਵੱਖ-ਵੱਖ ਮੁੱਦੇ ਮੁੱਖ ਤੌਰ ’ਤੇ ਉਨ੍ਹਾਂ ਦੇ ਕੰਮ ਦਾ ਹਿੱਸਾ ਰਹੇ ਹਨ। ਸੁੱਖਮਿੰਦਰਪਾਲ ਸਿੰਘ ਗਰੇਵਾਲ ਨੇ ਆਪਣਾ ਸਿਆਸੀ ਸਫ਼ਰ ਅਖਿਲ ਭਾਰਤੀ ਵਿਦਿਆਰਥੀ ਪਰਿਸ਼ਦ (ਏਬੀਵੀਪੀ) ਤੋਂ ਸ਼ੁਰੂ ਕੀਤਾ ਅਤੇ ਸਾਲ 1992 ਵਿਚ ਭਾਰਤੀ ਜਨਤਾ ਪਾਰਟੀ ਵਿਚ ਸ਼ਾਮਲ ਹੋਏ। ਆਪਣੇ ਲੰਮੇ ਜਥੇਬੰਦਕ ਸਫ਼ਰ ਦੌਰਾਨ ਉਨ੍ਹਾਂ ਨੇ ਭਾਜਪਾ ਕਿਸਾਨ ਮੋਰਚਾ ਅਤੇ ਭਾਜਪਾ ਯੁਵਾ ਮੋਰਚਾ ਵਿਚ ਵੱਖ-ਵੱਖ ਜ਼ਿੰਮੇਵਾਰੀਆਂ ਨਿਭਾਈਆਂ। ਉਹ ਲਗਾਤਾਰ ਛੇ ਕਾਰਜਕਾਲਾਂ ਤੱਕ



ਭਾਜਪਾ ਕਿਸਾਨ ਮੋਰਚਾ ਦੇ ਕੌਮੀ ਸਕੱਤਰ ਰਹੇ। ਇਸ ਤੋਂ ਇਲਾਵਾ ਉਨ੍ਹਾਂ ਨੇ ਲਗਾਤਾਰ ਅੱਠ ਸਾਲ ਭਾਜਪਾ ਕਿਸਾਨ ਮੋਰਚਾ, ਜੰਮੂ-ਕਸ਼ਮੀਰ ਦੇ ਪ੍ਰਭਾਰੀ ਵਜੋਂ ਵੀ ਜ਼ਿੰਮੇਵਾਰੀ ਨਿਭਾਈ। ਸੁੱਖਮਿੰਦਰਪਾਲ ਸਿੰਘ ਗਰੇਵਾਲ ਨੇ ਲਗਾਤਾਰ ਕਿਸਾਨਾਂ, ਖੇਤੀਬਾੜੀ ਵਾਲੀ ਜ਼ਮੀਨ, ਪੇਂਡੂ ਵਿਕਾਸ, ਰੋਜ਼ਗਾਰ, ਨਸ਼ਿਆਂ ਖ਼?ਲਾਫ਼ ਜਾਗਰੂਕਤਾ ਅਤੇ ਪੰਜਾਬ ਦੇ ਪਿੰਡਾਂ ਦੀ ਭਲਾਈ ਨਾਲ ਜੁੜੇ ਮੁੱਦੇ ਉਠਾਏ ਹਨ। ਇਸ ਦੇ ਨਾਲ ਹੀ ਉਹ ਕੌਮੀ ਸੁਰੱਖਿਆ, ਅੱਤਵਾਦ, ਕੌਮੀ ਏਕਤਾ ਅਤੇ ਸੰਵਿਧਾਨਕ ਕਦਰਾਂ-ਕੀਮਤਾਂ ਨਾਲ ਜੁੜੇ ਮੁੱਦਿਆਂ ’ਤੇ ਵੀ ਆਪਣੀ ਆਵਾਜ਼ ਬੁਲੰਦ ਕਰਦੇ ਰਹੇ ਹਨ। ਜੰਮੂ-ਕਸ਼ਮੀਰ ਨਾਲ ਜੁੜੀ ਆਪਣੀ ਜਥੇਬੰਦਕ ਜ਼ਿੰਮੇਵਾਰੀ ਦੌਰਾਨ ਗਰੇਵਾਲ ਨੇ ਸਿੱਖ ਭਾਈਚਾਰੇ ਨਾਲ ਸਬੰਧਤ ਮੁੱਦਿਆਂ ਅਤੇ ਦੂਰ-ਦੁਰਾਡੇ ਇਲਾਕਿਆਂ ਦੀਆਂ ਵਿਕਾਸ ਸਬੰਧੀ ਲੋੜਾਂ ਨੂੰ ਉਜਾਗਰ ਕੀਤਾ। ਉਹ ਚਿੱਟੀਸਿੰਘਪੋਰਾ ਨਾਲ ਜੁੜੇ ਮਾਮਲੇ ਵਿਚ ਵੀ ਸਰਗਰਮ ਰਹੇ, ਜਿੱਥੇ ਸਾਲ 2000 ਵਿਚ 35 ਸਿੱਖ ਨਾਗਰਿਕਾਂ ਦੀ ਹੱਤਿਆ ਕੀਤੀ ਗਈ ਸੀ। ਇਸ ਇਲਾਕੇ ਵਿਚ ਬਾਅਦ ਵਿੱਚ ਇੱਕ ਕੇਂਦਰੀ ਡਿਗਰੀ ਕਾਲਜ ਨੂੰ ਮਨਜ਼ੂਰੀ ਦਿੱਤੀ ਗਈ, ਜੋ ਹੁਣ ਚੱਲ ਰਿਹਾ ਹੈ। ਲੋਕ ਜਨਸ਼ਕਤੀ ਪਾਰਟੀ (ਰਾਮ ਵਿਲਾਸ) ਵਿਚ ਸ਼ਾਮਲ ਹੋਣ ਨਾਲ ਸੁੱਖਮਿੰਦਰਪਾਲ ਸਿੰਘ ਗਰੇਵਾਲ ਭੂਖੜੀ ਕਲਾਂ ਦੇ ਲੰਮੇ ਜਨਤਕ ਅਤੇ ਸਿਆਸੀ ਸਫ਼ਰ ਵਿਚ ਇਕ ਨਵੇਂ ਅਧਿਆਇ ਦੀ ਸ਼ੁਰੂਆਤ ਹੋਈ ਹੈ। ਪੰਜਾਬ ਵਿਚ ਜ਼ਮੀਨੀ ਪੱਧਰ ’ਤੇ ਦਹਾਕਿਆਂ ਦੇ ਜਨਤਕ ਤਜਰਬੇ, ਜਥੇਬੰਦਕ ਤਜਰਬੇ ਅਤੇ ਕਿਸਾਨਾਂ, ਪੇਂਡੂ ਭਾਈਚਾਰੇ, ਨੌਜਵਾਨਾਂ ਅਤੇ ਸਮਾਜਿਕ ਮੁੱਦਿਆਂ ਨਾਲ ਲਗਾਤਾਰ ਜੁੜੇ ਰਹਿਣ ਦੇ ਤਜਰਬੇ ਨਾਲ ਹੁਣ ਉਨ੍ਹਾਂ ਨੇ ਲੋਕ ਜਨਸ਼ਕਤੀ ਪਾਰਟੀ ਦੇ ਮੰਚ ਤੋਂ ਆਪਣੀ ਸਿਆਸੀ ਅਤੇ ਸਮਾਜਿਕ ਸੇਵਾ ਨੂੰ ਅੱਗੇ ਵਧਾਉਣ ਦੀ ਨਵੀਂ ਸ਼ੁਰੂਆਤ ਕੀਤੀ ਹੈ। ਮੈਂਬਰਸ਼ਿਪ ਹਾਸਲ ਕਰਨ ਦਾ ਇਹ ਸਮਾਗਮ ਨਵੀਂ ਦਿੱਲੀ ਸਥਿਤ ਲੋਕ ਜਨਸ਼ਕਤੀ ਪਾਰਟੀ ਦੇ ਕੇਂਦਰੀ ਦਫ਼ਤਰ ਵਿਖੇ ਪਾਰਟੀ ਦੀ ਕੌਮੀ ਲੀਡਰਸ਼ਿਪ ਦੀ ਮੌਜੂਦਗੀ ਵਿਚ ਹੋਇਆ। ਇਸ ਨਵੀਂ ਸ਼ੁਰੂਆਤ ਦੇ ਨਾਲ ਸੁੱਖਮਿੰਦਰਪਾਲ ਸਿੰਘ ਗਰੇਵਾਲ ਭੂਖੜੀ ਕਲਾਂ ਨੇ ਲੋਕ ਜਨਸ਼ਕਤੀ ਪਾਰਟੀ ਨਾਲ ਆਪਣੇ ਜਨਤਕ ਅਤੇ ਸਿਆਸੀ ਸਫ਼ਰ ਦੇ ਇੱਕ ਨਵੇਂ ਅਧਿਆਇ ਦੀ ਸ਼ੁਰੂਆਤ ਕੀਤੀ ਹੈ।